ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ

ਚੰਡੀਗੜ੍ਹ ਸੰਸਕਰਣ
CHANDIGARH EDITION

Email - deshpardeshchd@gmail.com

ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ

Des Pardes

ਚੰਡੀਗੜ੍ਹ 'ਚ ਹੋਵੇਗੀ ਆਲ ਇੰਡੀਆ ਮੇਅਰ ਕਾਨਫਰੰਸ : ਸ਼ੋਰਭ ਜੋਸ਼ੀ 03

ਸਾਲ 2, ਅੰਕ 5 Ph (Mohali Office) : 0160-2990739; (M) : +91-98156-16078 ਸੋਮਵਾਰ, 5 ਅਕਤੂਬਰ 2026 (19 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਏਸ਼ੀਆਈ ਖੇਡਾਂ 2026 ਦੀ ਸਮਾਪਤੀ: ਮੇਜ਼ਬਾਨੀ ਦੇ ਅਧਿਕਾਰ ਕਤਰ ਨੂੰ ਸੌਂਪੇ

ਭਾਰਤ 21 ਸੋਨ ਤਗਮਿਆਂ ਅਤੇ ਕੁੱਲ 85 ਤਗਮਿਆਂ ਨਾਲ ਚੌਥੇ ਸਥਾਨ 'ਤੇ ਰਿਹਾ

ਦੇਸ਼ ਪ੍ਰਦੇਸ਼ ਆਈਚੀ-ਨਾਗੋਯਾ, 4 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਆਈਚੀ-ਨਾਗੋਯਾ ਏਸ਼ੀਆਈ ਖੇਡਾਂ ਦਾ ਸਮਾਪਤੀ ਸਮਾਰੋਹ ਸੰਪੰਨ ਹੋ ਗਿਆ ਹੈ। ਨਾਗੋਯਾ ਵਿੱਚ ਆਯੋਜਿਤ ਇਸ ਸਮਾਰੋਹ ਦੇ ਨਾਲ ਹੀ 16 ਦਿਨਾਂ ਤੱਕ ਚੱਲੀਆਂ ਏਸ਼ੀਆਈ ਖੇਡਾਂ ਅਧਿਕਾਰਤ ਤੌਰ 'ਤੇ ਸਮਾਪਤ ਹੋ ਗਈਆਂ। ਭਾਰਤੀ ਦਲ ਦੀ ਮਹਿਲਾ ਝੰਡਾ-ਬਰਦਾਰ, ਨਿਸ਼ਾਨੇਬਾਜ਼ ਨੀਰੂ ਢਾਂਡਾ, ਤਿਰੰਗਾ ਲੈ ਕੇ ਸਮਾਰੋਹ ਵਿੱਚ ਪਹੁੰਚੀ। ਉਹ ਪੂਰੇ ਉਤਸ਼ਾਹ ਨਾਲ ਝੰਡਾ ਲਹਿਰਾਉਂਦੀ ਨਜ਼ਰ ਆਈ ਅਤੇ ਉਸਦੇ ਚਿਹਰੇ 'ਤੇ ਖੁਸ਼ੀ ਸਾਫ਼ ਝਲਕ ਰਹੀ ਸੀ।

ਇਹ ਏਸ਼ੀਆਡ ਨੀਰੂ ਲਈ ਬਹੁਤ ਯਾਦਗਾਰ ਰਿਹਾ; ਉਸਨੇ ਦੋ ਸੋਨ ਤਗਮੇ ਅਤੇ ਇੱਕ ਚਾਂਦੀ ਦਾ ਤਗਮਾ ਜਿੱਤਿਆ। ਉਸਨੇ ਆਪਣਾ ਤੀਜਾ ਤਗਮਾ—ਇੱਕ ਸੋਨ ਤਗਮਾ—ਕਾਇਨਾਨ ਚੇਨਈ ਦੇ ਨਾਲ ਮਿਲ ਕੇ 'ਟ੍ਰੈਪ ਮਿਕਸਡ ਟੀਮ ਈਵੈਂਟ' ਵਿੱਚ ਜਿੱਤਿਆ। ਹਾਲਾਂਕਿ ਉਹ ਆਪਣੇ ਮੁਕਾਬਲਿਆਂ ਤੋਂ ਬਾਅਦ ਭਾਰਤ ਪਰਤ ਗਈ ਸੀ, ਪਰ ਸਮਾਪਤੀ ਸਮਾਰੋਹ ਲਈ ਉਹ ਸ਼ਨੀਵਾਰ ਸਵੇਰੇ ਵਾਪਸ ਨਾਗੋਯਾ ਪਹੁੰਚੀ।

ਝੰਡਾ-ਬਰਦਾਰ ਤੋਂ ਬਾਅਦ, ਖਿਡਾਰੀ ਸਮਾਪਤੀ ਸਮਾਰੋਹ ਵਿੱਚ ਪਹੁੰਚੇ। ਪਿਛਲੇ ਦੋ ਹਫ਼ਤਿਆਂ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਇਹ ਸਿਤਾਰੇ ਆਪਣੀਆਂ ਪ੍ਰਾਪਤੀਆਂ 'ਤੇ ਮਾਣ ਮਹਿਸੂਸ ਕਰਦੇ ਹੋਏ ਨਾਗੋਯਾ ਨੂੰ ਅਲਵਿਦਾ ਕਹਿੰਦੇ ਨਜ਼ਰ ਆਏ। ਭਾਰਤੀ ਦਲ ਵੀ ਸਮਾਪਤੀ ਸਮਾਰੋਹ ਵਿੱਚ ਪਹੁੰਚਿਆ ਅਤੇ ਮੁੱਖ ਮੰਚ 'ਤੇ ਝੰਡਾ-ਬਰਦਾਰ ਨੀਰੂ ਢਾਂਡਾ ਨਾਲ ਸ਼ਾਮਲ ਹੋਇਆ; ਟੀਮ ਆਪਣੇ ਪ੍ਰਦਰਸ਼ਨ ਤੋਂ ਬਹੁਤ ਖੁਸ਼ ਨਜ਼ਰ ਆ ਰਹੀ ਸੀ। ਸ਼ੁਰੂ ਵਿੱਚ, ਕੁਝ ਹੀ ਖਿਡਾਰੀ—ਜ਼ਿਆਦਾਤਰ ਸਹਾਇਕ ਸਟਾਫ—ਦਿਖਾਈ ਦਿੱਤੇ, ਪਰ ਹੌਲੀ-ਹੌਲੀ ਭਾਰਤੀ ਖਿਡਾਰੀ ਵੀ ਨਜ਼ਰ ਆਉਣ ਲੱਗੇ। ਬਹੁਤ ਸਾਰੇ ਖਿਡਾਰੀ ਸਮਾਪਤੀ ਸਮਾਰੋਹ ਤੋਂ ਪਹਿਲਾਂ ਹੀ ਘਰ ਪਰਤ ਚੁੱਕੇ ਸਨ; ਖਾਸ ਤੌਰ 'ਤੇ, ਭਾਰਤੀ ਮਹਿਲਾ ਹਾਕੀ ਟੀਮ ਐਤਵਾਰ ਨੂੰ ਹੀ ਭਾਰਤ ਪਰਤ ਗਈ ਸੀ।

ਭਾਰਤ 21 ਸੋਨ ਤਗਮਿਆਂ ਅਤੇ ਕੁੱਲ 85 ਤਗਮਿਆਂ ਨਾਲ ਚੌਥੇ ਸਥਾਨ 'ਤੇ ਰਿਹਾ

ਭਾਰਤ ਨੇ ਸ਼ਨੀਵਾਰ ਨੂੰ ਪੁਰਸ਼ ਹਾਕੀ ਫਾਈਨਲ ਵਿੱਚ ਮਲੇਸ਼ੀਆ ਨੂੰ 5-1 ਨਾਲ ਹਰਾ ਕੇ ਸੋਨ ਤਗਮਾ ਜਿੱਤਿਆ। ਇਸ ਜਿੱਤ ਨਾਲ ਭਾਰਤ ਦੀ ਕੁੱਲ ਤਗਮਾ ਗਿਣਤੀ 85 ਤੱਕ ਪਹੁੰਚ ਗਈ, ਜਿਸ ਵਿੱਚ 21 ਸੋਨ ਤਗਮੇ ਸ਼ਾਮਲ ਹਨ। ਭਾਰਤ ਨੇ 27 ਚਾਂਦੀ ਅਤੇ 37 ਕਾਂਸੀ ਦੇ ਤਗਮੇ ਵੀ ਜਿੱਤੇ। ਇਸ ਪ੍ਰਦਰਸ਼ਨ ਨੇ ਭਾਰਤੀ ਦਲ ਨੂੰ ਤਗਮਾ ਸੂਚੀ ਵਿੱਚ ਚੌਥੇ ਸਥਾਨ 'ਤੇ ਪਹੁੰਚਾਇਆ, ਜੋ ਕਿ ਏਸ਼ੀਆਈ ਖੇਡਾਂ ਵਿੱਚ ਲਗਾਤਾਰ ਚੋਟੀ ਦੇ ਪੰਜ ਸਥਾਨਾਂ ਵਿੱਚ ਸ਼ਾਮਲ ਹੋਣ ਦਾ ਇੱਕ ਹੋਰ ਉਦਾਹਰਣ ਹੈ।

ਬਾਕੀ ਸਫ਼ਾ 7 'ਤੇ

ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਉੱਧਵ-ਰਾਜ ਠਾਕਰੇ ਅਤੇ ਐਨਸੀਪੀ ਦਾ ਸਾਂਝਾ ਰੋਸ ਮਾਰਚ

ਦੇਸ਼ ਪ੍ਰਦੇਸ਼ ਮੁੰਬਈ, 4 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਮਹਾਰਾਸ਼ਟਰ ਦੀ ਰਾਜਨੀਤੀ ਵਿੱਚ ਅੱਜ ਇੱਕ ਮਹੱਤਵਪੂਰਨ ਘਟਨਾ ਵਾਪਰੀ, ਜਦੋਂ ਸ਼ਿਵ ਸੈਨਾ ਦੇ ਮੁਖੀ ਉੱਧਵ ਠਾਕਰੇ ਅਤੇ ਮਹਾਰਾਸ਼ਟਰ ਨਵਨਿਰਮਾਣ ਸੈਨਾ ਦੇ ਮੁਖੀ ਰਾਜ ਠਾਕਰੇ ਨੇ ਲੰਬੇ ਸਮੇਂ ਬਾਅਦ ਇਕੱਠੇ ਹੋ ਕੇ ਮੁੰਬਈ ਵਿੱਚ ਚੋਣ ਕਮਿਸ਼ਨ ਵਿਰੁੱਧ ਰੋਸ ਮਾਰਚ ਦੀ ਅਗਵਾਈ ਕੀਤੀ। ਇਸ ਮਾਰਚ ਦਾ ਨਾਮ 'ਵਿਰਾਟ ਗਰਜਨਾ ਮੋਰਚਾ' ਰੱਖਿਆ ਗਿਆ। ਮੁੱਖ ਮੰਗ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ/ਹਟਾਉਣ ਅਤੇ ਮਹਾਰਾਸ਼ਟਰ ਵਿੱਚ ਚੱਲ ਰਹੀ ਐਸਆਈਆਰ ਨੂੰ ਰੱਦ ਕਰਨ ਦੀ ਹੈ। ਮਾਰਚ ਮੁੰਬਈ ਦੇ ਮੈਟਰੋ ਸਿਨੇਮਾ ਤੋਂ ਸ਼ੁਰੂ ਹੋ ਕੇ ਬੀਐਮਸੀ ਮੁੱਖ ਦਫ਼ਤਰ ਤੱਕ ਪਹੁੰਚਿਆ। ਇਸ ਵਿੱਚ ਸ਼ਿਵ ਸੈਨਾ (ਯੂਬੀਟੀ) ਅਤੇ ਐਮਐਨਐਲਐਸ ਤੋਂ ਇਲਾਵਾ ਕਾਂਗਰਸ ਅਤੇ ਐਨਸੀਪੀ ਦੇ ਆਗੂ ਵੀ ਸ਼ਾਮਲ ਹੋਏ। ਆਯੋਜਕਾਂ ਨੇ ਪਾਰਟੀ ਦੇ ਝੰਡਿਆਂ ਦੀ ਥਾਂ ਲੋਕਾਂ ਨੂੰ ਸਿਰਫ਼ ਤਿਰੰਗਾ ਲਿਆਉਣ ਲਈ ਕਿਹਾ, ਤਾਂ ਜੋ ਪ੍ਰਦਰਸ਼ਨ ਨੂੰ ਕਿਸੇ ਇੱਕ ਪਾਰਟੀ ਦੀ ਬਜਾਏ ਚੋਣ ਪ੍ਰਕਿਰਿਆ ਨਾਲ ਜੁੜੇ ਮੁੱਦੇ ਵਜੋਂ ਪੇਸ਼ ਕੀਤਾ ਜਾ ਸਕੇ। ਇਸ ਵਿਵਾਦ ਦਾ ਕੇਂਦਰ ਐਸਆਈਆਰ ਹੈ। ਇਸ ਪ੍ਰਕਿਰਿਆ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਜਾਂਚ ਕੀਤੀ ਜਾ ਰਹੀ ਹੈ। ਮਹਾਰਾਸ਼ਟਰ ਵਿੱਚ ਐਸਆਈਆਰ ਤੋਂ ਬਾਅਦ ਤਿਆਰ ਕੀਤੇ ਡਰਾਫਟ ਵੋਟਰ ਰੋਲ ਵਿੱਚ ਪਹਿਲਾਂ ਦੇ ਲਗਭਗ 9.78 ਕਰੋੜ ਵੋਟਰਾਂ ਵਿੱਚੋਂ 2.06 ਕਰੋੜ ਤੋਂ ਵੱਧ ਨਾਮ ਸ਼ਾਮਲ ਨਹੀਂ ਹੋਏ। ਅਧਿਕਾਰੀਆਂ ਅਨੁਸਾਰ ਇਹ ਲੋਕ ਮੁੱਖ ਤੌਰ 'ਤੇ ਇਸ ਲਈ ਡਰਾਫਟ ਵਿੱਚ ਨਹੀਂ ਆਏ ਕਿਉਂਕਿ ਉਨ੍ਹਾਂ ਦੇ ਇਨਿਯੂਰੇਸ਼ਨ ਫਾਰਮ ਇਕੱਠੇ ਨਹੀਂ ਹੋ ਸਕੇ—ਜਿਵੇਂ ਵਿਅਕਤੀ ਦਾ ਨਾ ਮਿਲਣਾ, ਮੌਤ ਜਾਂ ਪਤਾ ਬਦਲਣਾ। ਇੱਥੇ ਇੱਕ ਮਹੱਤਵਪੂਰਨ ਗੱਲ ਹੈ: 2.06 ਕਰੋੜ ਨਾਮ ਡਰਾਫਟ ਵਿੱਚ ਨਾ ਹੋਣ ਦਾ ਅਰਥ ਆਪਣੇ ਆਪ ਇਹ ਨਹੀਂ ਕਿ 2.06 ਕਰੋੜ ਵੋਟਰਾਂ ਨੂੰ ਅੰਤਿਮ ਤੌਰ 'ਤੇ ਵੋਟਰ ਸੂਚੀ ਵਿੱਚੋਂ ਕੱਢ ਦਿੱਤਾ ਗਿਆ ਹੈ। ਚੋਣ ਕਮਿਸ਼ਨ ਨੇ ਕਿਹਾ ਹੈ ਕਿ ਜਿਨ੍ਹਾਂ ਦੇ ਨਾਮ ਡਰਾਫਟ ਵਿੱਚ ਨਹੀਂ ਹਨ, ਉਨ੍ਹਾਂ ਲਈ ਦਾਅਵੇ ਅਤੇ ਇਤਰਾਜ਼ ਦੀ ਪ੍ਰਕਿਰਿਆ ਮੌਜੂਦ

ਬਾਕੀ ਸਫ਼ਾ 7 'ਤੇ

ਪੰਜਾਬ ਸੜ ਰਿਹਾ ਹੈ ਅਤੇ ਮੁੱਖ ਮੰਤਰੀ ਚੁਟਕਲੇ ਸੁਣਾਉਣ ਵਿੱਚ ਰੁੱਝੇ : ਕੇਵਲ ਸਿੰਘ ਢਿੱਲੋਂ

ਦੇਸ਼ ਪ੍ਰਦੇਸ਼ ਚੰਡੀਗੜ੍ਹ, 4 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ। ਦਿਨ-ਦਿਹਾੜੇ ਕਤਲ ਹੋ ਰਹੇ ਹਨ। ਅਪਰਾਧੀ ਬੇਖੌਫ਼ ਘੁੰਮ ਰਹੇ ਹਨ; ਪੰਜਾਬ ਸੜ ਰਿਹਾ ਹੈ, ਜਦਕਿ ਮੁੱਖ ਮੰਤਰੀ ਚੁਟਕਲੇ ਸੁਣਾਉਣ ਵਿੱਚ ਰੁੱਝੇ ਹੋਏ ਹਨ। ਇਹ ਟਿੱਪਣੀਆਂ ਪੰਜਾਬ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕੀਤੀਆਂ। ਉਨ੍ਹਾਂ ਕਿਹਾ ਕਿ ਸ਼ਨੀਵਾਰ ਨੂੰ ਇੱਕੋ ਦਿਨ ਵਾਪਰੀਆਂ ਕਤਲ ਦੀਆਂ ਤਿੰਨ ਘਟਨਾਵਾਂ ਨੇ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਭਿਆਨਕ ਹਕੀਕਤ ਨੂੰ ਉਜਾਗਰ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਦੇ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹੇ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਸੋਸ਼ਲ ਮੀਡੀਆ ਇਨਫਲੂਐਂਸਰ ਮੈਡ ਸੰਧੂ ਦਾ ਦਿਨ-ਦਿਹਾੜੇ ਕਤਲ, ਲੁਧਿਆਣਾ ਦੀ ਉਹ ਘਟਨਾ ਜਿਸ ਵਿੱਚ ਇੱਕ ਸਾਬਕਾ ਸਰਪੰਚ ਸਮੇਤ ਦੋ ਵਿਅਕਤੀਆਂ ਨੂੰ ਕਾਰ ਦੇ ਅੰਦਰ ਗੋਲੀ ਮਾਰ ਕੇ ਮਾਰ ਦਿੱਤਾ ਗਿਆ, ਅਤੇ ਖੰਡੂਰ ਸਾਹਿਬ ਵਿੱਚ ਐਸ.ਡੀ.ਐਮ. ਗੈਸਟ ਹਾਊਸ ਨੇੜੇ ਇੱਕ ਨੌਜਵਾਨ ਦਾ ਕਤਲ, ਇਹ ਸਾਬਤ ਕਰਨ ਲਈ ਕਾਫੀ ਹਨ ਕਿ ਪੰਜਾਬ ਵਿੱਚ ਅਪਰਾਧੀਆਂ ਨੂੰ ਹੁਣ ਕਾਨੂੰਨ ਦਾ ਕੋਈ ਡਰ ਨਹੀਂ ਰਿਹਾ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਪੁੱਛਿਆ ਕਿ ਕੀ ਉਹ ਇਨ੍ਹਾਂ ਕਤਲਾਂ ਦੀ ਜ਼ਿੰਮੇਵਾਰੀ ਲੈਣਗੇ। ਸਰਕਾਰ ਨੂੰ ਜਵਾਬ ਦੇਣਾ ਚਾਹੀਦਾ ਹੈ ਕਿ ਪੰਜਾਬ ਦੇ ਲੋਕਾਂ ਨੂੰ ਸੁਰੱਖਿਅਤ ਮਾਹੌਲ ਕਦੋਂ ਮਿਲੇਗਾ। ਉਨ੍ਹਾਂ ਕਿਹਾ ਕਿ ਇੱਕ ਪਾਸੇ ਮੁੱਖ ਮੰਤਰੀ ਭਗਵੰਤ ਮਾਨ ਦਾਅਵਾ ਕਰਦੇ ਹਨ ਕਿ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਇਆ ਜਾ ਰਿਹਾ ਹੈ, ਪਰ ਜਦੋਂ ਆਮ ਲੋਕ ਆਪਣੇ ਘਰਾਂ ਤੋਂ ਬਾਹਰ ਨਿਕਲਣ ਵੇਲੇ ਵੀ ਸੁਰੱਖਿਅਤ ਮਹਿਸੂਸ ਨਹੀਂ ਕਰਦੇ, ਤਾਂ ਸਰਕਾਰ ਕਿਸ ਤਰ੍ਹਾਂ ਦੀ ਕਾਨੂੰਨ-ਵਿਵਸਥਾ ਦੀ ਗੱਲ ਕਰ ਰਹੀ ਹੈ? ਢਿੱਲੋਂ ਨੇ ਕਿਹਾ ਕਿ ਪੰਜਾਬ ਕਦੇ ਆਪਣੀ ਸ਼ਾਂਤੀ, ਭਾਈਚਾਰੇ ਅਤੇ ਬਹਾਦਰੀ ਲਈ ਜਾਣਿਆ ਜਾਂਦਾ ਸੀ, ਪਰ ਮੌਜੂਦਾ ਸਰਕਾਰ ਦੀ ਅਸਫਲਤਾ ਕਾਰਨ ਸੂਬੇ ਵਿੱਚ ਅਪਰਾਧ ਅਤੇ ਨਸ਼ਿਆਂ ਦਾ ਸੰਕਟ ਡੂੰਘਾ ਹੁੰਦਾ ਜਾ ਰਿਹਾ ਹੈ।

ਪੰਜਾਬ ਵਿੱਚ ਬੇਖੌਫ਼ ਘੁੰਮ ਰਹੇ ਅਪਰਾਧੀਆਂ ਦੀ ਜ਼ਿੰਮੇਵਾਰੀ ਕਿਸਦੀ? : ਕੇਵਲ ਸਿੰਘ ਢਿੱਲੋਂ

ਖਾਨਪੁਰ 'ਚ ਅਕਾਲੀ ਦਲ ਦਾ ਵੱਡਾ ਸਿਆਸੀ ਧਮਾਕਾ: 'ਪੰਜਾਬ ਬਚਾਓ' ਰੈਲੀ 'ਚ ਗਰਜੇ ਸੁਖਬੀਰ ਬਾਦਲ, 2027 ਦੀਆਂ ਚੋਣਾਂ ਲਈ ਵਿੱਢਿਆ ਆਗਾਜ਼

ਦੇਸ਼ ਪ੍ਰਦੇਸ਼ ਖਾਨਪੁਰ/ਅਹਿਮਦਗੜ੍ਹ 4 ਅਕਤੂਬਰ (ਕਮਲ ਅਰੋੜਾ/ਵਰਿੰਦਰ ਗਿੱਲ) : 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਿਧਾਨ ਸਭਾ ਹਲਕਾ ਅਮਰਗੜ੍ਹ ਦੀ ਸਿਆਸਤ ਵਿੱਚ ਉਸ ਵੇਲੇ ਵੱਡਾ ਭੂਚਾਲ ਆ ਗਿਆ, ਜਦੋਂ ਖਾਨਪੁਰ ਦੀ ਦਾਣਾ ਮੰਡੀ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਯੋਜਿਤ 'ਪੰਜਾਬ ਬਚਾਓ' ਰੈਲੀ ਵਿੱਚ ਵਰਕਰਾਂ ਦਾ ਇੱਕ ਅਥਾਹ ਸਮੁੰਦਰ ਠਾਠਾਂ ਮਾਰਦਾ ਨਜ਼ਰ ਆਇਆ। ਅਮਰਗੜ੍ਹ ਤੋਂ ਅਕਾਲੀ ਦਲ ਦੇ ਮੁੱਖ ਸੇਵਾਦਾਰ ਜੱਸੀ ਮੰਨਵੀ ਦੀ ਅਗਵਾਈ ਹੇਠ ਹੋਏ ਇਸ ਵਿਸ਼ਾਲ ਇਕੱਠ ਵਿੱਚ ਹਲਕੇ ਦੇ ਕੋਨੇ-ਕੋਨੇ ਤੋਂ ਅਕਾਲੀ ਵਰਕਰ ਟਰੈਕਟਰ-ਟਰਾਲੀਆਂ, ਬੱਸਾਂ ਅਤੇ ਨਿੱਜੀ ਵਾਹਨਾਂ ਦੇ ਕਾਫ਼ਲਿਆਂ ਦੇ ਰੂਪ ਵਿੱਚ ਪਹੁੰਚੇ, ਜਿਸ ਨੇ ਵਿਰੋਧੀ ਧਿਰਾਂ ਦੇ ਪਸੀਨੇ ਛੁਡਾ ਦਿੱਤੇ। ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਸਿੱਧੇ ਅਤੇ ਤਿੱਖੇ ਸ਼ਬਦੀ ਤੀਰ ਛੱਡੇ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇਸ ਵੇਲੇ ਇੱਕ ਮਜ਼ਬੂਤ, ਅਨੁਭਵੀ ਅਤੇ ਸਥਿਰ ਸਰਕਾਰ ਦੀ ਲੋੜ ਹੈ, ਜਦਕਿ ਮੌਜੂਦਾ 'ਆਪ' ਸਰਕਾਰ ਸਿਰਫ਼ ਇਸ਼ਤਿਹਾਰਬਾਜ਼ੀ ਅਤੇ ਝੂਠੇ ਪ੍ਰਚਾਰ ਸਿਰ 'ਤੇ ਚੱਲ ਰਹੀ ਹੈ। ਬਾਦਲ ਨੇ ਦੋਸ਼ ਲਾਇਆ ਕਿ ਸੀ.ਐੱਮ. ਭਗਵੰਤ ਮਾਨ ਦੀ ਛਵੀ ਚਮਕਾਉਣ ਲਈ ਸਰਕਾਰੀ ਖਜ਼ਾਨੇ 'ਚੋਂ 500 ਕਰੋੜ ਰੁਪਏ ਖਰਚੇ ਜਾ ਰਹੇ ਹਨ, ਜਦਕਿ ਸਰਕਾਰ ਹੁਣ ਤੱਕ ਕੁੱਲ 6,000 ਕਰੋੜ ਰੁਪਏ ਕੇਵਲ ਪ੍ਰਚਾਰ 'ਤੇ ਰੋੜ੍ਹ ਚੁੱਕੀ ਹੈ। ਸੁਖਬੀਰ ਬਾਦਲ ਨੇ 'ਵਾਰਿਸ ਪੰਜਾਬ ਦੇ' ਅਤੇ ਇਕਬਾਲ ਸਿੰਘ ਝੂੰਦਾ ਨਾਲ ਜੁੜੀ ਸਿਆਸੀ ਧਾਰਾ 'ਤੇ ਹਮਲਾ ਬੋਲਦਿਆਂ ਕਿਹਾ ਕਿ ਕੁਝ ਤਾਕਤਾਂ ਪੰਥਕ ਵੋਟਾਂ ਨੂੰ ਵੰਡ ਕੇ ਪੰਜਾਬ ਦਾ ਨੁਕਸਾਨ ਕਰਨਾ ਚਾਹੁੰਦੀਆਂ ਹਨ। ਦੱਸਣਯੋਗ ਹੈ ਕਿ ਅਮਰਗੜ੍ਹ ਹਲਕੇ ਵਿੱਚ ਇਕਬਾਲ ਸਿੰਘ ਝੂੰਦਾ ਦਾ ਪੁਰਾਣਾ ਰਾਜਨੀਤਿਕ ਆਧਾਰ ਹੈ ਅਤੇ ਮੌਜੂਦਾ 'ਆਪ' ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਦੀ ਸਰਗਰਮੀ ਕਾਰਨ ਇਹ ਹਲਕਾ ਪਹਿਲਾਂ ਹੀ ਭਖਵੇਂ ਮੁਕਾਬਲੇ ਦਾ ਕੇਂਦਰ ਬਣਿਆ ਹੋਇਆ ਹੈ। ਅਜਿਹੇ

ਬਾਕੀ ਸਫ਼ਾ 7 'ਤੇ

ਹਾੜੀ ਦੀਆਂ ਫਸਲਾਂ ਦੀਆਂ ਕੀਮਤਾਂ 'ਚ ਕੀਤੇ ਵਾਧੇ ਨੂੰ ਕਿਸਾਨ ਆਗੂਆਂ ਨੇ ਦੱਸਿਆ ਕੋਝਾ ਮਜ਼ਾਕ

ਦੇਸ਼ ਪ੍ਰਦੇਸ਼ ਬਠਿੰਡਾ, 4 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਕੇਂਦਰ ਸਰਕਾਰ ਵੱਲੋਂ ਇਸ ਵਾਰ ਹਾੜੀ ਦੀਆਂ ਫਸਲਾਂ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਵਿਚ ਕਣਕ ਦੇ ਭਾਅ ਨੂੰ 25 ਰੁਪਏ (25 ਪੈਸੇ ਕਿੱਲੋ,,ਪ੍ਰਤੀ ਕੁਇੰਟਲ ਜੋ ਕਿ ਇੱਕ ਪ੍ਰਤੀਸ਼ਤ ਤੋਂ ਵੀ ਘੱਟ ਹੈ)ਦੇ ਕੀਤੇ ਵਾਧੇ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਅਤੇ ਸੂਬਾ ਸਕੱਤਰ ਸਿੰਗਾਰਾ ਸਿੰਘ ਮਾਨ ਨੇ ਕੋਝਾ ਮਜ਼ਾਕ ਦੱਸਿਆ ਉਨ੍ਹਾਂ ਕਿਹਾ ਕਿ ਇਹ ਨਾ ਮਾਤਰ ਕੀਤਾ ਵਾਧਾ ਭਾਰਤ ਦੇ ਕਿਸਾਨਾਂ ਨੂੰ ਖੇਤੀ ਚੋਂ ਬਾਹਰ ਕਰਨ ਅਤੇ ਭਾਰਤ ਅਮਰੀਕਾ ਵਪਾਰ ਸਮਝੌਤਾ ਲਾਗੂ ਕਰਕੇ ਅਮਰੀਕਾ ਦਾ ਅਨਾਜ ਭਾਰਤ ਦੀਆਂ ਮੰਡੀਆਂ ਵਿੱਚ ਵੇਚਣ ਦੀ ਖੁੱਲ ਦੇਣ ਦੀ ਨੀਤੀ ਹੈ ਜਿਸ ਨਾਲ ਭਾਰਤੀ ਮੀਡੀਆ ਤੇ ਕਬਜ਼ਾ ਕਰ ਕੇ ਮੰਡੀਆਂ ਦਾ ਖਾਤਮਾ ਹੋ ਜਾਵੇਗਾ। ਉਨ੍ਹਾ ਕਿਹਾ ਕਿ ਖੇਤੀ ਲਈ ਖਾਦਾਂ ਤੇ ਹੋਰ ਵਸਤਾਂ ਅਤੇ ਘਰੇਲੂ ਵਸਤਾਂ ਦੀਆਂ ਕੀਮਤਾਂ ਵਿੱਚ ਅਥਾਹ ਵਾਧਾ ਹੋ ਚੁੱਕਿਆ ਹੈ ਜੋ (ਮਹਿੰਗਾਈ ਦਰ ਲੱਗ ਭੱਗ 8% ਵਾਧਾ ਨੋਟ ਹੋ ਚੁੱਕਾ ਹੈ)ਜਿਸ ਕਾਰਨ ਕਿਸਾਨ ਮਜ਼ਦੂਰ ਤੇ ਹੋਰ ਗਰੀਬ ਲੋਕ ਆਰਥਿਕ ਤੰਗੀਆਂ ਨਾਲ ਜੂਝ ਰਹੇ ਹਨ ਤੇ ਕਰਜੇ ਵਿੱਚ ਜਕੜੇ ਪਏ ਹਨ। ਉਨ੍ਹਾਂ ਕਿਹਾ ਕਿ ਕਣਕ ਦੇ ਭਾਅ ਵਿੱਚ ਇਸ ਨਾ ਮਾਤਰ ਕੀਤੇ ਵਾਧੇ ਨਾਲ ਕਿਸਾਨਾਂ ਸਿਰ ਕਰਜੇ ਦੀ ਪੰਡ ਹੋਰ ਭਾ

ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਡੀ ਸੀ ਦਫਤਰ ਦਾ ਘਿਰਾਓ ਅੱਜ

ਪਟਿਆਲਾ 5 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਵਲੋਂ ਕਿਸਾਨੀ ਮੰਗਾਂ ਪ੍ਰਤੀ ਧਾਰੀ ਸਾਜਿਸ਼ੀ ਚੁੱਪ ਦਾ ਗੰਭੀਰ ਨੋਟਿਸ ਲੈਂਦੇ ਹੋਏ 5 ਅਕਤੂਬਰ 26 ਨੂੰ ਜਿਲਿਆ ਦੇ ਡਿਪਟੀ ਕਮਿਸ਼ਨਰਾਂ ਦੇ ਘਿਰਾਓ ਦਾ ਐਲਾਨ ਕੀਤਾ ਹੈ। ਇਸ ਸਬੰਧੀ ਅੱਜ ਢੈਂਠਲ ਸਾਹਿਬ ਗੁਰਦੁਆਰਾ ਵਿਖੇ ਜਗਦੀਪ ਸਿੰਘ ਛੰਨਾ ਦੀ ਅਗਵਾਈ ਹੇਠ ਮੀਟਿੰਗ ਹੋਈ। ਜਿਸ ਵਿੱਚ ਜਿਲਾ ਬਲਾਕ ਆਗੂਆਂ ਨੇ ਹਿੱਸਾ ਲਿਆ। ਸੁਖਮਿੰਦਰ ਸਿੰਘ ਜਨਰਲ ਸਕੱਤਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਤੇ ਭਗਵੰਤ ਮਾਨ ਸਰਕਾਰ ਵੱਲੋਂ ਮੰਗਾਂ ਮੰਨਣ ਦੀ ਥਾਂ ਸਮਾਂ ਲੰਘਾਇਆ ਜਾ ਰਿਹਾ ਹੈ। ਜਿੱਥੇ ਮੋਦੀ ਸਰਕਾਰ ਐਮ.ਐਸ.ਪੀ. ਦੀ ਗਰੰਟੀ ਕਾਨੂੰਨ ਨਾ ਬਣਾ ਕੇ, ਬਿਜਲੀ ਬਿੱਲ, ਬੀਜ ਬਿੱਲ, ਮਨਰੇਗਾ ਦੀ ਥਾਂ ਜੀ ਰਾਮ ਜੀ, ਸਕੀਮ ਲਿਆ ਕੇ ਕਿਰਤੀ ਲੋਕਾਂ ਦੇ ਹੱਕਾਂ ਤੇ ਛਾਪਾ ਮਾਰ ਰਹੀ ਹੈ। ਕਾਲੇ ਕਾਨੂੰਨ ਤੇ ਕਿਰਤ ਕੋਡ ਲਾਗੂ ਕਰਕੇ ਲੜਦੇ ਲੋਕਾਂ ਦੀ ਸੰਘੀ ਨਪ ਰਹੀ ਹੈ ਉੱਥੇ ਪੰਜਾਬ ਸਰਕਾਰ ਵਲੋਂ ਫਸਲਾਂ ਤੇ ਹੜਾਂ ਦਾ ਮੁਆਵਜਾ ਦੇਣ, ਅਬਾਦਕਾਰਾਂ ਦੇ ਮਾਲਕੀ ਹੱਕ ਦੇਣ, ਕਰਜਾ ਮੁਆਫੀ ਖੇਤੀ ਨੀਤੀ ਬਣਾਉਣ ਸਬੰਧੀ ਖਾਮੋਸ਼ੀ ਧਾਰਨ ਕਰੀ ਬੈਠੀ ਹੈ। ਉੱਥੇ ਪੁਲਿਸ ਰਾਜ ਕਾਇਮ ਕਰਕੇ ਲੋਕਾਂ ਨੂੰ ਜ਼ੋਰ ਤੇ ਦੁਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪਹਿਲਾਂ ਵੀ 16 ਦਿਨਾਂ ਦਾ ਪੱਕਾ ਮੋਰਚਾ ਲਾਕੇ ਯੂਨੀਅਨ ਨੇ ਲੜਾਈ ਵਿੱਢੀ ਸੀ ਹੁਣ 5 ਅਕਤੂਬਰ ਨੂੰ ਵੱਡੀ ਲਾਮਬੰਦੀ ਕਰਕੇ ਡੀ.ਸੀ. ਦਫਤਰ ਪਟਿਆਲਾ ਦਾ ਘਿਰਾਓ ਕੀਤਾ ਜਾ ਰਿਹਾ ਹੈ। ਜਥੇਬੰਦੀ ਨੇ ਮੰਗ ਕੀਤੀ ਹੈ ਕਿ ਸਰਕਾਰ ਗੱਲਬਾਤ ਕਰਕੇ ਕਿਸਾਨੀ ਮੰਗਾਂ ਦਾ ਨਿਪਟਾਰਾ ਕਰੇ। ਜਥੇਬੰਦੀ ਨੇ ਇਹ ਵੀ ਮੰਗ ਕੀਤੀ ਹੈ ਕਿ ਜੀਰੀ ਦੀ ਸੁਚਾਰੂ ਖਰੀਦ ਦੀ ਗਰੰਟੀ ਕੀਤੀ ਜਾਵੇ ਤੇ ਪਰਾਲੀ ਦਾ ਯੋਗ ਨਿਪਟਾਰਾ ਕਰਨ ਲਈ ਕਦਮ ਚੁੱਕੇ ਜਾਣ। ਅੱਜ ਦੀ ਮੀਟਿੰਗ ਵਿੱਚ ਜਿਲਾ ਖਜਾਨਚੀ ਜਗਮੇਲ ਸਿੰਘ ਗਾਜੇਵਾਸ, ਸੰਗਠਨ ਸਕੱਤਰ ਬਲਰਾਜ ਜ਼ੋਸ਼ੀ, ਬਲਾਕ ਦੇ ਪ੍ਰਧਾਨ ਅਮਰੀਕ ਸਿੰਘ ਘੱਗਾ, ਪ੍ਰੇਮ ਲਲੋਛੀ, ਭਰਭੂਰ ਸਿੰਘ ਗਾਜੇਵਾਸ, ਹਰਦੀਪ ਸਿੰਘ ਡਰੌਲੀ, ਜ਼ਸਵਿੰਦਰ ਸਿੰਘ ਸਾਲੂਵਾਲ, ਅਵਤਾਰ ਸਿੰਘ ਫੱਗਣਮਾਜਰਾ, ਦਵਿੰਦਰ ਸਿੰਘ ਸੀਲ, ਅਵਤਾਰ ਸਿੰਘ ਬੁਰੜ, ਵਰਿੰਦਰ ਸਿੰਘ ਭੁੱਲਾ ਤੋਂ ਇਲਾਵਾ ਹੋਰ ਆਗੂ ਮੌਜੂਦ ਸਨ!

ਕਾਨੋਈ ਦੇ ਨੌਜਵਾਨ ਸੰਨੀ ਦਾ ਲਾਵਾਰਿਸਾਂ ਵਾਂਗ ਸੰਸਕਾਰ ਕਰਨ ਦੀ ਕਾਰਵਾਈ ਖ਼ਿਲਾਫ਼ ਜਥੇਬੰਦੀਆਂ ਵੱਲੋਂ ਅਰਥੀ ਫੂਕ ਮੁਜ਼ਾਹਰਾ

ਲੌਂਗੋਵਾਲ 4 ਅਕਤੂਬਰ (ਰਵੀ ਗਰਗ, ਹੈਪੀ ਸ਼ਰਮਾ)--- ਕਾਨੋਈ ਪਿੰਡ ਦੇ ਨੌਜਵਾਨ ਸਮਨਦੀਪ ਸਿੰਘ ਸੰਨੀ ਦੀ ਮੌਤ ਤੋਂ ਬਾਅਦ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਉਸਦਾ ਲਾਵਾਰਿਸ਼ਾਂ ਵਾਂਗ ਸੰਸਕਾਰ ਕਰਕੇ ਮਨੁੱਖੀ ਹੱਕਾਂ ਅਤੇ ਜਮਹੂਰੀ ਕਦਰਾਂ ਕੀਮਤਾਂ ਨੂੰ ਛਿੱਕੇ ਟੰਗਣ ਦੀ ਸਿਖਰਲੀ ਜਾਲਮਾਨਾ ਕਾਰਵਾਈ ਕੀਤੀ ਗਈ ਹੈ।ਇਸ ਗੈਰ ਮਨੁੱਖੀ, ਗੈਰ ਜਮਹੂਰੀ ਕਾਰਵਾਈ ਖਿਲਾਫ ਅੱਜ ਮਿਤੀ 4 ਅਕਤੂਬਰ ਨੂੰ ਸਵੇਰੇ ਖੂਹ ਕੋਲ, ਪੱਤੀ ਸੁਨਾਮੀ (ਲੌਂਗੋਵਾਲ) ਵਿਖੇ ਮਜ਼ਦੂਰ, ਕਿਸਾਨ, ਜਨਤਕ ਜਮਹੂਰੀ ਅਤੇ ਇਨਸਾਫ ਪਸੰਦ ਜੱਥੇਬੰਦੀਆਂ ਵੱਲੋਂ ਸਰਕਾਰ,ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਅਰਥੀ ਫੂਕ ਕੇ ਤਿੱਖੀ ਨਾਅਰੇਬਾਜ਼ੀ ਕੀਤੀ ਗਈ। ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਲਖਵੀਰ ਲੌਂਗੋਵਾਲ,ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਦੇ ਸੂਬਾ ਆਗੂ ਬਲਬੀਰ ਲੌਂਗੋਵਾਲ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਰਣਜੀਤ ਸਿੰਘ, ਬੂਟਾ ਸਿੰਘ, ਚਮਕੌਰ ਸਿੰਘ , ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਜੁਝਾਰ ਲੌਂਗੋਵਾਲ, ਇਕਾਈ ਮੁਖੀ ਮਾਸਟਰ ਬੀਰਬਲ ਸਿੰਘ, ਦੇਸ਼ ਭਗਤ ਯਾਦਗਾਰ ਹਾਲ ਦੇ ਅਨਿਲ ਸ਼ਰਮਾ, ਗੁਰਮੇਲ ਸਿੰਘ, ਭਗਤ ਸਿੰਘ ਰੇਹੜੀ ਯੂਨੀਅਨ ਦੇ ਚਰਨਾ ਸਿੰਘ , ਭਾਗ ਸਿੰਘ ਆਦਿ ਆਗੂਆਂ ਨੇ ਕਿਹਾ ਕਿ ਇੱਕ ਨੌਜਵਾਨ ਦੀ ਮੌਤ ਦਾ ਸੱਚ ਸਾਹਮਣੇ ਲਿਆਉਣ ਅਤੇ ਪਰਿਵਾਰ ਨੂੰ ਇਨਸਾਫ ਦੇਣ ਦੀ ਬਜਾਏ ਪ੍ਰਸ਼ਾਸਨ ਨੇ ਲਾਸ਼ ਨੂੰ ਹੀ ਲਾਵਾਰਿਸ਼ ਬਣਾ ਕੇ ਸਬੂਤ ਮਿਟਾਉਣ ਦੀ ਕੋਸ਼ਿਸ਼ ਕੀਤੀ ਹੈ।

ਇਹ ਸਿੱਧਾ ਸਿੱਧਾ ਸੰਵਿਧਾਨ ,ਲੋਕਤੰਤਰ ਅਤੇ ਮਨੁੱਖਤਾ ਦਾ ਘਾਣ ਹੈ। ਵੱਖ ਵੱਖ ਜਥੇਬੰਦਿਆਂ ਦੇ ਬੁਲਾਰਿਆਂ ਨੇ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦੀ ਸਿਖਰਲੀ ਜਾਲਮਾਨਾ ਕਾਰਵਾਈ ਦੀ ਸਖ਼ਤ ਨਿੰਦਿਆ ਕਰਦਿਆ ਕਿਹਾ ਸਮਨਦੀਪ ਸੰਨੀ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਵਿੱਚ ਲਾਵਾਰਿਸ਼ ਵਾਂਗ ਸੰਸਕਾਰ ਕਰਨ ਦੇ ਦੋਸ਼ੀ ਪੁਲਿਸ ਅਤੇ ਸਿਵਲ ਅਧਿਕਾਰੀਆਂ ਤੇ ਕਾਰਵਾਈ ਕੀਤੀ ਜਾਣ ਅਤੇ ਪੀੜਤ ਪਰਿਵਾਰ ਨੂੰ ਬਣਦਾ ਮੁਆਵਜ਼ਾ ਦੇਣ ਦੀ ਮੰਗ ਰੱਖੀ ਗਈ ਹੈ।ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਇਨਸਾਫ ਨਾ ਮਿਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ 7 ਅਕਤੂਬਰ ਦਿਨ ਬੁੱਧਵਾਰ ਸਵੇਰੇ 10.30 ਵਜੇ ਸੰਗਰੂਰ ਦੇ ਡੀ.ਸੀ. ਦਫਤਰ ਅੱਗੇ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ ਜਿਸ ਵਿੱਚ ਇਸ ਹੋਈ ਗੈਰਮਨੁੱਖੀ, ਗੈਰ ਲੋਕਤੰਤਰਕ, ਛਲ ਕਪਟੀ ਕਾਰਵਾਈ ਖ਼ਿਲਾਫ਼ ਪ੍ਰੀਵਾਰ ਨੂੰ ਇਨਸਾਫ਼ ਦਿਵਾਉਣ ਤਕ ਲੜਾਈ ਲੜੀ ਜਾਵੇਗੀ।

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਪਿੰਡ ਔਲਖ ਵਿਖੇ ਭਾਰਤ ਦੇ ਚੀਫ ਇਲੈਕਸ਼ਨ ਕਮਿਸ਼ਨਰ ਦਾ ਫੂਕਿਆ ਪੁਤਲਾ

ਕੋਟਕਪੂਰਾ 4 ਅਕਤੂਬਰ ਗੁਰਪ੍ਰੀਤ ਸਿੰਘ ਔਲਖ) ਭਾਰਤ ਦੀਆਂ ਪੰਜ ਖੱਬੀਆਂ ਧਿਰਾਂ ਵੱਲੋਂ ਉਲੀਕੇ ਹੋਏ ਪ੍ਰੋਗਰਮਾਂ ਦੀ ਲੜੀ ਤਹਿਤ 2 ਅਕਤੂਬਰ ਨੂੰ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਪਿੰਡ ਔਲਖ ਵਿਖੇ ਸ਼ਹੀਦ ਕਾਮਰੇਡ ਅੌਲਕ ਸਿੰਘ ਦੀ ਯਾਦਗਾਰ ਜਗ੍ਹਾ ਤੇ ਆਰਐਮਪੀਆਈ ਦੇ ਜ਼ਿਲ੍ਹਾ ਪ੍ਰਧਾਨ ਬਲਕਾਰ ਸਿੰਘ ਔਲਖ ਦੀ ਅਗਵਾਈ ਹੇਠ ਐਸ ਆਈ ਆਰ ਦੇ ਨਾਮ ਤੇ ਨਜਾਇਜ਼ ਤੌਰ ਤੇ ਵੋਟਾਂ ਕੱਟਣ ਦੇ ਵਿਰੋਧ ਵਿੱਚ ਭਾਰਤ ਦੇ ਚੀਫ ਇਲੈਕਸ਼ਨ ਕਮਿਸ਼ਨਰ ਦਾ ਪੁਤਲਾ ਫੂਕਿਆ ਗਿਆ ਬੁਲਾਰਿਆਂ ਵੱਲੋਂ ਦੋਸ਼ ਲਾਇਆ ਗਿਆ ਕਿ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਐਸ ਆਈ ਆਰ ਲਾਗੂ ਕਰਨ ਸਮੇਂ ਹਰ ਤਰ੍ਹਾਂ ਦੇ ਤਰੀਕਿਆਂ ਰਾਹੀਂ ਵੋਟਾਂ ਕੱਟਣ ਦੇ ਪ੍ਰਬੰਧ ਵਿੱਚ ਆਪਣੇ ਦੋ ਸਾਥੀ ਚੋਣ ਕਮਿਸ਼ਨਰ ਐਸ ਐਸ ਸੰਧੂ ਅਤੇ ਵਿਵੇਕ ਜੋਸ਼ੀ ਵੱਲੋਂ 14 ਵਾਰ ਉਠਾਏ ਇਤਰਾਜਾਂ ਅਤੇ ਮਸ਼ਵਰਿਆ ਨੂੰ ਨਜ਼ਰ ਅੰਦਾਜ਼ ਕੀਤਾ ਹੈ ਆਗੂਆਂ ਨੇ ਭਾਰਤ ਦੇ ਪ੍ਰਧਾਨ ਮੰਤਰੀ ਤੋਂ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ ਤੋਂ ਤੁਰੰਤ ਅਸਤੀਫਾ ਲਿਆ ਜਾਵੇ ਅਤੇ ਗੈਰ ਕਾਨੂੰਨੀ ਢੰਗ ਨਾਲ ਲੋਕਾਂ ਨੂੰ ਐਸ ਆਈ ਆਰ ਪ੍ਰਕਿਰਿਆ ਵਿੱਚ ਉਲਝਾ ਕੇ 13 ਕਰੋੜ 30 ਲੱਖ ਤੋਂ ਵੱਧ ਕੱਟੀਆਂ ਗਈਆਂ ਵੋਟਾਂ ਬਹਾਲ ਕੀਤੀਆਂ ਜਾਣ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੀ ਇੱਕਲਾਖੀ ਜਿੰਮੇਵਾਰੀ ਸਮਝਦੇ ਹੋਏ ਆਪਣੇ ਅਹੁਦੇ ਤੋਂ ਇਸਤੀਫਾ ਦੇਣ ਚੋਣ ਕਮਿਸ਼ਨਰ ਦੀ ਭਰੋਸੇਯੋਗਤਾ, ਇਮਾਨਦਾਰੀ, ਨਿਰਪੱਖਤਾ ਅਤੇ ਪਾਰਦਰਸ਼ਤਾ ਯਕੀਨੀ ਬਣਾਈ ਜਾਵੇ ਇਸ ਰੋਸ ਪ੍ਰਦਰਸ਼ਨ ਵਿੱਚ ਜੇਪੀਐਮਓ ਜ਼ਿਲਾ ਫਰੀਦਕੋਟ ਦੇ ਕਨਵੀਨਰ ਵੀਰਇੰਦਰ ਜੀਤ ਸਿੰਘ ਪੁਰੀ ਤੋਂ ਇਲਾਵਾ ਅਮਰਜੀਤ ਸਿੰਘ ਬਰਾਂਚ ਸਕੱਤਰ ਆਰਐਮਪੀਆਈ, ਗਗਨਦੀਪ ਕੌਰ ਮੈਂਬਰ ਆਰ ਐਮਪੀਆਈ, ਸੁਖਦੇਵ ਸਿੰਘ ਮੈਂਬਰ ਆਰ ਐਮਪੀਆਈ ਅਤੇ ਹੋਰ ਸਾਥੀ ਸ਼ਾਮਿਲ ਹੋਏ।

ਪ੍ਰਗਟ ਸਿੰਘ ਦੀ ਨਿਯੁਕਤੀ ਤੇ ਡਾਕਟਰ ਅੱਛਰ ਸ਼ਰਮਾ ਨੇ ਖੁਸ਼ੀ ਪ੍ਰਗਟ ਕਰਦਿਆਂ ਹਾਈਕਮਾਂਡ ਦਾ ਕੀਤਾ ਧੰਨਵਾਦ

ਸ੍ਰੀ ਅਨੰਦਪੁਰ ਸਾਹਿਬ, 4 ਅਕਤੂਬਰ,(ਦਮਨ ਅਰੋੜਾ) ਜਲੰਧਰ ਕੈਂਟ ਤੋਂ ਵਿਧਾਇਕ ਅਤੇ ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਸਰਦਾਰ ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਨਵਾਂ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਸੀਨੀਅਰ ਆਗੂ ਡਾਕਟਰ ਅਛਰ ਸ਼ਰਮਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਾਂਗਰਸ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਡਾਕਟਰ ਸ਼ਰਮਾ ਨੇ ਕਿਹਾ ਕਿ ਹਾਈਕਮਾਂਡ ਦਾ ਇਹ ਫੈਸਲਾ ਪਾਰਟੀ ਦੀ ਚੜ੍ਹਦੀ ਕਲਾ ਅਤੇ ਭਵਿੱਖ ਲਈ ਇੱਕ ਬਹੁਤ ਹੀ ਸ਼ਲਾਘਾਯੋਗ ਤੇ ਦੂਰਅੰਦੇਸ਼ੀ ਕਦਮ ਹੈ। ਡਾਕਟਰ ਸ਼ਰਮਾ ਨੇ ਨਵ-ਨਿਯੁਕਤ ਪ੍ਰਧਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਦਾਰ ਪ੍ਰਗਟ ਸਿੰਘ ਨਾ ਸਿਰਫ਼ ਇੱਕ ਸੁਲਝੇ ਹੋਏ ਅਤੇ ਇਮਾਨਦਾਰ ਸਿਆਸਤਦਾਨ ਹਨ, ਸਗੋਂ ਉਹ ਪਾਰਟੀ ਦੇ ਹਰ ਛੋਟੇ-ਵੱਡੇ ਵਰਕਰ ਨਾਲ ਜ਼ਮੀਨੀ ਪੱਧਰ ਤੇ ਜੁੜਨਾ ਚੰਗੀ ਤਰ੍ਹਾਂ ਜਾਣਦੇ ਹਨ। ਕਾਨੂੰਨ ਦਾ ਰਾਜ ਖ਼ਤਮ ਹੋ ਚੁੱਕਾ ਹੈ ਅਤੇ ਅਰਾਜਕਤਾ ਦਾ ਮਾਹੌਲ ਹੈ ਅਖ਼ੀਰ ਵਿੱਚ ਡਾਕਟਰ ਅੱਛਰ ਸ਼ਰਮਾ ਨੇ ਦਾਅਵਾ ਕੀਤਾ ਕਿ ਪ੍ਰਗਟ ਸਿੰਘ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਪੰਜਾਬ ਅਤੇ ਪੰਜਾਬੀਅਤ ਵਿਰੋਧੀ ਆਪ ਸਰਕਾਰ ਅਤੇ ਉਨ੍ਹਾਂ ਦੇ ਦਿੱਲੀ ਬੈਠੇ ਆਕਾਵਾਂ ਨੂੰ ਚੋਣਾਂ ਵਿੱਚ ਪਛਾੜ ਕੇ ਪੰਜਾਬ ਵਿੱਚੋਂ ਭਜਾਏਗੀ। ਕਾਂਗਰਸ ਸਰਕਾਰ ਆਉਣ ਤੇ ਹੀ ਪੰਜਾਬ ਵਿੱਚ ਮੁੜ ਕਾਨੂੰਨ ਦਾ ਰਾਜ ਸਥਾਪਿਤ ਹੋਵੇਗਾ ਅਤੇ ਸੂਬਾ ਇੱਕ ਵਾਰ ਫਿਰ ਖੁਸ਼ਹਾਲੀ ਤੇ ਪ੍ਰਗਤੀ ਦੇ ਰਾਹ ਤੇ ਪਵੇਗਾ।

ਬੀ ਕਾਮ ਭਾਗ ਦੂਜਾ ਸਮੈਸਟਰ ਤੀਜਾ ਦੇ ਨਤੀਜੇ 'ਚ ਗੁਰੂ ਤੇਗ ਬਹਾਦਰ ਕਾਲਜ ਫਾਰ ਵੂਮੈਨ ਲਹਿਲ ਖੁਰਦ ਦਾ ਨਤੀਜਾ ਰਿਹਾ ਸ਼ਾਨਦਾਰ

ਲਹਿਰਾਗਾਗਾ 4 ਅਕਤੂਬਰ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ)-ਪਿਛਲੇ ਦਿਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਬੀ.ਕਾਮ ਭਾਗ ਦੂਜਾ ਸਮੈਸਟਰ ਤੀਜਾ ਦੇ ਨਤੀਜੇ ਵਿੱਚ ਗੁਰੂ ਤੇਗ ਬਹਾਦਰ ਕਾਲਜ ਫਾਰ ਵੂਮੈਨ ਲਹਿਲ ਖੁਰਦ ਦਾ ਨਤੀਜਾ ਸ਼ਾਨਦਾਰ ਰਿਹਾ ਕਾਲਜ ਪ੍ਰਿੰਸੀਪਲ ਰੀਤੂ ਗੋਇਲ ਨੇ ਦੱਸਿਆ ਕੇ ਵਿਦਿਆਦਥਣ ਮਣਿਆ ਗ੍ਰੇਡ 9.13 ਫੀਸਦੀ ਅੰਕ ਲੈ ਕੇ ਪਹਿਲਾਂ, ਗੁਰਦੀਪ ਕੌਰ ਗ੍ਰੇਡ 8.78 ਫੀਸਦੀ ਅੰਕ ਲੈ ਕੇ ਦੂਸਰਾ ਅਤੇ ਕਮਲਦੀਪ ਕੌਰ ਗ੍ਰੇਡ 8.65 ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤਰਾਂ ਹੀ ਬਾਕੀ ਵਿਦਿਆਰਥਣਾਂ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਰਾਜੇਸ਼ ਕੁਮਾਰ ਨੇ ਸਾਰੇ ਵਿਦਿਆਰਥੀਆ ਨੂੰ ਵਧਾਈ ਦੇਣ ਦੇ ਨਾਲ-ਨਾਲ ਅੱਵਲ ਆਏ ਵਿਦਿਆਰਥੀਆ ਦੇ ਮਾਪਿਆ ਅਤੇ ਕਾਲਜ ਪ੍ਰਿੰਸੀਪਲ ਰੀਤੂ ਗੋਇਲ ਤੇ ਸਟਾਫ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਕੇ ਉਸ ਨੂੰ ਹਰ ਇੱਕ ਖੇਤਰ ਦੇ ਵਿਚ ਸਫਲ ਬਣਾਉਣਾ ਹੈ। ਵਾਇਸ ਚੇਅਰਮੈਨ ਵਿਜੇ ਕੁਮਾਰ ਅਤੇ ਜਨਰਲ ਸੈਕਟਰੀ ਪ੍ਰੇਮ ਕੁਮਾਰ ਨੇ ਵਿਦਿਆਰਥੀਆਂ ਨੇ ਚੰਗੇ ਨੰਬਰ ਲੈ ਕੇ ਸਾਡੀ ਸੰਸਥਾ ਅਤੇ ਮਾਪਿਆ ਦਾ ਨਾਮ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਰੀਤੂ ਗੋਇਲ ਨੇ ਮੈਨੇਜਮੈਂਟ, ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆ ਕਿਹਾ, ਕਿ ਵਿਦਿਆਰਥੀ ਸਖਤ ਮਿਹਨਤ ਕਰਕੇ ਕੋਈ ਵੀ ਮੰਜਿਲ ਪ੍ਰਾਪਤ ਕਰ ਸਕਦੇ ਹਨ। ਸਾਡੀ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆ ਦਾ ਸਰਵਪੱਖੀ ਵਿਕਾਸ ਕਰਕੇ ਹਰ ਖੇਤਰ ਵਿਚ ਨਿਪੁੰਨ ਬਣਾਉਣਾ ਹੈ ਤੇ ਸਾਡੀ ਸੰਸਥਾ ਭਵਿੱਖ ਵਿਚ ਵੀ ਅਜਿਹੇ ਸ਼ਾਨਦਾਰ ਨਤੀਜੇ ਦਿੰਦੀ ਰਹੇਗੀ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

ਕਾਂਗਰਸ ਆਗੂ ਗੌਰਵ ਸੰਧੂ ਨੇ ਸਮਾਜ ਸੇਵਾ 'ਚ ਪਾਈ ਨਵੀ ਪਿਰਤ, 50 ਯੂਥ ਕਲੱਬਾਂ ਨੂੰ ਖੇਡ ਕਿੱਟਾ ਤੇ ਸੈਂਕੜੇ ਹੋਣਹਾਰ ਬੱਚਿਆਂ ਦਾ ਕੀਤਾ ਸਨਮਾਨ

ਪਟਿਆਲਾ,4 ਅਕਤੂਬਰ (ਰਾਜਿੰਦਰ ਸਿੰਘ ਥਿੰਦ)- ਕਾਂਗਰਸ ਦੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਉੱਪ ਪ੍ਰਧਾਨ ਗੌਰਵ ਸੰਧੂ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਹਲਕਾ ਸਨੌਰ ਦੇ 50 ਯੂਥ ਕਲੱਬਾਂ ਨੂੰ ਸਪੋਰਟਸ ਕਿੱਟਾਂ ਵੰਡੀਆਂ। ਗੌਰਵ ਸੰਧੂ ਵੱਲੋਂ ਪਿਛਲੇ ਸਮੇਂ ਦੌਰਾਨ ਲਗਾਤਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਯਤਨ ਕੀਤੇ ਜਾ ਰਹੇ ਹਨ। ਸਨੌਰ ਵਿਖੇ ਕਰਵਾਏ ਪ੍ਰਤੀ ਯੋਗਤਾ ਮੁਕਾਬਲਿਆਂ ਮੌਕੇ ਉਹਨਾਂ ਨੇ ਹੋਣ ਹਾਰ ਬੱਚਿਆਂ ਦਾ ਸਨਮਾਨ ਕਰਕੇ ਉਹਨਾਂ ਨੂੰ ਸਰਟੀਫੀਕੇਟ ਪ੍ਰਧਾਨ ਕੀਤੇ! ਇਸ ਮੌਕੇ ਵਿਸ਼ੇਸ ਤੌਰ 'ਤੇ ਏ. ਆਈ. ਸੀ. ਸੀ. ਮੈਂਬਰ ਵਿਨੀਤ ਕੰਬੋਜ, ਆਈ. ਵਾਈ. ਸੀ. ਦੇ ਸਾਬਕਾ ਜਨਰਲ ਸਕੱਤਰ ਯੋਗੇਸ਼ ਹਾਂਡਾ ਲੁਧਿਆਣਾ, ਇੰਦਰਜੀਤ ਗਿੱਲ ਲੁਧਿਆਣਾ, ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਰਾਜੇਸ਼ ਘਾਰੂ, ਬੌਬੀ,

ਚੰਡੀਗੜ੍ਹ 'ਚ ਹੋਵੇਗੀ ਆਲ ਇੰਡੀਆ ਮੇਅਰ ਕਾਨਫਰੰਸ: ਸ਼ੋਰਭ ਜੋਸ਼ੀ

ਚੰਡੀਗੜ੍ਹ , 4 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ): ਚੰਡੀਗੜ੍ਹ ਵਿੱਚ ਹੋਣ ਵਾਲੀ ਮੇਅਰ ਕਾਨਫਰੰਸ ਵਿੱਚ ਦੇਸ਼ ਭਰ ਦੇ 40 ਦੇ ਕਰੀਬ ਮੇਅਰ ਹਿੱਸਾ ਲੈਣਗੇ। ਇਹ ਪਹਿਲੀ ਵਾਰ ਹੈ ਜਦੋਂ ਇਹ ਕਾਨਫਰੰਸ ਰਾਸ਼ਟਰੀ ਪੱਧਰ 'ਤੇ ਹੋਵੇਗੀ, ਜਿਸ ਵਿੱਚ ਆਲ ਇੰਡੀਆ ਮੇਅਰ ਕੌਂਸਲ ਦੇ ਰਾਸ਼ਟਰੀ ਸਕੱਤਰ ਮਨੋਜ ਗੁਪਤਾ ਸ਼ਾਮਲ ਹੋਣਗੇ। ਮੇਅਰ ਸੌਰਭ ਜੋਸ਼ੀ ਨੇ ਕਿਹਾ ਕਿ ਇਸ ਸੰਗਠਨ ਦਾ ਗਠਨ 1967 ਵਿੱਚ ਰਿਸ਼ੀਕੇਸ਼ ਵਿੱਚ ਇੱਕ ਮੀਟਿੰਗ ਨਾਲ ਕੀਤਾ ਗਿਆ ਸੀ, ਜਿਸ ਤੋਂ ਬਾਅਦ 19 ਜੁਲਾਈ ਨੂੰ ਮਨੋਹਰ ਲਾਲ ਖੱਟਰ ਨਾਲ ਇੱਕ ਮੀਟਿੰਗ ਹੋਈ, ਜਿੱਥੇ ਚੰਡੀਗੜ੍ਹ ਸਮੇਤ 15 ਮੇਅਰਾਂ ਨੂੰ ਸੱਦਾ ਦਿੱਤਾ ਗਿਆ ਸੀ ਅਤੇ ਮਤੇ ਪਾਸ ਕੀਤੇ ਗਏ ਸਨ। ਇਦੌਰ, ਸੂਰਤ ਅਤੇ ਚੰਡੀਗੜ੍ਹ ਵਿੱਚੋਂ ਚੰਡੀਗੜ੍ਹ ਦੀ ਚੋਣ ਕੀਤੀ ਗਈ ਸੀ, ਅਤੇ ਮੀਟਿੰਗ ਇੰਦੌਰ ਵਿੱਚ ਹੋਵੇਗੀ। ਜੋਸ਼ੀ ਨੇ ਕਿਹਾ ਕਿ 19 ਰਾਜ ਹਿੱਸਾ ਲੈਣਗੇ, ਜਿਸ ਵਿੱਚ ਦੱਖਣ, ਉੱਤਰ-ਪੂਰਬ, ਪੱਛਮੀ ਅਤੇ ਮੱਧ ਭਾਰਤ ਦੇ 40 ਮੇਅਰ ਹੋਣਗੇ। ਸੌਰਭ ਜੋਸ਼ੀ ਨੇ ਕਿਹਾ ਕਿ ਇਸ ਵਿੱਚ ਰਾਸ਼ਟਰੀ ਅਤੇ ਕੇਂਦਰੀ ਪੱਧਰ ਦੇ ਮੁੱਦੇ ਹਨ, ਜਿਨ੍ਹਾਂ ਬਾਰੇ ਸ਼ਹਿਰੀ ਸਥਾਨਕ ਮੰਤਰੀ ਨਾਲ ਵਿਚਾਰ-ਵਟਾਂਦਰਾ ਕੀਤਾ ਜਾਂਦਾ ਹੈ ਅਤੇ ਰਾਜ ਸਰਕਾਰ ਤੋਂ ਗ੍ਰਾਂਟ ਪ੍ਰਾਪਤ ਹੁੰਦੀ ਹੈ।

ਲਾਇਨਸ ਕਲੱਬ ਖਰੜ ਉਮੰਗ ਵੱਲੋਂ ਅੱਜ ਨਜ਼ਦੀਕੀ ਪਿੰਡ ਬਜਹੇੜੀ ਵਿਖੇ ਸਲਾਨਾ ਸ਼ਹੀਦ ਭਗਤ ਸਿੰਘ ਯਾਦਗਾਰੀ ਅੱਖਾਂ ਦਾ ਚੈੱਕ ਅੱਪ ਅਤੇ ਇਲਾਜ ਕੈਂਪ ਲਗਾਇਆ

ਖਰੜ , 4 ਅਕਤੂਬਰ (ਸ਼ਸੀ ਪਾਲ ਜੈਨ): ਲਾਇਨਸ ਕਲੱਬ ਖਰੜ ਉਮੰਗ ਵੱਲੋਂ ਅੱਜ ਨਜ਼ਦੀਕੀ ਪਿੰਡ ਬਜਹੇੜੀ ਵਿਖੇ ਸਲਾਨਾ ਸ਼ਹੀਦ ਭਗਤ ਸਿੰਘ ਯਾਦਗਾਰੀ ਅੱਖਾਂ ਦਾ ਚੈੱਕ ਅੱਪ ਅਤੇ ਇਲਾਜ ਕੈਂਪ ਲਗਾਇਆ ਗਿਆ। ਇਸ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਕਲੱਬ ਦੇ ਡਾਇਰੈਕਟਰ ਸੁਭਾਸ਼ ਅਗਰਵਾਲ ਨੇ ਦੱਸਿਆ ਇਸ ਕੈਂਪ ਵਿੱਚ ਮਾਹਰ ਅੱਖਾਂ ਦੇ ਡਾਕਟਰਾਂ ਵੱਲੋਂ 120 ਦੇ ਕਰੀਬ ਮਰੀਜ਼ਾਂ ਦਾ ਚੈੱਕ ਅੱਪ ਕੀਤਾ ਗਿਆ ਤੇ ਉਹਨਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਜ਼ਰੂਰਤ ਮੰਦ ਮਰੀਜ਼ਾਂ ਨੂੰ ਖਰੜ ਸਿਵਲ ਹਸਪਤਾਲ ਵਿਖੇ ਬੁਲਾਇਆ ਗਿਆ ਜਿਨਾਂ ਦੇ ਆਉਣ ਵਾਲੇ ਦਿਨਾਂ ਚ ਅੱਖਾਂ ਦੇ ਮੁਫਤ ਆਪਰੇਸ਼ਨ ਕੀਤੇ ਜਾਣਗੇ ਕੈਂਪ ਦਾ ਉਦਘਾਟਨ ਕਰਦਿਆਂ ਕਲੱਬ ਦੇ ਪ੍ਰਧਾਨ ਲਾਇਨ ਅਮਨਦੀਪ ਨੇ ਕਿਹਾ ਕਿ ਲਾਇਸ ਕਲੱਬ ਖਰੜ ਉਮੰਗ ਪਿਛਲੇ ਕਈ ਸਾਲਾਂ ਤੋਂ ਸ਼ਹੀਦੇ ਆਜਮ ਸਰਦਾਰ ਭਗਤ ਸਿੰਘ ਜੀ ਦੇ ਜਨਮ ਦਿਹਾੜੇ ਤੇ ਅੱਖਾਂ ਦੇ ਚੈਕਅਪ ਅਤੇ ਆਪਰੇਸ਼ਨ ਕੈਂਪ ਲਗਾਉਂਦਾ ਆ ਰਿਹਾ ਹੈ ਇਸ ਮੌਕੇ ਕਲੱਬ ਦੇ ਸਕੱਤਰ ਅਰੁਣ ਜਿੰਦਲ, ਕੈਸ਼ੀਅਰ ਨਰੇਸ਼ ਸਿੰਘਲਾ, ਪ੍ਰੋਜੈਕਟ ਚੇਅਰਮੈਨ ਅਮਨਦੀਪ ਸਿੰਘ ਮਾਨ, ਸੁਖਬੀਰ ਰਾਣਾ, ਰਾਮ ਗੋਪਾਲ, ਕੁਸ਼ ਰਾਣਾ, ਮੇਜਰ ਸਿੰਘ, ਅਸ਼ੋਕ ਬਜਹੇੜੀ, ਸਰਪੰਚ ਭੁਪਿੰਦਰ ਸਿੰਘ ਤੇ ਪੰਚ ਰਣਜੀਤ ਸਿੰਘ ਹਾਜ਼ਰ ਸਨ।

ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੇ ਵੱਲੋਂ ਕੀਤੀਆਂ ਗਈਆਂ 3 ਬੱਸਾਂ ਰਵਾਨਾ

ਮੋਹਾਲੀ, 4 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਧਾਰਮਿਕ ਅਤੇ ਇਤਿਹਾਸਕ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਵਿਧਾਨ ਸਭਾ ਹਲਕਾ ਮੋਹਾਲੀ ਤੋਂ 3 ਬੱਸਾਂ ਨੂੰ ਵਿਧਾਇਕ ਕੁਲਵੰਤ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਮੋਹਾਲੀ ਦੇ ਫੇਜ਼7, ਫੇਜ਼-9 ਅਤੇ ਪਿੰਡ ਕੰਬਾਲਾ ਤੋਂ ਸੀਨੀਅਰ ਸਿਟੀਜਨ ਸ਼ਰਧਾਲੂਆਂ ਨਾਲ ਭਰੀਆ ਇਹ ਬੱਸਾਂ ਵਿੱਚ ਮੌਜੂਦ ਸ਼ਰਧਾਲੂਆਂ ਦੇ ਚਿਹਰੇ ਤੇ ਯਾਤਰਾ ਨੂੰ ਲੈ ਕੇ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ। ਵਿਧਾਇਕ ਕੁਲਵੰਤ ਸਿੰਘ ਹੋਰਾਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕ ਭਲਾਈ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਵੀ ਇਸੇ ਲੋਕ-ਹਿਤੈਸ਼ੀ ਸੋਚ ਦਾ ਹਿੱਸਾ ਹੈ, ਜਿਸ ਰਾਹੀਂ ਸੂਬੇ ਭਰ ਦੇ ਸੀਨੀਅਰ ਸਿਟੀਜਨ ਸ਼ਰਧਾਲੂਆਂ ਨੂੰ ਦੇਸ਼ ਦੇ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਅੱਜ ਰਵਾਨਾ ਕੀਤੀਆਂ ਗਈਆਂ 3 ਬੱਸਾਂ ਵਿੱਚ ਸਵਾਰ ਸ਼ਰਧਾਲੂਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਸ਼ਰਧਾਲੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਗਏ ਇਸ ਮੌਕੇ ਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਵਿਧਾਨ ਸਭਾ ਹਲਕਾ ਕੋਆਰਡੀਨੇਟਰ- ਫੂਲਰਾਜ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ- ਕੁਲਦੀਪ ਸਿੰਘ ਸਮਾਣਾ, ਹਰਵਿੰਦਰ ਕੌਰ ਲੰਗ, ਮਨਮੋਹਨ ਸਿੰਘ ਲੰਗ, ਵਿਕਰਮ ਸਿੰਘ ਸੰਧੂ, ਬਲਜਿੰਦਰ ਸਿੰਘ ਕੰਬਾਲਾ, ਅਵਤਾਰ ਸਿੰਘ, ਗੁਰਮੁਖ ਸਿੰਘ ਸਰਪੰਚ ਕੰਬਾਲਾ, ਰਮਨਪ੍ਰੀਤ ਕੌਰ ਕੁੰਬੜਾ- ਕੌਂਸਲਰ, ਹਰਮੇਸ਼ ਸਿੰਘ ਕੁੰਭੜਾ,ਦਰਸ਼ਨ ਸਿੰਘ ਮਟੌਰ, ਚੇਅਰਮੈਨ ਅਕਬਿੰਦਰ ਸਿੰਘ ਗੋਸਲ, ਹਰਪਾਲ ਸਿੰਘ ਬਰਾੜ, ਜਸਪਾਲ ਸਿੰਘ ਮਟੌਰ,ਪ੍ਰਬਜੀਤ ਸਿੰਘ ਬੋਪਾਰਾਏ ਵੀ ਹਾਜ਼ਰ ਸਨ

ਜੀਤੀ ਪੜਿਆਲਾ ਨੇ ਨਸ਼ਿਆਂ ਖਿਲਾਫ਼ ਜਾਗਰੂਕਤਾ ਮੁਹਿੰਮ ਤਹਿਤ ਹਸਨਪੁਰ ਵਿਖੇ ਮੀਟਿੰਗ

ਕੁਰਾਲੀ, 4 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ): ਜ਼ਿਲ੍ਹਾ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਰਣਜੀਤ ਸਿੰਘ ਜੀਤੀ ਪੜਿਆਲਾ ਵੱਲੋਂ ਨਸ਼ਿਆਂ ਖਿਲਾਫ਼ ਲੋਕਾਂ ਨੂੰ ਜਾਗਰੂਕ ਕਰਨ ਲਈ ਵਿੱਢੀ ਵਿਸ਼ੇਸ਼ ਮੁਹਿੰਮ ਤਹਿਤ ਅੱਜ ਪਿੰਡ ਹਸਨਪੁਰ ਵਿਖੇ ਪਿੰਡ ਦੇ ਮੋਹਤਬਰਾਂ ਅਤੇ ਪਤਵੰਤਿਆਂ ਨਾਲ ਵਿਸ਼ਾਲ ਮੀਟਿੰਗ ਕੀਤੀ ਗਈ। ਇਸ ਮੌਕੇ ਰਣਜੀਤ ਸਿੰਘ ਜੀਤੀ ਪੜਿਆਲਾ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਖਤਮ ਕਰਨ ਲਈ ਲੋਕਾਂ ਦਾ ਜਾਗਰੂਕ ਹੋਣਾ ਅਤੇ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਦੂਰ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਲਈ ਸਾਂਝੇ ਯਤਨ ਕੀਤੇ ਜਾਣੇ ਚਾਹੀਦੇ ਹਨ। ਇਸ ਮੌਕੇ ਰਣਜੀਤ ਸਿੰਘ ਜੀਤੀ ਪੜਿਆਲਾ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਕਰਨਾ ਸਰਕਾਰ ਦੀ ਮੁੱਖ ਜ਼ਿੰਮੇਵਾਰੀ ਹੈ, ਪਰ ਉਨ੍ਹਾਂ ਦੇ ਕਹਿਣ ਅਨੁਸਾਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਨਸ਼ਿਆਂ ਦੀ ਸਮੱਸਿਆ ਨੂੰ ਖਤਮ ਕਰਨ ਲਈ ਲੋੜੀਂਦੇ ਕਦਮ ਨਹੀਂ ਚੁੱਕੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਕੀਤੇ ਜਾ ਰਹੇ ਦਾਅਵਿਆਂ ਦੇ ਬਾਵਜੂਦ ਜ਼ਮੀਨੀ ਪੱਧਰ 'ਤੇ ਸਮੱਸਿਆ ਬਰਕਰਾਰ ਹੈ। ਇਸ ਮੀਟਿੰਗ ਵਿੱਚ ਸੁਖਦੇਵ ਸਿੰਘ ਸਾਬਕਾ ਸਰਪੰਚ ਬਰੌਲੀ, ਸੁਖਵਿੰਦਰ ਸਿੰਘ ਸਾਬਕਾ ਸਰਪੰਚ ਹਸਨਪੁਰ, ਸੁਰਿੰਦਰ ਸਿੰਘ ਸਾਬਕਾ ਸਰਪੰਚ ਹਸਨਪੁਰ, ਜਸਪ੍ਰੀਤ ਸਿੰਘ ਸਾਬਕਾ ਸਰਪੰਚ ਬਦਨਪੁਰ, ਹਰਿਦਰ ਸਿੰਘ ਸਾਬਕਾ ਡਾਇਰੈਕਟਰ ਮਿਲਕਪਲਾਂਟ ਮੁਹਾਲੀ, ਪੁਸ਼ਪਿੰਦਰ ਸਿੰਘ ਪੰਚ, ਮੇਜਰ ਸਿੰਘ ਪੰਚ, ਪਰਮਜੀਤ ਸਿੰਘ, ਕੁਲਵਿੰਦਰ ਸਿੰਘ ਸਮੇਤ ਹੋਰ ਪਿੰਡ ਦੇ ਮੁਹਤਬਰ ਆਗੂ ਹਾਜਿਰ ਸਨ।

ਮਾਰਕਿਟ ਕਮੇਟੀ ਕੁਰਾਲੀ ਦੇ ਨਵ-ਨਿਯੁਕਤ ਚੇਅਰਮੈਨ ਰਾਣਾ ਕੁਸ਼ਲਪਾਲ ਅੱਜ ਆਪਣਾ ਅਹੁਦਾ ਸੰਭਾਲਣਗੇ

ਕੁਰਾਲੀ, 4 ਅਕਤੂਬਰ (ਸੋਢੀ ਕੁਰਾਲੀ): ਮਾਰਕਿਟ ਕਮੇਟੀ ਕੁਰਾਲੀ ਦੇ ਨਵ-ਨਿਯੁਕਤ ਚੇਅਰਮੈਨ ਰਾਣਾ ਕੁਸ਼ਲਪਾਲ ਅੱਜ 5 ਅਕਤੂਬਰ ਨੂੰ ਸਵੇਰੇ 10 ਵਜੇ ਰਸਮੀ ਤੌਰ 'ਤੇ ਆਪਣਾ ਅਹੁਦਾ ਸੰਭਾਲਣਗੇ। ਇਸ ਮੌਕੇ ਕਰਵਾਏ ਜਾ ਰਹੇ ਸਮਾਗਮ ਵਿੱਚ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ, ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੀਆਂ। ਰਾਣਾ ਕੁਸ਼ਲਪਾਲ ਦੀ ਮਾਰਕਿਟ ਕਮੇਟੀ ਕੁਰਾਲੀ ਦੇ ਚੇਅਰਮੈਨ ਵਜੋਂ ਨਿਯੁਕਤੀ ਨੂੰ ਲੈ ਕੇ ਪਾਰਟੀ ਵਰਕਰਾਂ ਅਤੇ ਇਲਾਕੇ ਦੇ ਲੋਕਾਂ ਵਿੱਚ ਉਤਸ਼ਾਹ ਪਾਇਆ ਜਾ ਰਿਹਾ ਹੈ। ਅਹੁਦਾ ਸੰਭਾਲਣ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਅਤੇ ਸਮਰਥਕਾਂ ਦੇ ਪਹੁੰਚਣ ਦੀ ਉਮੀਦ ਹੈ। ਇਸ ਮੌਕੇ ਰਾਣਾ ਕੁਸ਼ਲਪਾਲ ਨੇ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਮਾਰਕਿਟ ਕਮੇਟੀ ਨਾਲ ਜੁੜੇ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਹੋਰ ਵਰਗਾਂ ਦੇ ਹਿੱਤਾਂ ਲਈ ਕੰਮ ਕਰਨਾ ਉਨ੍ਹਾਂ ਦੀ ਪ੍ਰਮੁੱਖ ਤਰਜੀਹ ਰਹੇਗੀ। ਉਨ੍ਹਾਂ ਨੇ ਆਪਣੀ ਨਿਯੁਕਤੀ ਲਈ ਪਾਰਟੀ ਹਾਈਕਮਾਨ ਅਤੇ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪ੍ਰਗਟਾਏ ਗਏ ਭਰੋਸੇ 'ਤੇ ਖਰਾ ਉਤਰਨ ਲਈ ਉਹ ਹਰ ਸੰਭਵ ਯਤਨ ਕਰਨਗੇ।

200 ਵਿਦਿਆਰਥੀਆਂ ਨੂੰ ਵੰਡੀ ਸਟੇਸ਼ਨਰੀ

ਰਾਜਪੁਰਾ, 4 ਅਕਤੂਬਰ (ਗੁਰਪ੍ਰੀਤ ਬੱਲ): ਵਿਦਿਆਰਥੀ ਕਲਿਆਣ ਪ੍ਰੀਸ਼ਦ,ਰਾਜਪੁਰਾ ਟਾਊਨ ਵੱਲੋਂ ਸਰਕਾਰੀ ਸਰਕਾਰੀ ਪ੍ਰਾਇਮਰੀ ਸਕੂਲ ਰਾਜਪੁਰਾ ਟਾਊਨ-1 ਵਿਖੇ ਸੰਸਥਾ ਦੇ ਸਰਪ੍ਰਸਤ ਡਾਕਟਰ ਮਥੁਰਾ ਦਾਸ ਸਵਤੰਤਰ, ਚੇਅਰਮੈਨ ਰਾਜਕੁਮਾਰ ਜੈਨ ਅਤੇ ਪ੍ਰਧਾਨ ਨਰਿੰਦਰ ਵਧਵਾ ਦੀ ਅਗਵਾਈ ਵਿੱਚ 200 ਲੋੜਵੰਦ ਵਿਦਿਆਰਥੀਆਂ ਨੂੰ ਪੈਨਸਿਲ, ਕਾਪੀਆਂ ਅਤੇ ਹੋਰ ਲੋੜੀਂਦੀ ਸਟੇਸ਼ਨਰੀ ਵੰਡੀ ਗਈ। ਇਸ ਮੌਕੇ ਸਕੂਲ ਅਧਿਆਪਕਾਂ ਰਮੇਸ਼ ਕੁਮਾਰ, ਜਸਬੀਰ ਕੌਰ ਅਤੇ ਨੀਰਜ ਜੈਨ ਵੱਲੋਂ ਵਿਦਿਆਰਥੀ ਕਲਿਆਣ ਪ੍ਰੀਸ਼ਦ ਦੇ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਵੱਲੋਂ ਵਿਦਿਆਰਥੀਆਂ ਦੀ ਭਲਾਈ ਲਈ ਕੀਤੇ ਗਏ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਗਈ।

ਦੇਹ ਦਾਨੀ ਦੇ ਪਰਿਵਾਰ ਨੂੰ ਰਾਜਪਾਲ ਕਟਾਰੀਆ ਨੇ ਕੀਤਾ ਸਨਮਾਨਿਤ

ਡੇਰਾਬੱਸੀ, 4 ਅਕਤੂਬਰ (ਸੁਖਵਿੰਦਰ ਸੈਣੀ): ਭਾਰਤ ਵਿਕਾਸ ਪਰਿਸ਼ਦ ਵਿਵੇਕਾਨੰਦ ਡੇਰਾਬੱਸੀ ਦੀ ਪ੍ਰੇਰਣਾ ਸਦਕਾ ਮਰਨ ਉਪਰੰਤ ਆਪਣੀ ਦੇਹ ਦਾਨ ਕਰਨ ਵਾਲੇ ਸਮਾਜ ਸੇਵੀ ਦੇਵ ਪ੍ਰਕਾਸ਼ ਨਿਸ਼ਚਲ ਦੇ ਪਰਿਵਾਰ ਨੂੰ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵੱਲੋਂ ਸਨਮਾਨਿਤ ਕੀਤਾ ਗਿਆ। ਸੈਕਟਰ-32 ਸਥਿਤ ਜੀ.ਐੱਮ.ਸੀ.ਐੱਚ. ਚੰਡੀਗੜ੍ਹ ਵਿਖੇ ਕਰਵਾਏ ਸਮਾਗਮ ਦੌਰਾਨ ਰਾਜਪਾਲ ਨੇ ਦੇਹ ਦਾਨੀ ਦੀ ਪਤਨੀ ਸਰਿਤਾ ਨਿਸ਼ਚਲ ਅਤੇ ਧੀ ਨਤਾਸ਼ਾ ਨਿਸ਼ਚਲ ਨੂੰ ਸਨਮਾਨਿਤ ਕੀਤਾ। ਦੇਵ ਪ੍ਰਕਾਸ਼ ਨਿਸ਼ਚਲ ਨੇ ਇਸ ਸਾਲ ਅਪ੍ਰੈਲ ਮਹੀਨੇ ਮਰਨ ਉਪਰੰਤ ਆਪਣੀ ਦੇਹ ਮੈਡੀਕਲ ਸਿੱਖਿਆ ਅਤੇ ਖੋਜ ਲਈ ਦਾਨ ਕੀਤੀ ਸੀ। ਉਨ੍ਹਾਂ ਦੇ ਇਸ ਨੇਕ ਕਾਰਜ ਤੋਂ ਪ੍ਰੇਰਿਤ ਹੋ ਕੇ ਉਨ੍ਹਾਂ ਦੀ ਪਤਨੀ ਅਤੇ ਧੀ ਨੇ ਵੀ ਮਰਨ ਉਪਰੰਤ ਦੇਹ ਦਾਨ ਕਰਨ ਲਈ ਸੰਕਲਪ ਪੱਤਰ ਭਰ ਦਿੱਤੇ ਹਨ। ਪਰਿਸ਼ਦ ਦੇ ਨੁਮਾਇੰਦਿਆਂ ਡਾ. ਬਰਖਾ ਰਾਮ, ਉਪੇਸ਼ ਬਾਂਸਲ ਅਤੇ ਜੈ ਪ੍ਰਕਾਸ਼ ਧੀਮਾਨ ਨੇ ਦੱਸਿਆ ਕਿ ਇਸ ਸਾਲ ਡੇਰਾਬੱਸੀ ਤੋਂ 10 ਹੋਰ ਵਿਅਕਤੀਆਂ ਨੇ ਦੇਹ ਦਾਨ ਦੇ ਸੰਕਲਪ ਪੱਤਰ ਭਰੇ ਹਨ। ਉਨ੍ਹਾਂ ਦੱਸਿਆ ਕਿ ਪਰਿਸ਼ਦ ਵੱਲੋਂ ਨੇਤਰ ਦਾਨ ਅਤੇ ਦੇਹ ਦਾਨ ਲਈ ਲੋਕਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਹੁਣ ਤੱਕ ਡੇਰਾਬੱਸੀ ਤੋਂ ਕਰੀਬ 200 ਵਿਅਕਤੀਆਂ ਦੇ ਨੇਤਰ ਦਾਨ ਨਾਲ 400 ਤੋਂ ਵੱਧ ਲੋਕਾਂ ਦੇ ਜੀਵਨ ਵਿੱਚ ਰੌਸ਼ਨੀ ਆਈ ਹੈ, ਜਦਕਿ 6 ਵਿਅਕਤੀ ਦੇਹ ਦਾਨ ਕਰ ਚੁੱਕੇ ਹਨ। ਇਸ ਮੌਕੇ ਮੈਡੀਕਲ ਕਾਲਜ ਦੀ ਡਾਇਰੈਕਟਰ-ਪ੍ਰਿੰਸੀਪਲ ਡਾ. ਰਵਨੀਤ ਕੌਰ ਅਤੇ ਚੰਡੀਗੜ੍ਹ ਦੇ ਸਿਹਤ ਸਕੱਤਰ ਬਰਾੜ ਵੀ ਹਾਜ਼ਰ ਸਨ।

ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤਿ ਗੁਰਪੁਰਬ ਅੱਜ ਮਨਾਇਆ ਜਾਵੇਗਾ: ਕਾਲਕਾ, ਕਾਹਲੋਂ

ਨਵੀਂ ਦਿੱਲੀ 4 ਅਕਤੂਬਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਸਿੱਖ ਧਰਮ ਦੇ ਬਾਨੀ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ ਜੋਤਿ ਸਮਾਉਣ ਦਾ ਗੁਰਪੁਰਬ 5 ਅਕਤੂਬਰ, 2026 ਦਿਨ ਸੋਮਵਾਰ ਨੂੰ ਗੁਰਦੁਆਰਾ ਨਾਨਕ ਪਿਆਉ ਸਾਹਿਬ ਵਿਖੇ ਬੜੀ ਸ਼ਰਧਾ, ਸਤਿਕਾਰ ਅਤੇ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਪਵਿੱਤਰ ਮੌਕੇ ਅੰਮ੍ਰਿਤ ਵੇਲੇ ਤੋਂ ਲੈ ਕੇ ਦੇਰ ਰਾਤ ਤੱਕ ਗੁਰਬਾਣੀ ਕੀਰਤਨ, ਕਥਾ-ਵਿਚਾਰ ਅਤੇ ਹੋਰ ਧਾਰਮਿਕ ਸਮਾਗਮ ਕਰਵਾਏ ਜਾਣਗੇ। । ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਪਵਿੱਤਰ ਗੁ

ਸੰਪਾਦਕੀ

ਐੱਸਆਈਆਰ ਦਾ ਗ਼ੈਰ-ਵਾਜਬ ਵਿਰੋਧ

ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੁਧਾਈ ਯਾਨੀ ਕਿ ਐੱਸਆਈਆਰ ਦੀ ਪ੍ਰਕਿਰਿਆ ਵਿਚ ਛੁੱਟ ਗਏ ਵੋਟਰਾਂ ਦਾ ਪਤਾ ਲਗਾ ਕੇ ਉਨ੍ਹਾਂ ਦਾ ਨਾਂ ਵੋਟਰ ਲਿਸਟ 'ਚ ਸ਼ਾਮਲ ਕਰਨ ਲਈ ਵਿਸ਼ੇਸ਼ ਮੁਹਿੰਮ ਦੀ ਚੋਣ ਕਮਿਸ਼ਨ ਦੀ ਤਿਆਰੀ ਦੇ ਬਾਅਦ ਵੀ ਵਿਰੋਧੀ ਧਿਰ ਮੁੱਖ ਚੋਣ ਕਮਿਸ਼ਨਰ ਦੇ ਖ਼ ?ਲਾਫ਼ ਧਰਨਾ-ਪ੍ਰਦਰਸ਼ਨ ਕਰਨ ਵਿਚ ਲੱਗਿਆ ਹੋਇਆ ਹੈ। ਸਮਝਣਾ ਔਖਾ ਹੈ ਕਿ ਇਸ ਨਾਲ ਉਸ ਨੂੰ ਹਾਸਲ ਕੀ ਹੋਵੇਗਾ, ਕਿਉਂਕਿ ਉਹ ਐੱਸਆਈਆਰ ਦਾ ਵੀ ਵਿਰੋਧ ਕਰ ਰਿਹਾ ਹੈ। ਐੱਸਆਈਆਰ ਦੇ ਵਿਰੋਧ ਦਾ ਸਿੱਧਾ ਅਰਥ ਇਹ ਹੈ ਕਿ ਵਿਰੋਧੀ ਵੋਟਰ ਸੂਚੀਆਂ ਨੂੰ ਸਹੀ ਕਰਨ ਦੇ ਹੱਕ ਵਿਚ ਨਹੀਂ ਹੈ। ਕੀ ਇਹ ਵਿਲੱਖਣ ਨਹੀਂ ਹੈ ਕਿ ਇਕ ਪਾਸੇ ਉਹ ਵੋਟਰ ਸੂਚੀਆਂ ਵਿਚ ਗ਼ਲਤੀਆਂ ਦੀ ਸ਼ਿਕਾਇਤ ਵੀ ਕਰ ਰਿਹਾ ਹੈ ਤੇ ਦੂਜੇ ਪਾਸੇ ਉਨ੍ਹਾਂ ਨੂੰ ਦੂਰ ਕਰਨ ਲਈ ਐੱਸਆਈਆਰ ਵੀ ਨਹੀਂ ਹੋਣ ਦੇਣਾ ਚਾਹੁੰਦਾ। ਉਸ ਦੇ ਇਸ ਰਵੱਈਏ ਤੋਂ ਤਾਂ ਇਹੀ ਲੱਗਦਾ ਹੈ ਕਿ ਉਸ ਦਾ ਇਕੋ-ਇਕ ਉਦੇਸ਼ ਚੋਣ ਕਮਿਸ਼ਨ ਨੂੰ ਬਦਨਾਮ ਕਰਨਾ ਹੈ ਤੇ ਉਸ ਦੀ ਭਰੋਸੇਯੋਗਤਾ ਨੂੰ ਸ਼ੱਕੀ ਕਰਾਰ ਦੇਣਾ ਹੈ। ਤੰਗ ਸਿਆਸੀ ਹਿੱਤਾਂ ਦੀ ਪੂਰਤੀ ਦੇ ਲਈ ਬੇਸਿਰ-ਪੈਰ ਦੇ ਇਲਜ਼ਾਮਾਂ ਦਾ ਸਹਾਰਾ ਲੈ ਕੇ ਕਿਸੇ ਸੰਵਿਧਾਨਕ ਸੰਸਥਾ ਦੀ ਸਾਖ਼ ਨਾਲ ਖਿਲਵਾੜ ਕਰਨਾ ਇਕ ਤਰ੍ਹਾਂ ਨਾਲ ਲੋਕਤੰਤਰ ਨੂੰ ਕਮਜ਼ੋਰ ਕਰਨ ਵਾਲਾ ਹੀ ਕਾਰਜ ਹੈ। ਲੋਕਤੰਤਰ ਆਪਣੀਆਂ ਸੰਸਥਾਵਾਂ ਰਾਹੀਂ ਹੀ ਸਸ਼ਕਤ ਹੁੰਦਾ ਹੈ। ਇਸ ਤੋਂ ਵੱਡੀ ਵਿਡੰਬਨਾ ਹੋਰ ਕੋਈ ਨਹੀਂ ਕਿ ਲੋਕਤੰਤਰ ਦੀ ਦੁਹਾਈ ਦੇ ਰਹੀਆਂ ਵਿਰੋਧੀ ਧਿਰਾਂ ਇਕ ਤਰ੍ਹਾਂ ਨਾਲ ਉਸ ਦੀਆਂ ਜੜ੍ਹਾਂ 'ਤੇ ਹੀ ਵਾਰ ਕਰਨ ਦਾ ਕੰਮ ਕਰ ਰਹੀਆਂ ਹਨ। ਇਸ ਸੱਚ ਤੋਂ ਮੂੰਹ ਮੋੜਨ ਦਾ ਕੋਈ ਮਤਲਬ ਨਹੀਂ ਹੈ ਕਿ ਕਰੀਬ ਦੋ ਦਹਾਕੇ ਤੋਂ ਵੋਟਰ ਸੂਚੀਆਂ ਨੂੰ ਸਹੀ ਨਾ ਕੀਤੇ ਜਾਣ ਕਾਰਨ ਉਸ ਵਿਚ ਤਮਾਮ ਗੜਬੜੀਆਂ ਪੈਦਾ ਹੋ ਗਈਆਂ ਹਨ। ਇਨ੍ਹਾਂ ਨੂੰ ਐੱਸਆਈਆਰ ਰਾਹੀਂ ਹੀ ਦੂਰ ਕੀਤਾ ਜਾ ਸਕਦਾ ਹੈ ਤੇ ਇਸ ਪ੍ਰਕਿਰਿਆ ਦਾ ਪਾਲਣ ਕਰਨਾ ਚੋਣ ਕਮਿਸ਼ਨ ਦਾ ਸੰਵਿਧਾਨਕ ਅਧਿਕਾਰ ਹੈ। ਇਸ ਨੂੰ ਸੁਪਰੀਮ ਕੋਰਟ ਨੇ ਵੀ ਵਾਰ ਵਾਰ ਸਪੱਸ਼ਟ ਕੀਤਾ ਹੈ। ਇਸ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਜਿੱਥੇ ਲਗਪਗ 90 ਕਰੋੜ ਤੋਂ ਵੱਧ ਵੋਟਰ ਹੋਣ, ਉੱਥੇ ਵੋਟਰ ਸੂਚੀਆਂ ਨੂੰ ਦਰੁਸਤ ਕਰਨ ਦੀ ਪ੍ਰਕਿਰਿਆ ਵਿਚ ਕੁਝ ਨਾ ਕੁਝ ਗੜਬੜ ਰਹਿ ਹੀ ਜਾਵੇਗੀ ਪਰ ਇਸ ਦੇ ਆਧਾਰ 'ਤੇ ਇਹ ਨਤੀਜਾ ਕੱਢਣਾ ਲੋਕਾਂ ਨੂੰ ਗੁੰਮਰਾਹ ਕਰਨ ਹੀ ਹੈ ਕਿ ਚੋਣ ਕਮਿਸ਼ਨ ਕਿਸੇ ਖ਼ਾਸ ਧਿਰ ਦੇ ਪੱਖ ਵਿਚ ਕੰਮ ਕਰ ਰਿਹਾ ਹੈ। ਵਿਰੋਧੀ ਚੋਣ ਕਮਿਸ਼ਨ 'ਤੇ ਅਜਿਹੇ ਇਲਜ਼ਾਮ ਤਾਂ ਵੱਧ-ਚੜ੍ਹ ਕੇ ਲਗਾ ਰਹੇ ਹਨ ਪਰ ਐੱਸਆਈਆਰ ਦੀ ਪ੍ਰਕਿਰਿਆ ਵਿਚ ਉਸ ਦਾ ਸਹਿਯੋਗ ਕਰਨ ਲਈ ਬਿਲਕੁਲ ਵੀ ਤਿਆਰ ਨਹੀਂ ਹਨ। ਇਸੇ ਤਰ੍ਹਾਂ ਉਹ ਐੱਸਆਈਆਰ ਕਰ ਰਹੇ ਕਰਮਚਾਰੀਆਂ ਦੀਆਂ ਗ਼ਲਤੀਆਂ ਨੂੰ ਤਾਂ ਤੂਲ ਦੇ ਰਹੇ ਹਨ ਪਰ ਉਸ ਦੀ ਅਣਦੇਖੀ ਕਰ ਰਹੇ ਹਨ ਕਿ ਚੋਣ ਕਮਿਸ਼ਨ ਉਸ ਨੂੰ ਠੀਕ ਕਰਨ ਲਈ ਵੀ ਵੱਡੇ ਪੱਧਰ 'ਤੇ ਕਦਮ ਚੁੱਕ ਰਿਹਾ ਹੈ। ਇਸ ਸੰਦਰਭ ਵਿਚ ਸੁਪਰੀਮ ਕੋਰਟ ਵੀ ਉਸ ਨੂੰ ਜ਼ਰੂਰੀ ਨਿਰਦੇਸ਼ ਦੇ ਰਿਹਾ ਹੈ। ਆਖ਼ਰ ਜਿਸ ਪ੍ਰਕਿਰਿਆ ਨੂੰ ਸੁਪਰੀਮ ਕੋਰਟ ਸਹੀ ਮੰਨ ਰਿਹਾ ਹੈ, ਉਸ ਨੂੰ ਗ਼ਲਤ ਠਹਿਰਾਉਣ ਦਾ ਕੀ ਮਤਲਬ ਰਹਿ ਜਾਂਦਾ ਹੈ ? ਹੁਣ ਜਦੋਂ ਵਿਰੋਧੀ ਦਲ ਚੋਣ ਕਮਿਸ਼ਨ ਨੂੰ ਦਾਗ਼ਦਾਰ ਕਰਨ ਲਈ ਇਕ ਸੂਤਰੀ ਪ੍ਰੋਗਰਾਮ ਵਿਚ ਲੱਗ ਗਏ ਹਨ, ਉਦੋਂ ਕਮਿਸ਼ਨ ਨੂੰ ਵੀ ਦੇਖਣਾ ਹੋਵੇਗਾ ਕਿ ਉਹ ਇਸ ਕੂੜ ਪ੍ਰਚਾਰ ਦੀ ਕਿਵੇਂ ਕਾਟ ਕਰਨਗੇ ? ਉਸ ਦੇ ਸਾਹਮਣੇ ਇਸ ਤੋਂ ਇਲਾਵਾ ਹੋਰ ਕੋਈ ਹੱਲ ਨਹੀਂ ਹੈ ਕਿ ਉਹ ਆਪਣੀ ਮਾਣ-ਮਰਿਆਦਾ ਦੀ ਰਾਖੀ ਲਈ ਸਰਗਰਮੀ ਨਾਲ ਅੱਗੇ ਆਵੇ। ਕਿਉਂਕਿ ਇਹ ਮੁਲਕ ਦੀ ਇਕ ਸੰਵਿਧਾਨਕ ਸੰਸਥਾ ਦੀ ਸਾਖ਼ ਨਾਲ ਜੁੜਿਆ ਹੋਇਆ ਸਵਾਲ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ

ਪ੍ਰੋ. ਪੂਰਨ ਸਿੰਘ ਲਿੱਖਦੇ ਹਨ ਕਿ ਗੁਰੂ ਨਾਨਕ ਦੇਵ ਜੀ ਦਾ ਨਾਮ ਕਾਗਜ਼ ਤੇ ਲਿੱਖਣ ਨਾਲ ਕਾਗਜ਼ ਹੀ ਖੁਸ਼ਬੂਦਾਰ ਹੋ ਜਾਂਦਾ ਹੈ ਅਤੇ ਉਹਨਾਂ ਦਾ ਉਪਦੇਸ਼ ਕੋਈ ਧਾਰਨ ਕਰ ਲਵੇ ਤਾਂ ਜ਼ਿੰਦਗੀ ਚੰਦਨ ਦੀ ਖੁਸਬੂਈ ਨਾਲ ਭਰੀ ਜਾਂਦੀ ਹੈ।ਸ੍ਰੀ ਗੁਰੂ ਨਾਨਕ ਦੇਵ ਜੀ ਨੇ 15 ਅਪ੍ਰੈਲ 1469 ਈ: ਨੂੰ (1526 ਬਿਕਰਮੀ ਵਿਸਾਖ ਸੁਦੀ ਤਿੰਨ) ਨੂੰ ਪਿਤਾ ਮਹਿਤਾ ਕਾਲੂ ਅਤੇ ਮਾਤਾ ਤ੍ਰਿਪਤਾ ਜੀ ਦੇ ਗ੍ਰਹਿ ਰਾਇ ਭੋਇ ਦੀ ਤਲਵੰਡੀ ਨਨਕਾਣਾ ਸਾਹਿਬ ਪਾਕਿਸਤਾਨ ਵਿੱਚ ਰਾਤ ਦੇ ਇੱਕ ਵਜ਼ੇ ਅਵਤਾਰ ਧਾਰਿਆ। ਆਪ ਜੀ ਦੇ ਪਿਤਾ ਬੇਦੀ ਖੱਤਰੀ ਖਾਨਦਾਨ ਵਿੱਚੋਂ ਸਨ ਤੇ ਪਟਵਾਰੀ ਸਨ।

ਆਪ ਦਾ ਨਾਮ ਨਾਨਕ ਆਪ ਜੀ ਦੀ ਵੱਡੀ ਭੈਣ ਨਾਨਕੀ ਜੀ ਨੇ ਰੱਖਿਆ। ਪ੍ਰੋ. ਸਤਿਬੀਰ ਸਿੰਘ ਲਿੱਖਦੇ ਹਨ ਕਿ 'ਰਾਜ ਲੋਭ ਦਾ ਸੀ, ਚੌਕੀਦਾਰੀ ਕਾਮ ਦੀ ਸੀ, ਸਰਦਾਰੀ ਕੂੜ ਦੀ ਸੀ, ਜਨਤਾ ਅਗਿਆਨਤਾ ਦੇ ਹਨੇਰੇ ਵਿੱਚ ਫਸੀ ਹੋਈ ਸੀ, ਸੱਚ ਤੇ ਸਦਾਚਾਰ ਉੱਡ ਗਿਆ ਸੀ, ਧਰਮ ਦੇ ਠੇਕੇਦਾਰ ਧਰਮ ਨੂੰ ਵੇਚ-ਵੇਚ ਕੇ ਖਾ ਰਹੇ ਸਨ। ਇਸਤਰੀ ਰੂਪ ਦਾ ਸ਼ਿੰਗਾਰ ਬਣ ਕੇ ਵੇਸਵਾ ਬਣੀ ਹੋਈ ਸੀ, ਗੱਲ ਕੀ, ਹਰ ਗੱਲ ਵਿੱਚ ਕੂੜ ਪ੍ਰਧਾਨ ਸੀ।' ਇਹ ਦਸ਼ਾ ਸੀ ਜਦ ਗੁਰੂ ਨਾਨਕ ਦੇਵ ਜੀ ਪ੍ਰਗਟ ਹੋਏ ਜਦ ਆਪ ਜੀ ਵੱਡੇ ਹੋਏ ਤਾਂ ਆਪ ਨੂੰ ਪੜ੍ਹਨ ਲਈ 1476 ਈ: ਨੂੰ ਗੋਪਾਲ ਦਾਸ ਪਾਂਡੇ ਤੇ ਮੌਲਵੀਂ ਕੁਤਬਦੀਨ ਕੋਲ ਭੇਜਿਆ।

ਜਦੋਂ ਆਪ ਜੀ ਨੌ ਸਾਲ ਦੇ ਹੋਏ ਤਾਂ ਆਪ ਨੂੰ ਜੰਞੂ ਪਾਇਆ ਜਾਣ ਲੱਗਾ ਤਾਂ ਆਪ ਨੇ ਇਨਕਾਰ ਕਰ ਦਿੱਤਾ । ਆਪ ਸ਼ਾਂਤ ਸੁਭਾਅ ਦੇ ਮਾਲਕ ਸਨ ।ਆਪ ਸਦਾ ਪ੍ਰਭੂ ਭਗਤੀ ਵਿੱਚ ਲੀਨ ਰਹਿੰਦੇ ਸਨ। ਦੁਨਿਆਵੀਂ ਕੰਮਾਂ ਤੋਂ ਆਪ ਦਾ ਮਨ ਉਚਾਟ ਰਹਿੰਦਾ ਸੀ। ਆਪ ਦੇ ਘਰਵਾਲੇ ਆਪ ਪ੍ਰਤੀ ਚਿੰਤਤ ਰਹਿਣ ਲੱਗੇ ਕਿ ਨਾਨਕ ਨੂੰ ਕੋਈ ਕਸਰ ਹੈ। ਇਸ ਲਈ ਕਿਸੇ ਵੈਦ ਨੂੰ ਬੁਲਾਇਆ। ਜਦੋਂ ਵੈਦ ਨੇ ਪੁੱਛਿਆਂ ਤਾਂ ਆਪ ਨੇ ਪ੍ਰਭੂ ਮਿਲਣ ਦੀ ਤਾਂਘ ਪ੍ਰਗਟਾਈ। ਆਪ ਨੂੰ ਪਿਤਾ ਕਾਲੂ ਨੇ ਡੰਗਰ ਚਾਰਨ ਲਈ ਭੇਜਿਆ, ਜਿੱਥੇ ਆਪ ਨੇ ਕਈ ਕੌਤਕ ਕੀਤੇ। ਸੋਲ੍ਹਾਂ ਸਾਲ ਦੀ ਉਮਰ ਵਿੱਚ ਆਪ ਜੀ ਦੇ ਵਿਆਹ ਬਾਰੇ ਸੋਚਿਆ ਗਿਆ ਤੇ ਰਾਵੀ ਦਰਿਆ ਦੇ ਪੂਰਬੀ ਕੰਢੇ ਪਿੰਡ ਪੱਖੋਕੇ ਰੰਧਾਵੇ ਜਿਲ੍ਹਾ ਗੁਰਦਾਸਪੁਰ ਵਿਖੇ ਮੂਲਾ ਪਟਵਾਰੀ ਜਾਤ ਚੋਨਾ ਖੱਤਰੀ ਦੀ ਪੁੱਤਰੀ ਬੀਬੀ ਸੁਲੱਖਣੀ ਜੀ ਨਾਲ ਪਿੰਡ ਪੱਖੋਕੇ ਤੋਂ ਵੀਹ ਮੀਲ ਦੂਰ ਬਟਾਲੇ (ਜਿੱਥੇ ਮੂਲੇ ਦਾ ਅਸਲ ਪਿੰਡ ਸੀ) ਵਿੱਚ ਹੋਇਆਂ। ਜਿੱਥੇ ਅੱਜ ਕਲ ਗੁਰਦੁਆਰਾ ਕੰਧ ਸਾਹਿਬ ਸਸ਼ੋਭਿਤ ਹੈ।

ਵਿਆਹ ਤੋਂ ਬਾਅਦ ਵੀ ਆਪ ਦਾ ਮਨ ਘਰ ਦੇ ਕੰਮਾਂ ਵਿੱਚ ਨਾ ਲੱਗਾ ਤਾਂ ਆਪ ਦੇ ਪਿਤਾ ਨੇ ਵੀਹ ਰੁਪੈ ਦੇ ਕੇ ਆਪ ਨੂੰ ਵਪਾਰ ਕਰਨ ਲਈ ਭੇਜਿਆ ਤਾਂ ਆਪ ਭੁੱਖੇ ਸਾਧੂਆਂ ਨੂੰ ਭੋਜਨ ਛਕਾ ਕੇ ਘਰ ਆਏ ਤਾਂ ਪਿਤਾ ਕਾਲੂ ਨੇ ਬਹੁਤ ਝਿੜਕਿਆਂ ।ਵਿਆਹ ਤੋਂ ਕਈ ਸਾਲ ਬਾਅਦ ਜਦ ਆਪ ਦੇ ਘਰ ਕੋਈ ਉਲਾਦ ਨਾ ਹੋਈ ਤਾਂ ਆਪ ਜੀ ਦੀ ਸੱਸ ਚੰਦੋ ਰਾਣੀ, ਮਾਤਾ ਤ੍ਰਿਪਤਾ, ਗੁਰੂ ਕੇ ਮਹਿਲ ਮਾਤਾ ਸੁਲੱਖਣੀ ਜੀ ਚਿੰਤਾਤੁਰ ਰਹਿਣ ਲੱਗੇ। ਆਪ ਜੀ ਦੀ ਵੱਡੀ ਭੈਣ ਬੇਬੇ ਨਾਨਕੀ ਜੀ ਨੇ ਸਾਰਿਆ ਦੀ ਖੁਆਇਸ਼ ਤੋਂ ਆਪ ਜੀ ਨੂੰ ਜਾਣੂ ਕਰਾਇਆ। ਫਿਰ ਬਾਬਾ ਸ਼ ?ਰੀ ਚੰਦ ਜੀ ਤੇ ਬਾਬਾ ਲਖਮੀ ਦਾਸ ਜੀ ਦਾ ਜਨਮ ਹੋਇਆ। ਆਪ ਜੀ ਆਪਣੀ ਭੈਣ ਬੇਬੇ ਨਾਨਕੀ ਤੇ ਜੀਜਾ ਜੈ ਰਾਮ ਜੀ ਕੋਲ ਸੁਲਤਾਨਪੁਰ ਲੋਧੀ ਗਏ, ਜਿੱਥੇ ਆਪ ਨੇ ਨਵਾਬ ਦੌਲਤ ਖਾਂ ਦਾ ਲੌਧੀਖਾਨਾ ਸੰਭਾਲਿਆ ਤੇ ਤੇਰਾਂ- ਤੇਰਾਂ ਤੋਲ ਕੇ ਮਾਲਕ ਦੀ ਉਸਤਿਤ ਕੀਤੀ ਉਸ ਥਾਂ ਤੇ ਗੁਰਦੁਆਰਾ ਹੱਟ ਸਾਹਬ ਹੈ। ਗੁਰੂ ਨਾਨਕ ਸਾਹਬ ਜਦੋਂ ਤਲਵੰਡੀ ਤੋਂ ਸੁਲਤਾਨਪੁਰ ਆਏ ਸਨ ਤਾਂ ਮਾਤਾ ਸੁੱਲਖਣੀ ਜੀ ਨੂੰ ਕਿਹਾ ਸੀ ਕਿ ਰੁਜਗਾਰ ਮਿਲਣ ਤੇ ਬੁਲਾ ਲਵਾਂਗਾਂ ਤੇ ਉੱਥੇ ਬੁਲਾ ਕੇ ਵੱਖਰੇ ਮਕਾਨ ਵਿੱਚ ਰਹਿਣ ਲੱਗੇ, ਸੋ ਉਸ ਜਗਾ ?ਹ ਤੇ ਗੁਰਦੁਆਰਾ ਗੁਰੂ ਕਾ ਬਾਗ ਸਥਿੱਤ ਹੈ ।ਭਾਈ ਗੁਰਦਾਸ ਜੀ ਦੇ ਸ਼ਬਦਾਂ ਵਿੱਚ ਧਰਤੀ ਦੇ ਲੋਕਾਂ ਨੂੰ ਸੋਧਣ ਲਈ ਨਿੱਤਰ ਪਏ:

ਚੜਿਆ ਸੋਧਨ ਧਰਤਿ ਲੁਕਾਈ।।

ਆਪ ਨੇ ਆਪਣੇ ਜੀਵਨ ਕਾਲ ਵਿੱਚ ਉੱਤਰ, ਦੱਖਣ, ਪੂਰਬ, ਪੱਛਮ ਚਾਰ ਉਦਾਸੀਆਂ ਕੀਤੀਆਂ ।ਆਪ ਚੁਹੜਕਾਣਾ, ਹਰਿਦੁਆਰ, ਅਲਮੌੜਾ, ਗੋਰਖਮਤਾ, ਅਯੁੱਧਿਆ, ਪ੍ਰਯਾਗ, ਬਨਾਰਸ, ਗਯਾ, ਗੌਹਾਟੀ, ਕੰਡਾ ਭੀਲ, ਸਾਲਸ ਰਾਇ ਜੌਹਰੀ, ਢਾਕਾ, ਧਨਪੁਰ, ਜਗਨਨਾਥਪੁਰੀ, ਬੇਜਵਾੜਾ, ਕੜਾਪੇ, ਪਾਲੀਪੁਰ, ਰਮੇਸ਼ਵਰ, ਸਿੰਘਲਦੀਪ, ਕੋਚੀਨ, ਪਾਲਘਾਟ, ਪਾਧਰਪੁਰ, ਸੋਲਾਪੁਰ, ਨਾਰਸੀ, ਊਨਾ, ਉਆਕਾਰ, ਇੰਦੌਰ, ਉਜੈਨ, ਸੋਮਨਾਥ, ਜੂਨਾਗੜ

ਦੁਆਰਕਾ, ਕੱਛ ਵਾਮ ਵਾਰਗੀਏ, ਬੀਸ ਨਗਰ, ਆਬੂ ਪਰਬ ਜੈਨ ਪਾਸਰਾ, ਨਾਥ ਦੁਆਰਾ, ਚਤੌਤ, ਅਜਮੇਰ, ਪੁਸ਼ਕਰ, ਦਿਉਲੀ ਛਾਉਣੀ, ਪੁਸ਼ਕਰ, ਕਿਸ਼ਨਗੜ੍ਹ, ਪਾਣੀਪਤ ਪਿਹੋਵੇਂ, ਕੁਰਕਸ਼ੇਤਰ ਤੋਂ ਹੁੰਦੇ ਹੋਏ ਵਾਪਸ ਤਲਵੰਡੀ ਭਾਈ ਮਰਦਾਨੇ ਨਾਲ ਪਹੁੰਚੇ ।ਫਿਰ ਤਲਵੰਡੀ ਤੋਂ ਕਲਾਨੌਰ, ਕਰਤਾਰਪੁਰ, ਦਸੂਹਾ, ਕਾਗੜਾ, ਜਵਾਲਾਮੁਖੀ, ਸਾਂਈ ਬੁੱਢਣਸ਼ਾਹ, ਰਵਾਲਸਰ, ਬ੍ਰਹਮਕੋਠੀ, ਮਨੀਕਰਨ, ਪਿਜੌਰ, ਧਾਰਾਤੀਰਥ, ਬਸ਼ਤਰ, ਜੋੜਸਰ, ਸੁਮੇਰ ਪਰਬਤ, ਨੇਪਾਲ, ਸਿੱਕਮ , ਵੈਸਨੋ ਦੇਵੀਂ, ਅਮਰਨਾਥ, ਮਟਨ, ਜੰਮੂ, ਸਿਆਲਕੋਟ, ਪਸੂਰ ਤੇ ਵਾਪਸ ਕਰਤਾਰਪੁਰ ਆ ਗਏ।

ਫਿਰ ਕਰਤਾਰਪੁਰ ਤੋਂ ਇਸਲਾਮ ਤੀਰਥਾਂ ਵੱਲ ਪਾਕਪਟਨ, ਤੁਲੰਭੇ, ਮਖਦੂਮਪੁਰ, ਮੁਲਤਾਨ, ਬਹਾਵਲਪੁਰ, ਸ਼ੱਖਰ, ਸ਼ਿਕਾਰਪੁਰ, ਲਾਸਾਬੇਲਾ, ਮੇਕਰਾਨ, ਬਲੋਚਿਸਤਾਨ, ਕਾਅਬਾ, ਮਦੀਨੇ, ਬਸਰੇ, ਬਗਦਾਦ, ਇਰਾਕ, ਤੁਰਕਿਸਤਾਨ, ਅਫਗਾਨਿਸਤਾਨ, ਕਾਬਲ, ਜਲਾਲਾਬਾਦ, ਪੰਜਾ ਸਾਹਿਬ, ਜੇਹਲਮ, ਭੈਰੋ ਕੰਰ ਸਾਹਿਬ, ਡਿੰਗਾ ਸੈਦਪੁਰ ਤੇ ਵਾਪਸ ਕਰਤਾਰਪੁਰ ਤੇ ਫਿਰ ਕਰਤਾਰਪੁਰ ਤੋਂ ਸਿੱਧਾਂ ਕੋਲ ਮੁਲਤਾਨ, ਸਿਆਲਕੋਟ ਤੋਂ ਕਰਤਾਰਪੁਰ ਪਹੁੰਚੇ।

ਆਪ ਜੀ ਦੇ ਸਮੇਂ ਕਾਲ ਦੌਰਾਨ ਦੇ ਹੁਕਮਰਾਨ ਬਾਹਲੋਲ, ਸਿਕੰਦਰ, ਇਬਰਾਹੀਮ ਲੋਧੀ, ਬਾਬਰ ਤੇ ਹੰਮਾਯੂ ਰਹੇ ਹਨ। ਧੰਨ- ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਜੀ ਦੀ ਪਵਿੱਤਰ ਬਾਣੀ ਦਰਜ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਜੀ ਦੇ ਕੁੱਲ 974 (ਭਾਈ ਕਾਨ੍ਹ ਸਿੰਘ ਨਾਭਾ ਜੀ ਦੀ ਗਿਣਤੀ ਅਨੁਸਾਰ 947 ਛੰਦ ਹਨ) 19 ਰਾਗਾਂ ਸਿਰੀ, ਮਾਝ, ਗਉੜੀ, ਆਸਾ, ਗੂਜਰੀ ਵਡਹੰਸ, ਸੋਰਿਠ, ਧਨਾਸਰੀ, ਤਿਲੰਗ, ਸੂਹੀ, ਬਿਲਾਵਲ, ਰਾਮਕਲੀ, ਮਾਰੂ, ਤੁਖਾਰੀ ਭੈਰਉ, ਬਸੰਤ, ਸਾਰੰਗ, ਮਲਾਰ ਤੇ ਪ੍ਰਭਾਤੀ ਵਿੱਚ ਉਚਾਰੇ ਗਏ ਹਨ। ਭਾਈ ਲਹਿਣਾ ਜੀ ਦਾ ਗੁਰੂ ਜੀ ਕੋਲ 1532 ਈ: ਨੂੰ ਆਉਣਾ ਹੋਇਆ। ਭਾਈ ਲਹਿਣਾ ਜੀ ਨੇ ਸੱਤ ਸਾਲ ਗੁਰੂ ਸਾਹਿਬ ਜੀ ਦੀ ਤਨ ਮਨ ਨਾਲ ਸੇਵਾ ਕੀਤੀ ਗੁਰੂ ਸਾਹਿਬ ਜੀ ਨੇ ਭਾਈ ਲਹਿਣਾ ਜੀ ਨੂੰ ਭਾਈ ਲਹਿਣਾ ਤੋਂ ਗੁਰੂ ਅੰਗਦ ਦੇਵ ਬਣਾ ਦਿੱਤਾ। ਅੰਤ 22 ਸਤੰਬਰ 1539 ਈ: ਨੂੰ ਕਰਤਾਰਪੁਰ ਪਾਕਿਸਤਾਨ ਵਿਖੇ ਆਪ ਗੁਰਿਆਈ ਗੁਰੂ ਅੰਗਦ ਦੇਵ ਜੀ ਨੂੰ ਸੌਂਪ 70 ਸਾਲ ਦੀ ਲੰਮੀ ਆਯੂ ਭੋਗ ਕੇ ਜੋਤੀ ਜੋਤ ਸਮਾ ਗਏ। ਜਿੱਥੇ ਸੁੰਦਰ ਗੁਰੂਦੁਆਰਾ ਸਾਹਿਬ ਸਸ਼ੋਭਿਤ ਹੈ । ਰੋਜਾਨਾ ਹਜਾਰਾਂ ਸੰਗਤਾਂ ਗੁਰੂ ਸਾਹਿਬ ਦੇ ਚਰਨਾਂ ਵਿੱਚ ਨਤਮਸਤਕ ਹੁੰਦੀਆਂ ਹਨ।

ਧਰਮਿੰਦਰ ਸਿੰਘ(ਚੱਬਾ),
ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022

ਪ੍ਰਧਾਨ ਮੰਤਰੀ ਦੀ ਅਗਵਾਈ, ਹਰਿਆਣਾ 'ਚ ਜਨਤਕ ਭਾਗੀਦਾਰੀ ਅਤੇ ਵਿਕਸਤ ਭਾਰਤ ਦਾ ਸੰਕਲਪ

ਸਾਥੀਓ,

ਅੱਜ ਦਾ ਦਿਨ ਸਾਡੇ ਲਈ ਬਹੁਤ ਮਹੱਤਵਪੂਰਨ ਅਤੇ ਪ੍ਰੇਰਨਾਦਾਇਕ ਹੈ। ਸਾਡੇ ਸੂਬਾ ਪ੍ਰਧਾਨ, ਹਰਿਆਣਾ ਸਰਕਾਰ ਦੇ ਮੰਤਰੀਆਂ ਅਤੇ ਸਾਥੀ ਵਿਧਾਇਕਾਂ ਨੇ ਅੱਜ ਦੇਸ਼ ਦੇ ਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ।

ਪ੍ਰਧਾਨ ਮੰਤਰੀ ਨੇ ਸਾਨੂੰ ਹਰਿਆਣਾ ਦੇ ਵਿਕਾਸ, ਜਨਤਕ ਸੇਵਾ ਅਤੇ ਸੰਗਠਨਾਤਮਕ ਮਜ਼ਬੂਤੀ ਬਾਰੇ ਅਹਿਮ ਅਗਵਾਈ ਪ੍ਰਦਾਨ ਕੀਤੀ। ਮੈਂ ਅੱਜ ਇੱਥੇ ਉਸੇ ਅਗਵਾਈ ਨੂੰ ਹਰਿਆਣਾ ਦੇ ਲੋਕਾਂ ਨਾਲ ਸਾਂਝਾ ਕਰਨ ਲਈ ਆਇਆ ਹਾਂ। ਸਾਡੇ ਲਈ, ਇਹ ਸਿਰਫ਼ ਇੱਕ ਮੀਟਿੰਗ ਨਹੀਂ ਸੀ; ਇਹ ਇੱਕ ਸਪੱਸ਼ਟ ਦਿਸ਼ਾ-ਨਿਰਦੇਸ਼ ਸੀ ਕਿ ਕਿਵੇਂ ਹਰਿਆਣਾ ਨੂੰ 'ਵਿਕਸਤ ਭਾਰਤ' ਦੇ ਸੰਕਲਪ ਨਾਲ ਹੋਰ ਮਜ਼ਬੂਤੀ ਨਾਲ ਜੋੜਿਆ ਜਾਵੇ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਕਸਤ ਭਾਰਤ ਦਾ ਨਿਰਮਾਣ ਸਿਰਫ਼ ਸਰਕਾਰਾਂ ਦੇ ਯਤਨਾਂ ਨਾਲ ਨਹੀਂ ਕੀਤਾ ਜਾ ਸਕਦਾ। ਇਹ ਉਦੋਂ ਹੀ ਹਕੀਕਤ ਬਣੇਗਾ ਜਦੋਂ ਦੇਸ਼ ਦਾ ਹਰ ਪਿੰਡ, ਕਿਸਾਨ, ਨੌਜਵਾਨ, ਔਰਤ ਅਤੇ ਪਰਿਵਾਰ ਇਸ ਸੰਕਲਪ ਨੂੰ ਅਪਣਾਏਗਾ। ਇਸ ਰਾਸ਼ਟਰੀ ਸੰਕਲਪ ਵਿੱਚ ਹਰਿਆਣਾ ਅਹਿਮ ਭੂਮਿਕਾ ਨਿਭਾਉਂਦਾ ਹੈ। ਜਨਤਕ ਭਾਗੀਦਾਰੀ—ਪ੍ਰਧਾਨ ਮੰਤਰੀ ਦੀ ਅਗਵਾਈ ਦਾ ਮੁੱਖ ਮੰਤਰ ਪ੍ਰਧਾਨ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਅਸੀਂ ਇਹ ਯਕੀਨੀ ਬਣਾ

ਵਿਧਾਇਕਾ ਸੰਤੋਸ਼ ਕਟਾਰੀਆ ਨੇ ਵਾਰਡ ਨੰਬਰ 14 ਨੂੰ ਸੌਂਪਿਆ 8 ਲੱਖ ਰੁਪਏ ਦਾ ਚੈੱਕ; ਬੁਨਿਆਦੀ ਢਾਂਚਾ ਹੋਵੇਗਾ ਮਜ਼ਬੂਤ

ਬਲਾਚੌਰ, 4 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਬਲਾਚੌਰ ਹਲਕੇ ਦੇ ਸ਼ਹਿਰੀ ਖੇਤਰ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੰਦਿਆਂ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਵਾਰਡ ਨੰਬਰ 14 ਦੇ ਸੁਧਾਰ ਲਈ 8 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਇਲਾਕਾ ਨਿਵਾਸੀਆਂ ਅਤੇ ਨੁਮਾਇੰਦਿਆਂ ਨੂੰ ਭੇਟ ਕੀਤਾ ਗਿਆ। ਇਸ ਸਰਕਾਰੀ ਗ੍ਰਾਂਟ ਦੀ ਵਰਤੋਂ ਨਾਲ ਵਾਰਡ ਦੀਆਂ ਮੁੱਖ ਗਲੀਆਂ, ਨਾਲੀਆਂ, ਪੀਣ ਵਾਲੇ ਪਾਣੀ ਦੇ ਪ੍ਰਬੰਧਾਂ ਅਤੇ ਹੋਰ ਜ਼ਰੂਰੀ ਬੁਨਿਆਦੀ ਢਾਂਚੇ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਮੁਕੰਮਲ ਕੀਤਾ ਜਾਵੇਗਾ, ਸਥਾਨਕ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਬਲਾਚੌਰ ਹਲਕੇ ਦੇ ਹਰ ਇੱਕ ਪਿੰਡ ਅਤੇ ਸ਼ਹਿਰੀ ਵਾਰਡ ਦਾ ਬਿਨਾਂ ਕਿਸੇ ਪੱਖਪਾਤ ਜਾਂ ਭੇਦਭਾਵ ਦੇ ਸਰਵਪੱਖੀ ਵਿਕਾਸ ਕਰਵਾਉਣਾ ਉਨ੍ਹਾਂ ਦਾ ਮੁੱਖ ਟੀਚਾ ਹੈ। ਉਨ੍ਹਾਂ ਦੱਸਿਆ ਕਿ ਇਲਾਕਾ ਨਿਵਾਸੀਆਂ ਵੱਲੋਂ ਸਮੇਂ-ਸਮੇਂ ਤੇ ਵਿਕਾਸ ਕਾਰਜਾਂ ਸਬੰਧੀ ਜੋ ਮੰਗਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ ਜਾਂਦੀਆਂ ਹਨ, ਉਨ੍ਹਾਂ ਨੂੰ ਬਿਨਾਂ ਕਿਸੇ ਦੇਰੀ ਦੇ ਪੂਰਾ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ 8 ਲੱਖ ਰੁਪਏ ਦੀ ਇਸ ਗ੍ਰਾਂਟ ਨਾਲ ਵਾਰਡ ਨੰਬਰ 14 ਵਿੱਚ ਚੱਲ ਰਹੇ ਅਤੇ ਰੁਕੇ ਹੋਏ ਵਿਕਾਸ ਕੰਮਾਂ ਨੂੰ ਤੇਜ਼ੀ ਮਿਲੇਗੀ, ਜਿਸ ਨਾਲ ਲੋਕਾਂ ਨੂੰ ਬਿਹਤਰ ਅਤੇ ਆਧੁਨਿਕ ਸਹੂਲਤਾਂ ਹਾਸਲ ਹੋਣਗੀਆਂ। ਉਨ੍ਹਾਂ ਕਿਹਾ ਕਿ ਹਲਕਾ ਵਾਸੀਆਂ ਦੀ ਸੇਵਾ ਅਤੇ ਖੇਤਰ ਦੀ ਨੁਹਾਰ ਬਦਲਣਾ ਹੀ ਉਨ੍ਹਾਂ ਦਾ ਮੁੱਖ ਮਕਸਦ ਹੈ। ਸਮਾਗਮ ਦੌਰਾਨ ਮੌਜੂਦ ਸੀਨੀਅਰ 'ਆਪ' ਆਗੂ ਅਸ਼ੋਕ ਕਟਾਰੀਆ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਨੂੰ ਹਰ ਪੱਧੋਂ ਵਿਕਾਸ ਕਰਾਉਣ ਲਈ ਵਚਨਬੱਧ ਹੈ। ਵਾਰਡ ਨੰਬਰ 14 ਲਈ 8 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਨਾ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਸਰਕਾਰ ਅਤੇ ਹਲਕਾ ਵਿਧਾਇਕਾ ਆਮ ਲੋਕਾਂ ਦੀਆਂ ਬੁਨਿਆਦੀ ਲੋੜਾਂ ਪ੍ਰਤੀ ਪੂਰੀ ਤਰ੍ਹਾਂ ਸੰਜੀਦਾ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਬਲਾਚੌਰ ਸ਼ਹਿਰ ਦੇ ਹੋਰਨਾਂ ਵਾਰਡਾਂ ਅਤੇ ਪਿੰਡਾਂ ਵਿੱਚ ਲੋੜ ਅਨੁਸਾਰ ਵੱਡੀਆਂ ਗ੍ਰਾਂਟਾਂ ਜਾਰੀ ਕੀਤੀਆਂ ਜਾਣਗੀਆਂ ਤਾਂ ਜੋ ਵਿਕਾਸ ਦੀ ਇਹ ਰਫ਼ਤਾਰ ਨਿਰੰਤਰ ਜਾਰੀ ਰਹੇ। ਇਸ ਵਿਸ਼ੇਸ਼ ਮੌਕੇ ਤੇ ਨਗਰ ਕੌਂਸਲ ਪ੍ਰਧਾਨ ਸੁਨੀਲ ਕੌਸ਼ਲ ਲਾਡੀ ਰਾਣਾ, ਐਮ.ਸੀ. ਨਿਰਮਲਾ, ਜਸਵਿੰਦਰ ਸਿਆਨ, ਸੁਰਿੰਦਰ ਸੀਹਮਾਰ ਸਮੇਤ ਆਪ ਪਾਰਟੀ ਦੇ ਹੋਰ ਆਗੂ, ਵਰਕਰ ਅਤੇ ਵਾਰਡ ਨੰਬਰ 14 ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਵਾਰਡ ਵਾਸੀਆਂ ਵੱਲੋਂ ਵਿਧਾਇਕਾ ਸੰਤੋਸ਼ ਕਟਾਰੀਆ ਅਤੇ ਪੰਜਾਬ ਸਰਕਾਰ ਦਾ ਗ੍ਰਾਂਟ ਜਾਰੀ ਕਰਨ ਲਈ ਧੰਨਵਾਦ ਵੀ ਕੀਤਾ ਗਿਆ।

ਮੁੱਖ ਮੰਤਰੀ ਮਾਨ ਖਾਲੀ ਹੱਥ ਪਰਤੇ; ਹਸਪਤਾਲ ਦਾ ਦਰਜਾ ਘਟਾਉਣ ਅਤੇ ਗੰਦਗੀ ਦੇ ਢੇਰਾਂ ਕਾਰਨ ਸ਼ਹਿਰ ਵਾਸੀਆਂ ਚ ਗੁੱਸਾ

4 ਅਕਤੂਬਰ ਸ੍ਰੀ ਖਡੂਰ ਸਾਹਿਬ (ਨਰਿੰਦਰਪਾਲ ਸਿੰਘ ਕਾਲੜਾ) ਪਵਿੱਤਰ ਨਗਰੀ ਸ੍ਰੀ ਗੋਇੰਦਵਾਲ ਸਾਹਿਬ ਦੀ ਇਤਿਹਾਸਕ ਧਰਤੀ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਲੋਂ ਪਿਛਲੇ ਦਿਨੀਂ ਕੀਤੀਆਂ ਗਈਆਂ ਦੋ-ਦੋ ਸਿਆਸੀ ਕਾਨਫ਼ਰੰਸਾਂ ਤੋਂ ਬਾਅਦ ਇਲਾਕਾ ਵਾਸੀਆਂ ਵਿੱਚ ਭਾਰੀ ਮਾਯੂਸੀ ਦਾ ਆਲਮ ਦੇਖਣ ਨੂੰ ਮਿਲ ਰਿਹਾ ਹੈ। ਪੰਜਾਬ ਸਰਕਾਰ ਦੀ ਇਸ ਅਣਦੇਖੀ ਅਤੇ ਰੱਵਈਏ ਤੇ ਤਿੱਖਾ ਹਮਲਾ ਬੋਲਦਿਆਂ ਪ੍ਰਮੁੱਖ ਆਗੂ ਗੁਲਵਿੰਦਰ ਸਿੰਘ ਰਾਏ ਨੇ ਪ੍ਰੈੱਸ ਮਿਲਣੀ ਦੌਰਾਨ ਆਖਿਆ ਕਿ ਗੋਇੰਦਵਾਲ ਸਾਹਿਬ ਨਾਲ ਕੀਤਾ ਜਾ ਰਿਹਾ ਮਤਰੇਈ ਮਾਂ ਵਾਲਾ ਵਤੀਰਾ ਇਲਾਕੇ ਦੀ ਸੰਗਤ ਅਤੇ ਆਮ ਜਨਤਾ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗੀ। ਗੁਲਵਿੰਦਰ ਸਿੰਘ ਰਾਏ ਨੇ ਪੰਜਾਬ ਸਰਕਾਰ ਤੇ ਸ਼ਬਦੀ ਤੀਰ ਚਲਾਉਂਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਉਮੀਦ ਸੀ ਕਿ ਮੁੱਖ ਮੰਤਰੀ ਭਗਵੰਤ ਮਾਨ ਇਸ ਗੁਰੂ-ਘਰ ਦੀ ਨਗਰੀ ਲਈ ਕੋਈ ਵੱਡਾ ਵਿਕਾਸ ਪੈਕੇਜ, ਨਵਾਂ ਖੇਡ ਸਟੇਡੀਅਮ, ਇੰਡਸਟਰੀ ਲਈ ਵਿਸ਼ੇਸ਼ ਰਿਆਇਤਾਂ ਜਾਂ ਪਲਾਟ ਹੋਲਡਰਾਂ ਦੀਆਂ ਲਮਕਦੀਆਂ ਮੁਸ਼ਕਿਲਾਂ ਦਾ ਪੱਕਾ ਹੱਲ ਐਲਾਨਣਗੇ। ਪਰ ਅਫ਼ਸੋਸ, ਮੁੱਖ ਮੰਤਰੀ ਸਾਹਿਬ ਆਏ, ਲੋਕਾਂ ਨੂੰ ਚੁਟਕੁਲੇ ਸੁਣਾ ਕੇ ਹਸਾਇਆ ਅਤੇ ਬਿਨਾਂ ਕੋਈ ਠੋਸ ਸੁਗਾਤ ਦਿੱਤੇ ਖਾਲੀ ਹੱਥ ਪਰਤ ਗਏ। ਰਾਏ ਨੇ ਅੱਗੇ ਦੋਸ਼ ਲਾਇਆ ਕਿ ਵਿਕਾਸ ਦੇ ਵੱਡੇ-ਵੱਡੇ ਦਅਵੇ ਕਰਨ ਵਾਲੀ ਸਰਕਾਰ ਨੇ ਨਵਾਂ ਵਿਕਾਸ ਕਰਨਾ ਤਾਂ ਦੂਰ ਦੀ ਗੱਲ, ਪਹਿਲਾਂ ਤੋਂ ਮਿਲ ਰਹੀਆਂ ਸਹੂਲਤਾਂ ਤੇ ਵੀ ਝਾੜੂ ਫੇਰ ਦਿੱਤਾ ਹੈ, ਸ੍ਰੀ ਗੋਇੰਦਵਾਲ ਸਾਹਿਬ ਦੇ ਸਰਕਾਰੀ ਹਸਪਤਾਲ ਦਾ ਦਰਜਾ ਘਟਾ ਕੇ ਉਸ ਨੂੰ ਆਮ ਆਦਮੀ ਕਲੀਨਿਕ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਜੱਚਾ-ਬੱਚਾ ਵਰਗੀਆਂ ਅਹਿਮ ਸਹੂਲਤਾਂ ਬੰਦ ਕਰਕੇ ਇਸ ਨੂੰ ਦੂਰ-ਦੁਰਾਡੇ ਪੇਂਡੂ ਹਸਪਤਾਲ ਵਿੱਚ ਭੇਜਣਾ ਸ਼ਹਿਰ ਵਾਸੀਆਂ ਦੀ ਸਮਝ ਤੋਂ ਬਾਹਰ ਹੈ। ਗੁਰੂ ਨਗਰੀ ਵਿੱਚ ਥਾਂ-ਥਾਂ ਗੰਦਗੀ ਦੇ ਢੇਰ ਲੱਗੇ ਹੋਏ ਹਨ, ਪਰ ਪ੍ਰਸ਼ਾਸਨ ਅਤੇ ਸਰਕਾਰ ਅੱਖਾਂ ਮੀਟ ਕੇ ਬੈਠੀ ਹੈ। ਗੁਲਵਿੰਦਰ ਸਿੰਘ ਰਾਏ ਨੇ ਕਿਹਾ ਕਿ ਗੁਰੂ ਦੀ ਨਗਰੀ ਨਾਲ ਇਹ ਧੱਕਾ ਅਤੇ ਅਣਦੇਖੀ ਬਹੁਤ ਮੰਦਭਾਗੀ ਹੈ। ਆਮ ਆਦਮੀ ਪਾਰਟੀ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡ ਰਹੀ ਹੈ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਆਪ ਸਰਕਾਰ ਨੂੰ ਇਸ ਨਿਘਾਰੂ ਵਤੀਰੇ ਦਾ ਭਾਰੀ ਖ਼ਮਿਆਜ਼ਾ ਭੁਗਤਣਾ ਪਵੇਗਾ। ਇਸ ਪ੍ਰੈੱਸ ਮਿਲਣੀ ਦੌਰਾਨ ਉਹਨਾਂ ਦੇ ਨਾਲ ਆਗੂ ਰਘਬੀਰ ਸਿੰਘ ਵਿਰਕ, ਲਾਡੀ ਬਾਠ, ਸਾਬਕਾ ਸਰਪੰਚ ਮੋਹਨ ਸਿੰਘ ਬੱਲਾ, ਪ੍ਰਤਾਪ ਸਿੰਘ ਪੰਜਾਬੀ ਅਤੇ ਸ਼ਾਮ ਸਿੰਘ ਆਦਿ ਸ਼ਖਸੀਅਤਾਂ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।

ਕੂੜੇ ਦੇ ਡੰਪ 'ਤੇ ਕਾਂਗਰਸ ਦੀ ਦੋਗਲੀ ਰਾਜਨੀਤੀ: ਚੇਤ ਰਾਮ ਰਤਨ

ਬੰਗਾ, 4 ਅਕਤੂਬਰ (ਮਨਜਿੰਦਰ ਸਿੰਘ): ਨਗਰ ਕੌਂਸਲ ਬੰਗਾ ਦੇ ਸੀਨੀਅਰ ਸਾਬਕਾ ਕੌਂਸਲਰ ਅਤੇ ਭਾਜਪਾ ਐੱਸ.ਸੀ. ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਚੇਤ ਰਾਮ ਰਤਨ ਨੇ ਸਾਬਕਾ ਵਿਧਾਇਕ ਅਤੇ ਕਾਂਗਰਸੀ ਕੌਂਸਲਰਾਂ ਵੱਲੋਂ ਕੂੜੇ ਦੇ ਡੰਪ ਅਤੇ ਸ਼ਹਿਰ ਦੇ ਵਿਕਾਸ ਕਾਰਜਾਂ ਸਬੰਧੀ ਕੀਤੀ ਪ੍ਰੈੱਸ ਕਾਨਫਰੰਸ ਦੀ ਆਲੋਚਨਾ ਕੀਤੀ ਹੈ। ਨਵੀਂ ਆਬਾਦੀ ਵਿੱਚ ਕੂੜੇ ਦਾ ਡੰਪ ਕਾਂਗਰਸ ਸਰਕਾਰ ਦੇ ਸਮੇਂ ਇੱਕੋ ਪਰਿਵਾਰ ਨਾਲ ਸਬੰਧਤ ਸਾਬਕਾ ਸੰਸਦੀ ਸਕੱਤਰ ਸਵ. ਪ੍ਰਕਾਸ਼ ਸਿੰਘ, ਸਾਬਕਾ ਵਿਧਾਇਕਾ ਗੁਰਇਕਬਾਲ ਕੌਰ ਅਤੇ ਸਾਬਕਾ ਵਿਧਾਇਕ ਅੰਗਦ ਸਿੰਘ ਦੇ ਕਾਰਜਕਾਲ ਦੀ ਦੇਣ ਹੈ। ਹੁਣ ਇਸੇ ਮੁੱਦੇ 'ਤੇ ਕਾਂਗਰਸੀ ਆਗੂ ਮੀਡੀਆ ਰਾਹੀਂ ਲੋਕਾਂ ਦੀ ਹਮਦਰਦੀ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਹ ਕਾਂਗਰਸ ਸਰਕਾਰ ਦੇ ਸਮੇਂ ਤਿੰਨ ਵਾਰ ਕੌਂਸਲਰ ਰਹੇ ਅਤੇ ਹਰ ਨਗਰ ਕੌਂਸਲ ਮੀਟਿੰਗ ਵਿੱਚ ਡੰਪ ਹਟਾਉਣ ਦੀ ਮੰਗ ਜ਼ੋਰਦਾਰ ਢੰਗ ਨਾਲ ਉਠਾਉਂਦੇ ਰਹੇ। ਡੰਪ ਤਬਦੀਲ ਕਰਨ ਲਈ ਜ਼ਮੀਨ ਅਤੇ ਪੰਚਾਇਤ ਨਾਲ ਸਹਿਮਤੀ ਨਾ ਬਣ ਸਕਣ ਕਾਰਨ ਮਾਮਲਾ ਲਟਕਦਾ ਰਿਹਾ, ਜਿਸ ਦਾ ਖਮਿਆਜ਼ਾ ਅੱਜ ਵੀ ਲੋਕ ਭੁਗਤ ਰਹੇ ਹਨ। ਚੁਣੇ ਹੋਏ ਨੁਮਾਇੰਦਿਆਂ ਦਾ ਕੰਮ ਸਿਰਫ਼ ਪ੍ਰੈੱਸ ਕਾਨਫਰੰਸਾਂ ਕਰਨਾ ਨਹੀਂ, ਸਗੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਠੋਸ ਹੱਲ ਕਰਨਾ ਹੈ। ਕਾਂਗਰਸ ਅਤੇ 'ਆਪ' ਦੋਵੇਂ ਧਿਰਾਂ ਨੂੰ ਸਿਆਸੀ ਇਲਜ਼ਾਮਬਾਜ਼ੀ ਦੀ ਬਜਾਏ ਸ਼ਹਿਰ ਦੀ ਸਫ਼ਾਈ, ਵਿਕਾਸ ਅਤੇ ਹੋਰ ਬੁਨਿਆਦੀ ਸਮੱਸਿਆਵਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਕਾਂਗਰਸ ਵੱਲੋਂ ਅਦਾਲਤੀ ਮਾਮਲਿਆਂ ਰਾਹੀਂ ਵੀ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਰੁਕਾਵਟ ਪੈਦਾ ਕੀਤੀ ਗਈ। ਸਾਬਕਾ ਵਿਧਾਇਕ ਨੂੰ ਸਿਆਸਤ ਤੋਂ ਉੱਪਰ ਉੱਠ ਕੇ ਨਗਰ ਕੌਂਸਲ ਦੀਆਂ ਜ਼ਿੰਮੇਵਾਰੀਆਂ ਨਿਭਾਉਣ ਦੀ ਅਪੀਲ ਕੀਤੀ। ਰਾਮ ਜੀ ਲਾਲ, ਸੋਮ ਲਾਲ, ਡਾ. ਅਵਤਾਰ, ਪਵਨ ਰੱਤੂ, ਰਾਮ ਲੁਭਾਇਆ, ਗੁਰਦੇਵ ਰਾਮ ਅਤੇ ਸੁਰੇਸ਼ ਧੀਰ ਸਮੇਤ ਹੋਰ ਹਾਜ਼ਰ ਸਨ।

ਬਾਪੂ ਤਰਸੇਮ ਸਿੰਘ ਦੀ ਅਗਵਾਈ ਵਿੱਚ ਸਾਬਕਾ ਜਥੇਦਾਰ ਨੰਦਗੜ ਜੀ ਦੇ ਦਾਮਾਦ ਭਾਈ ਪ੍ਰਗਟ ਸਿੰਘ ਭੋਡੀਪੁਰਾ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਲ

ਅੰਮ੍ਰਿਤਸਰ 4 ਸਤੰਬਰ (ਰਾਜੇਸ਼ ਡੈਨੀ) ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਬੀਤੇ ਕੱਲ੍ਹ ਮੁਹਾਲੀ ਵਿਖੇ ਹੋਈ ਵਿਸ਼ਾਲ ਕਾਨਫਰੰਸ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਸੱਚਖੰਡ ਵਾਸੀ ਗਿਆਨੀ ਬਲਵੰਤ ਸਿੰਘ ਨੰਦਗੜ੍ਹ ਜੀ ਦੇ ਦਾਮਾਦ, ਦਸਤਾਰ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਅਤੇ ਪ੍ਰਮੁੱਖ ਪੰਥਕ ਆਗੂ ਭਾਈ ਪਰਗਟ ਸਿੰਘ ਭੋਡੀਪੁਰਾ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਏ। ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਅਤੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਵੱਲੋਂ ਸਿਰੋਪਾਓ ਦੇ ਕੇ ਉਨ੍ਹਾਂ ਨੂੰ ਸਨਮਾਨਿਤ ਕਰਦਿਆਂ ਪਾਰਟੀ ਵਿੱਚ ਜੀ ਆਇਆਂ ਕਿਹਾ ਗਿਆ। ਇਸ ਮੌਕੇ ਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵਿੱਚੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ, ਵਿਧਾਇਕ ਸ੍ਰ ਮਨਪ੍ਰੀਤ ਸਿੰਘ ਇਆਲੀ, ਭਾਈ ਅਮਰਜੀਤ ਸਿੰਘ ਵੈਨਚਿਡੀ, ਪਾਰਲੀਮਾਨੀ ਬੋਰਡ ਦੇ ਚੇਅਰਮੈਨ ਸ੍ ਕਾਬਲ ਸਿੰਘ, ਪਾਰਲੀਮਾਨੀ ਬੋਰਡ ਮੈਂਬਰ ਸ੍ ਪ੍ਰਗਟ ਸਿੰਘ ਸੰਧੂ ਅਤੇ ਭਾਈ ਸੁਖਵਿੰਦਰ ਸਿੰਘ ਅਗਵਾਨ, ਸ੍ ਬਾਬੂ ਸਿੰਘ ਬਰਾੜ, ਬੀਬੀ ਹਰਪ੍ਰੀਤ ਕੌਰ, ਪ੍ਰੋਫੈਸਰ ਸਤਨਾਮ ਕੌਰ, ਭਾਈ ਸੰਦੀਪ ਸਿੰਘ ਰੁਪਾਲੋਂ, ਭਾਈ ਦਲੇਰ ਸਿੰਘ ਡੋਡ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਸਾਬਕਾ ਡੀ ਐਸ ਪੀ ਬਲਵਿੰਦਰ ਸਿੰਘ ਸੇਖੋਂ, ਸ੍ ਬਲਰਾਜ ਸਿੰਘ ਭੁੱਠਲ, ਭਾਈ ਪਰਮਜੀਤ ਸਿੰਘ, ਸਕੱਤਰ ਭੁਪਿੰਦਰ ਸਿੰਘ, ਸ੍ ਜਗਦੀਪ ਸਿੰਘ ਕੰਸਾਲਾ, ਬਾਪੂ ਦਯਾ ਸਿੰਘ ਅਤੇ ਭਾਈ ਕਰਨਵੀਰ ਸਿੰਘ ਸਮੇਤ ਪਾਰਟੀ ਆਗੂ, ਅਹੁੱਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜਰ ਸਨ। ਭਾਈ ਪਰਗਟ ਸਿੰਘ ਭੋਡੀਪੁਰਾ ਪਿਛਲੇ ਲਗਭਗ 26 ਸਾਲਾਂ ਤੋਂ ਦਸਤਾਰ, ਸ਼ਸਤਰ ਵਿੱਦਿਆ, ਗੱਤਕਾ ਅਤੇ ਪੰਥਕ ਚੇਤਨਾ ਦੇ ਪ੍ਰਚਾਰ ਤੇ ਪਾਸਾਰ ਲਈ ਲਗਾਤਾਰ ਸੇਵਾਵਾਂ ਨਿਭਾਉਂਦੇ ਆ ਰਹੇ ਹਨ ਅਤੇ ਆਪਣੀਆਂ ਲੰਮੀਆਂ ਪੰਥਕ ਤੇ ਸਮਾਜਿਕ ਸੇਵਾਵਾਂ ਕਾਰਨ ਧਾਰਮਿਕ ਅਤੇ ਪੰਥਕ ਖੇਤਰ ਵਿੱਚ ਸਤਿਕਾਰਤ ਸ਼ਖ਼ਸੀਅਤ ਵਜੋਂ ਜਾਣੇ ਜਾਂਦੇ ਹਨ। ਭਾਈ ਭੋਡੀਪੁਰਾ ਨੇ ਲੰਮਾ ਸਮਾਂ ਜਥੇਦਾਰ ਗਿਆਨੀ ਬਲਵੰਤ ਸਿੰਘ ਨੰਦਗੜ੍ਹ ਜੀ ਦੇ ਨਾਲ ਪੰਥਕ ਸੇਵਾਵਾਂ ਨਿਭਾਈਆਂ ਅਤੇ ਜਥੇਦਾਰ ਜੀ ਦੀ ਅਗਵਾਈ ਹੇਠ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿੱਚ ਕਾਰਜਸ਼ੀਲ ਪੰਥਕ ਜਥੇਬੰਦੀਆਂ ਏਕਨੂਰ ਖਾਲਸਾ ਫੌਜ, ਸਤਿਕਾਰ ਸਭਾ ਆਦਿ ਦੀਆਂ ਗਤੀਵਿਧੀਆਂ ਵਿੱਚ ਵੀ ਅਹਿਮ ਭੂਮਿਕਾ ਨਿਭਾਈ। ਉਹ ਲੰਮਾ ਸਮਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗੱਤਕਾ ਡਾਇਰੈਕਟੋਰੇਟ ਦੀ ਅਗਵਾਈ ਹੇਠ ਗੱਤਕਾ ਫੈਡਰੇਸ਼ਨ ਦੇ ਸੂਬਾਈ ਚੇਅਰਮੈਨ, ਮਾਲਵਾ ਜ਼ੋਨ ਦੇ ਇੰਚਾਰਜ ਅਤੇ ਗੱਤਕਾ ਫੈਡਰੇਸ਼ਨ ਦੇ ਬਠਿੰਡਾ ਜ਼ਿਲ੍ਹਾ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ। ਇਸ ਤੋਂ ਇਲਾਵਾ ਉਹ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕਾਲਜ ਵਿੱਚ ਬਤੌਰ ਸੁਪਰਡੈਂਟ ਸੇਵਾ ਨਿਭਾਉਂਦੇ ਰਹੇ ਹਨ ਅਤੇ ਲੰਮਾ ਸਮਾਂ ਅਦਾਰਾ ਪਹਿਰੇਦਾਰ ਦੇ ਡਾਇਰੈਕਟਰ ਵਜੋਂ ਵੀ ਕਾਰਜਸ਼ੀਲ ਰਹੇ ਹਨ ਅਤੇ ਹੁਣ ਦਸਤਾਰ ਫੈਡਰੇਸ਼ਨ ਦੇ ਪ੍ਰਧਾਨ, ਬਠਿੰਡਾ ਡੀਲਰਜ਼ ਪੈਟਰੋਲੀਅਮ ਐਸੋਸੀਏਸ਼ਨ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ, ਇੰਟਰਨੈਸ਼ਨਲ ਗੱਤਕਾ ਅਕੈਡਮੀ ਦਮਦਮਾ ਸਾਹਿਬ ਦੇ ਫਾਊਂਡਰ ਅਤੇ ਕਈ ਨਾਮਵਰ ਸੰਸਥਾਵਾਂ ਤੇ ਟਰੱਸਟਾਂ ਦੇ ਮੈਂਬਰ ਵਜੋਂ ਵੀ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਭਾਈ ਪ੍ਰਗਟ ਸਿੰਘ ਭੋਡੀਪੁਰਾ ਅਤੇ ਉਨ੍ਹਾਂ ਦੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਲੰਮੇ ਸਮੇਂ ਤੋਂ ਪੰਥਕ, ਧਾਰਮਿਕ ਅਤੇ ਸਮਾਜਿਕ ਖੇਤਰ ਵਿੱਚ ਸੇਵਾਵਾਂ ਨਿਭਾ ਰਹੀਆਂ ਸਤਿਕਾਰਤ ਸ਼ਖ਼ਸੀਅਤਾਂ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜਨਾ ਪਾਰਟੀ ਲਈ ਮਾਣ ਅਤੇ ਹੌਸਲੇ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਭਾਈ ਪ੍ਰਗਟ ਸਿੰਘ ਭੋਡੀ

ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਦੀ ਮੀਟਿੰਗ, ਸੁਰਿੰਦਰ ਪਾਲ ਸਿੰਘ ਪਟਨਾ ਨੂੰ ਜੁਆਇੰਟ ਸਕੱਤਰ ਪੰਜਾਬ ਦੀ ਜ਼ਿੰਮੇਵਾਰੀ

ਜਲੰਧਰ/ਲੁਧਿਆਣਾ, 4 ਅਕਤੂਬਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਰਜਿ. (ਪੰਜਾਬ) ਦੀ ਇੱਕ ਅਹਿਮ ਮੀਟਿੰਗ ਬੀਤੇ ਦਿਨ ਸ਼ਨੀਵਾਰ, 3 ਅਕਤੂਬਰ 2026 ਨੂੰ ਲੁਧਿਆਣਾ ਦੇ ਗਾਂਧੀਨਗਰ ਵਿਖੇ ਹੋਈ। ਮੀਟਿੰਗ ਦੌਰਾਨ ਐਸੋਸੀਏਸ਼ਨ ਦੀਆਂ ਗਤੀਵਿਧੀਆਂ, ਪੱਤਰਕਾਰਾਂ ਨਾਲ ਸਬੰਧਤ ਮਸਲਿਆਂ ਅਤੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਸੁਰਿੰਦਰ ਪਾਲ ਸਿੰਘ ਪਟਨਾ ਨੂੰ ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਪੰਜਾਬ ਦਾ ਜੁਆਇੰਟ ਸਕੱਤਰ ਨਿਯੁਕਤ ਕੀਤਾ ਗਿਆ। ਉਨ੍ਹਾਂ ਦੀ ਨਿਯੁਕਤੀ 'ਤੇ ਹਾਜ਼ਰ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਅਤੇ ਆਸ ਪ੍ਰਗਟਾਈ ਗਈ ਕਿ ਉਹ ਐਸੋਸੀਏਸ਼ਨ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਵਿੱਚ ਆਪਣੀ ਭੂਮਿਕਾ ਨਿਭਾਉਣਗੇ। ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਦੇ ਸਰਪ੍ਰਸਤ ਸ੍ਰੀ ਜੇ. ਐਸ. ਸੰਧੂ, ਚੇਅਰਮੈਨ ਰਾਕੇਸ਼ ਖੰਨਾ, ਪ੍ਰਧਾਨ ਰਾਕੇਸ਼ ਦੁੱਗਲ, ਸੂਬਾ ਸਕੱਤਰ ਹਰਮੀਤ ਸਿੰਘ ਭਾਟੀਆ ਅਤੇ ਜ਼ਿਲ੍ਹਾ ਚੇਅਰਮੈਨ ਅਸ਼ੋਕ ਪੂਰੀ ਸਮੇਤ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ. ਕਰਤਾਰ ਸਿੰਘ ਪਟਨਾ, ਰਿਸ਼ੀ ਗਾਂਧੀ, ਸ਼ੈਂਕੀ ਪਾਹਵਾ, ਨਾਰੰਗ ਗਾਰਮੈਂਟਸ ਗਾਂਧੀਨਗਰ ਦੇ ਨੁਮਾਇੰਦੇ ਅਤੇ ਗਾਂਧੀਨਗਰ ਦੇ ਹੋਰ ਵਪਾਰੀ ਵੀ ਮੌਜੂਦ ਰਹੇ। ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਪੱਤਰਕਾਰਾਂ ਦੇ ਹਿੱਤਾਂ ਦੀ ਰਾਖੀ, ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ ਨੂੰ ਉਚਿਤ ਪੱਧਰ 'ਤੇ ਉਠਾਉਣ ਅਤੇ ਪੱਤਰਕਾਰਾਂ ਵਿੱਚ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਲਈ ਜਥੇਬੰਦੀ ਵੱਲੋਂ ਲਗਾਤਾਰ ਯਤਨ ਕੀਤੇ ਜਾਣਗੇ। ਨਵੇਂ ਨਿਯੁਕਤ ਜੁਆਇੰਟ ਸਕੱਤਰ ਸੁਰਿੰਦਰ ਪਾਲ ਸਿੰਘ ਪਟਨਾ ਨੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਐਸੋਸੀਏਸ਼ਨ ਦੀ ਮਜ਼ਬੂਤੀ ਲਈ ਹਰ ਸੰਭਵ ਯਤਨ ਕਰਨਗੇ।

ਮਾਝਾ ਕਿਸਾਨ ਸੰਘਰਸ਼ ਕਮੇਟੀ ਪੰਜਾਬ ਨੇ ਸਰਕਾਰ ਤੇ ਪ੍ਰਸ਼ਾਸਨ ਨੂੰ ਦਿੱਤੀ ਸਖ਼ਤ ਚੇਤਾਵਨੀ; ਕਿਸਾਨਾਂ ਦੀ ਲੁੱਟ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕਰਨ ਦਾ ਐਲਾਨ

ਸ੍ਰੀ ਹਰਗੋਬਿੰਦਪੁਰ 04 ਅਕਤੂਬਰ (ਪ੍ਰਦੀਪ ਸਿੰਘ ਬੇਦੀ) ਮਾਝਾ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਔਲਖ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਹੈ ਕਿ ਕਿਸਾਨਾਂ ਦੀ ਫ਼ਸਲ ਦੀ ਖਰੀਦ ਦੌਰਾਨ ਕਿਸੇ ਵੀ ਕਿਸਮ ਦੀ ਲੁੱਟ ਜਾਂ ਝੋਨੇ 'ਤੇ ਬੇਵਜ੍ਹਾ ਕੱਟ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕਿਸਾਨ ਪਹਿਲਾਂ ਹੀ ਕਈ ਮੁਸ਼ਕਲਾਂ ਦਾ ਸਾਹਮਣਾ ਕਰਦੇ ਹੋਏ ਆਪਣੀ ਫ਼ਸਲ ਮੰਡੀਆਂ ਵਿੱਚ ਲੈ ਕੇ ਪਹੁੰਚ ਰਹੇ ਹਨ, ਇਸ ਲਈ ਖਰੀਦ ਪ੍ਰਬੰਧਾਂ ਵਿੱਚ ਕਿਸਾਨਾਂ ਨਾਲ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਨਾ ਕੀਤੀ ਜਾਵੇ। ਬਲਵਿੰਦਰ ਸਿੰਘ ਰਾਜੂ ਔਲਖ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਝੋਨੇ ਦੀ ਫ਼ਸਲ 'ਤੇ ਕਿਸੇ ਵੀ ਤਰ੍ਹਾਂ ਦਾ ਗੈਰ-ਵਾਜਬ ਕੱਟ ਲਗਾਇਆ ਗਿਆ ਤਾਂ ਕਿਸਾਨ ਚੁੱਪ ਨਹੀਂ ਬੈਠਣਗੇ। ਉਹ ਐਸੋਸੀਏਸ਼ਨ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਵਿੱਚ ਆਪਣੀ ਭੂਮਿਕਾ ਨਿਭਾਉਣਗੇ। ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਦੇ ਸਰਪ੍ਰਸਤ ਸ੍ਰੀ ਜੇ. ਐਸ. ਸੰਧੂ, ਚੇਅਰਮੈਨ ਰਾਕੇਸ਼ ਖੰਨਾ, ਪ੍ਰਧਾਨ ਰਾਕੇਸ਼ ਦੁੱਗਲ, ਸੂਬਾ ਸਕੱਤਰ ਹਰਮੀਤ ਸਿੰਘ ਭਾਟੀਆ ਅਤੇ ਜ਼ਿਲ੍ਹਾ ਚੇਅਰਮੈਨ ਅਸ਼ੋਕ ਪੂਰੀ ਸਮੇਤ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ. ਕਰਤਾਰ ਸਿੰਘ ਪਟਨਾ, ਰਿਸ਼ੀ ਗਾਂਧੀ, ਸ਼ੈਂਕੀ ਪਾਹਵਾ, ਨਾਰੰਗ ਗਾਰਮੈਂਟਸ ਗਾਂਧੀਨਗਰ ਦੇ ਨੁਮਾਇੰਦੇ ਅਤੇ ਗਾਂਧੀਨਗਰ ਦੇ ਹੋਰ ਵਪਾਰੀ ਵੀ ਮੌਜੂਦ ਰਹੇ। ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਪੱਤਰਕਾਰਾਂ ਦੇ ਹਿੱਤਾਂ ਦੀ ਰਾਖੀ, ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ ਨੂੰ ਉਚਿਤ ਪੱਧਰ 'ਤੇ ਉਠਾਉਣ ਅਤੇ ਪੱਤਰਕਾਰਾਂ ਵਿੱਚ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਲਈ ਜਥੇਬੰਦੀ ਵੱਲੋਂ ਲਗਾਤਾਰ ਯਤਨ ਕੀਤੇ ਜਾਣਗੇ। ਨਵੇਂ ਨਿਯੁਕਤ ਜੁਆਇੰਟ ਸਕੱਤਰ ਸੁਰਿੰਦਰ ਪਾਲ ਸਿੰਘ ਪਟਨਾ ਨੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਐਸੋਸੀਏਸ਼ਨ ਦੀ ਮਜ਼ਬੂਤੀ ਲਈ ਹਰ ਸੰਭਵ ਯਤਨ ਕਰਨਗੇ।

ਉਹ ਐਸੋਸੀਏਸ਼ਨ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਵਿੱਚ ਆਪਣੀ ਭੂਮਿਕਾ ਨਿਭਾਉਣਗੇ। ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਦੇ ਸਰਪ੍ਰਸਤ ਸ੍ਰੀ ਜੇ. ਐਸ. ਸੰਧੂ, ਚੇਅਰਮੈਨ ਰਾਕੇਸ਼ ਖੰਨਾ, ਪ੍ਰਧਾਨ ਰਾਕੇਸ਼ ਦੁੱਗਲ, ਸੂਬਾ ਸਕੱਤਰ ਹਰਮੀਤ ਸਿੰਘ ਭਾਟੀਆ ਅਤੇ ਜ਼ਿਲ੍ਹਾ ਚੇਅਰਮੈਨ ਅਸ਼ੋਕ ਪੂਰੀ ਸਮੇਤ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ. ਕਰਤਾਰ ਸਿੰਘ ਪਟਨਾ, ਰਿਸ਼ੀ ਗਾਂਧੀ, ਸ਼ੈਂਕੀ ਪਾਹਵਾ, ਨਾਰੰਗ ਗਾਰਮੈਂਟਸ ਗਾਂਧੀਨਗਰ ਦੇ ਨੁਮਾਇੰਦੇ ਅਤੇ ਗਾਂਧੀਨਗਰ ਦੇ ਹੋਰ ਵਪਾਰੀ ਵੀ ਮੌਜੂਦ ਰਹੇ। ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਪੱਤਰਕਾਰਾਂ ਦੇ ਹਿੱਤਾਂ ਦੀ ਰਾਖੀ, ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ ਨੂੰ ਉਚਿਤ ਪੱਧਰ 'ਤੇ ਉਠਾਉਣ ਅਤੇ ਪੱਤਰਕਾਰਾਂ ਵਿੱਚ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਲਈ ਜਥੇਬੰਦੀ ਵੱਲੋਂ ਲਗਾਤਾਰ ਯਤਨ ਕੀਤੇ ਜਾਣਗੇ। ਨਵੇਂ ਨਿਯੁਕਤ ਜੁਆਇੰਟ ਸਕੱਤਰ ਸੁਰਿੰਦਰ ਪਾਲ ਸਿੰਘ ਪਟਨਾ ਨੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਐਸੋਸੀਏਸ਼ਨ ਦੀ ਮਜ਼ਬੂਤੀ ਲਈ ਹਰ ਸੰਭਵ ਯਤਨ ਕਰਨਗੇ।

ਵੀ ਕਿਸਮ ਦਾ ਨਾਜਾਇਜ਼ ਕੱਟ ਨਹੀਂ ਲੱਗਣ ਦਿੱਤਾ ਜਾਵੇਗਾ ਅਤੇ ਜੇਕਰ ਅਜਿਹਾ ਹੋਇਆ ਤਾਂ ਕਿਸਾਨ ਸੜਕਾਂ 'ਤੇ ਉਤਰ ਕੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ,' ਰਾਜੂ ਔਲਖ ਨੇ ਕਿਹਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੋਨੂ ਚੱਡਾ, ਸਰਪੰਚ ਬਲਕਾਰ ਸਿੰਘ ਫੁਲੜਾ, ਰਾਜੂ ਤੱਕੜ, ਕਸ਼ਮੀਰ ਸਿੰਘ ਤੁਗਲਵਾਲ, ਅਮਨਦੀਪ ਸਿੰਘ ਤੁਗਲਵਾਲ, ਲਵ ਹਰਚੋਵਾਲ, ਮਨੋਹਰ ਸਿੰਘ, ਸੁਖਵਿੰਦਰ ਸਿੰਘ, ਨਿਸ਼ਾਨ ਸਿੰਘ ਪੰਨੂ ਸਮੇਤ ਕਈ ਕਿਸਾਨ ਆਗੂ ਅਤੇ ਵਰਕਰ ਹਾਜ਼ਰ ਸਨ। ਕਿਸਾਨ ਆਗੂਆਂ ਦੇ ਇਸ ਐਲਾਨ ਤੋਂ ਬਾਅਦ ਝੋਨੇ ਦੀ ਖਰੀਦ ਦੌਰਾਨ ਸਰਕਾਰੀ ਪ੍ਰਬੰਧਾਂ ਅਤੇ ਫ਼ਸਲ 'ਤੇ ਲੱਗਣ ਵਾਲੇ ਕੱਟਾਂ ਨੂੰ ਲੈ ਕੇ ਮਾਹੌਲ ਗਰਮਾਉਣ ਦੇ ਆਸਾਰ ਹਨ। ਹੁਣ ਦੇਖਣਾ ਹੋਵੇਗਾ ਕਿ ਪ੍ਰਸ਼ਾਸਨ ਕਿਸਾਨਾਂ ਦੀ ਇਸ ਚੇਤਾਵਨੀ 'ਤੇ ਕੀ ਕਦਮ ਚੁੱਕਦਾ ਹੈ।

ਵਿਧਾਇਕ ਲਾਡੀ ਸ਼ੇਰੋਵਾਲੀਆ ਦੀ ਪਿੰਡ ਬਾਹਮਣੀਆ ਚ ਮੀਟਿੰਗ ਨੇ ਧਾਰਿਆ ਰੈਲੀ ਦਾ ਰੂਪ

ਸ਼ਾਹਕੋਟ/ਮਲਸੀਆਂ 4 ਅਕਤੂਬਰ (ਕੁਲਜੀਤ ਸਿੰਘ ਖਿੰਡਾ) ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਵੱਲੋਂ ਅੱਜ ਹਲਕੇ ਦੇ ਪਿੰਡ ਬਾਹਮਣੀਆਂ ਵਿਖੇ ਸਾਬਕਾ ਬਲਾਕ ਸੰਮਤੀ ਮੈਂਬਰ ਕਸ਼ਮੀਰ ਸਿੰਘ ਨੰਡਾ ਦੇ ਗ੍ਰਹਿ ਵਿਖੇ ਮੀਟਿੰਗ ਕੀਤੀ ਗਈ । ਰੋਜ਼ਾਨਾ ਦੀ ਤਰ੍ਹਾਂ ਹੋਈ ਇਹ ਮੀਟਿੰਗ ਉਸ ਸਮੇਂ ਖੁਸ਼ੀ ਦੇ ਸਮਾਗਮ ਵਿੱਚ ਤਬਦੀਲ ਹੋ ਗਈ, ਜਦੋਂ ਸਰਦਾਰ ਪਰਗਟ ਸਿੰਘ ਦੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਬਣਨ 'ਤੇ ਪਿੰਡ ਵਾਸੀਆਂ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਇਕੱਠੇ ਹੋਏ ਅਤੇ ਮੀਟਿੰਗ ਨੇ ਰੈਲੀ ਦਾ ਰੂਪ ਧਾਰ ਲਿਆ। ਪਿੰਡ ਵਾਸੀਆਂ ਵੱਲੋਂ ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਏ ਜਾਣ 'ਤੇ ਖੁਸ਼ੀ ਮਨਾਉਂਦਿਆਂ ਲੱਡੂ ਵੰਡੇ ਗਏ ਅਤੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦਾ ਮੂੰਹ ਮਿੱਠਾ ਕਰਵਾਇਆ ਗਿਆ। ਪਿੰਡ ਵਾਸੀਆਂ ਨੇ ਕਿਹਾ ਕਿ ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦੀ ਜ਼ਿੰਮੇਵਾਰੀ ਮਿਲਣ ਨਾਲ ਪਾਰਟੀ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ। ਵਿਧਾਇਕ ਲੱਡੀ ਸ਼ੇਰੋਵਾਲੀਆ ਨੇ ਵੀ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨਾ ਚਾਹੀਦਾ ਹੈ। ਪਿੰਡ ਦੇ ਪਤਵੰਤੇ, ਕਾਂਗਰਸੀ ਵਰਕਰਾਂ ਚ ਹਰਜਿੰਦਰ ਸਿੰਘ ਲੰਬੜਦਾਰ, ਗੁਰਮੀਤ ਸਿੰਘ ਸਰਪੰਚ,, ਸਾਧੂ ਸਿੰਘ ਧੰਜੂ ਸਾਬਕਾ ਸਰਪੰਚ, ਗੁਰਮੇਲ ਸਿੰਘ ਧੰਜੂ, ਬਿੱਟੂ ਸ਼ਾਹ, ਮਾਸਟਰ ਕੁਲਦੀਪ ਸਿੰਘ, ਬਖਤਾਵਰ ਸਿੰਘ, ਜਗਤਾਰ ਸਿੰਘ, ਕਸ਼ਮੀਰ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ, ਸੁਖਦੇਵ ਰਾਜ ਕਲਿਆਣ, ਭੁਪਿੰਦਰ ਸਿੰਘ, ਕੁਲਦੀਪ ਕੁਮਾਰ ਮੈਂਬਰ ਪੰਚਾਇਤ, ਗੁਰਵਿੰਦਰ ਸਿੰਘ, ਮੰਗਤ ਰਾਏ, ਬਲਜਿੰਦਰ ਸਿੰਘ, ਹਰਮੇਸ਼ ਲਾਲ, ਸਤਨਾਮ ਲਾਡੀ, ਮਾਸਟਰ ਬਲਬੀਰ ਸਿੰਘ, ਡਾਕਟਰ ਰਣਜੀਤ ਸਿੰਘ, ਜਸਵਿੰਦਰ ਸਿੰਘ ਨੰਡਾ, ਰਾਜ ਪੇਂਟਰ ਪਾਲਾ ਪ੍ਰਧਾਨ, ਰਾਜ ਕੁਮਾਰ ਰਾਜੂ, ਪ੍ਰਗਟ ਸਿੰਘ ਯੂਕੇ ਅਤੇ ਵੱਡੀ ਗਿਣਤੀ ਵਿੱਚ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ ।

ਇਸ਼ਤਿਹਾਰੀ ਮੁਹਿੰਮਾਂ ਨਾਲ ਨਹੀਂ ਛਿਪਣਗੇ ਭ੍ਰਿਸ਼ਟਾਚਾਰ ਦੇ ਮਾਮਲੇ, ਸੱਚਾਈ ਖੁਦ ਵ ਖ਼ੁਦ ਆ ਰਹੀ ਹੈ ਸਾਹਮਣੇ: ਕੁਲਦੀਪ ਸਿੰਘ ਬਲਸੁਆ

ਪਠਾਨਕੋਟ 4,ਅਕਤੂਬਰ(ਤਰੁਣ ਸਣਹੋਤਰਾ) ਸ਼ਿਰੋਮਣੀ ਅਕਾਲੀ ਦਲ ਦੇ ਐਸ. ਓ. ਆਈ. ਵਿੰਗ (ਸਟੂਡੈਂਟ ਆਰਗੇਨਾਈਜ਼ੇਸ਼ਨ ਆਫ ਇੰਡੀਆ) ਦੇ ਜਨਰਲ ਸਕੱਤਰ ਕੁਲਦੀਪ ਸਿੰਘ ਬਲਸੁਆ ਨੇ ਪੰਜਾਬ ਸਰਕਾਰ 'ਤੇ ਤਿੱਖਾ ਸਿਆਸੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਿਰਫ਼ ਇਸ਼ਤਿਹਾਰੀ ਮੁਹਿੰਮਾਂ ਅਤੇ ਵੱਡੇ-ਵੱਡੇ ਦਾਅਵਿਆਂ ਰਾਹੀਂ ਸਰਕਾਰ ਦੀ ਕਾਰਗੁਜ਼ਾਰੀ ਨੂੰ ਸਹੀ ਸਾਬਤ ਨਹੀਂ ਕੀਤਾ ਜਾ ਸਕਦਾ। ਜੇਕਰ ਕੋਈ ਸਰਕਾਰ ਜਾਂ ਆਗੂ ਅਸਲ ਵਿੱਚ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਕੰਮ ਕਰਦਾ ਹੈ ਤਾਂ ਉਸਨੂੰ ਆਪਣੀ ਇਮਾਨਦਾਰੀ ਦੇ ਪ੍ਰਚਾਰ ਲਈ ਫਲੈਕਸਾਂ ਅਤੇ ਇਸ਼ਤਿਹਾਰਾਂ ਦਾ ਇਹਨਾਂ ਜਿਆਦਾ ਸਹਾਰਾ ਲੈਣ ਦੀ ਕੋਈ ਲੋੜ ਨਹੀਂ ਹੁੰਦੀ। ਲੋਕਾਂ ਸਾਹਮਣੇ ਸਰਕਾਰ ਦੇ ਕੰਮਾਂ ਦੀ ਅਸਲ ਤਸਵੀਰ ਖੁਦ ਵ ਖੁਦ ਸਾਹਮਣੇ ਆ ਰਹੀ ਹੈ। ਈ. ਡੀ. ਦੀ ਜਾਂਚ ਨਾਲ ਜੁੜੇ ਮਾਮਲਿਆਂ ਨੂੰ ਲੈ ਕੇ ਵੀ ਸਰਕਾਰ ਨੂੰ ਸਪਸ਼ਟ ਜਵਾਬ ਦੇਣਾ ਚਾਹੀਦਾ ਹੈ। ਇਸ਼ਤਿਹਾਰਾਂ ਰਾਹੀਂ ਅਸਲੀ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਦੀ ਕੋਸ਼ਿਸ਼ ਨਹੀਂ ਹੋਣੀ ਚਾਹੀਦੀ। ਪੰਜਾਬ ਦੀ ਜਨਤਾ ਹਰ ਦਾਅਵੇ ਨੂੰ ਕੰਮ ਅਤੇ ਜਵਾਬਦੇਹੀ ਦੀ ਕਸੌਟੀ 'ਤੇ ਪਰਖ ਰਹੀ ਹੈ।

ਸੰਗਰੂਰ ਦੇ ਦਲਿਤ ਨੌਜਵਾਨ ਦੀ ਮੌਤ ਦੇ ਮਾਮਲੇ ਵਿੱਚ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਸਖ਼ਤ, ਪੰਜਾਬ ਪ੍ਰਸ਼ਾਸਨ ਅਤੇ ਪੁਲਿਸ ਤੋਂ 15 ਦਿਨਾਂ ਵਿੱਚ ਮੰਗੀ ਕਾਰਵਾਈ ਰਿਪੋਰਟ

ਨਵੀਂ ਦਿੱਲੀ, ਜਲੰਧਰ, 4 ਅਕਤੂਬਰ 2026 (ਪਰਮਜੀਤ ਸਿੰਘ) ਸੰਗਰੂਰ ਵਿੱਚ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸੰਬੰਧਤ ਇੱਕ ਨੌਜਵਾਨ ਦੀ ਮੌਤ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਸਾਬਕਾ ਵਿਧਾਇਕ ਅਤੇ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਪ੍ਰਧਾਨ ਸ਼ੀਤਲ ਅੰਗੁਰਾਲ ਵੱਲੋਂ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਨੂੰ ਦਿੱਤੀ ਗਈ ਸ਼ਿਕਾਇਤ 'ਤੇ ਕਮਿਸ਼ਨ ਨੇ ਸੰਗਿਆਨ ਲੈਂਦਿਆਂ ਜਾਂਚ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ, ਭਾਰਤ ਸਰਕਾਰ ਵੱਲੋਂ ਜਾਰੀ ਅਧਿਕਾਰਿਕ ਨੋਟਿਸ ਅਨੁਸਾਰ ਕਮਿਸ਼ਨ ਨੇ ਇਸ ਮਾਮਲੇ ਵਿੱਚ ਸੰਗਰੂਰ ਦੇ ਡਿਪਟੀ ਕਮਿਸ਼ਨਰ (ਡੀ.ਸੀ.) ਅਤੇ ਸੀਨੀਅਰ ਪੁਲਿਸ ਕਪਤਾਨ (ਐੱਸ.ਐੱਸ.ਪੀ.) ਨੂੰ ਨੋਟਿਸ ਜਾਰੀ ਕਰਕੇ 15 ਦਿਨਾਂ ਦੇ ਅੰਦਰ ਵਿਸਥਾਰਪੂਰਵਕ ਐਕਸ਼ਨ ਟੇਕਨ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਕਮਿਸ਼ਨ ਵੱਲੋਂ ਜਾਰੀ ਨੋਟਿਸ ਵਿੱਚ ਮਾਮਲੇ ਦੀ ਨਿਰਪੱਖ ਜਾਂਚ, ਪੁਲਿਸ ਕਾਰਵਾਈ, ਐੱਫ.ਆਈ.ਆਰ. ਅਤੇ ਲਾਗੂ ਧਾਰਾਵਾਂ, ਦੋਸ਼ੀਆਂ ਦੀ ਗ੍ਰਿਫ਼ਤਾਰੀ, ਚਾਰਜਸ਼ੀਟ ਅਤੇ ਪੀੜਤ ਪਰਿਵਾਰ ਨੂੰ ਨਿਯਮਾਂ ਅਨੁਸਾਰ ਮੁਆਵਜ਼ਾ ਦਿੱਤੇ ਜਾਣ ਸਬੰਧੀ ਜਾਣਕਾਰੀ ਮੰਗੀ ਗਈ ਹੈ। ਕਮਿਸ਼ਨ ਨੇ

ਜੰਤਰ-ਮੰਤਰ 'ਤੇ ਪ੍ਰਦਰਸ਼ਨ ਦੌਰਾਨ ਮਹਿਲਾ ਪੱਤਰਕਾਰਾਂ ਵਲੋਂ ਦਿੱਲੀ ਪੁਲਿਸ ਦੇ ਏਸੀਪੀ 'ਤੇ ਜਿਨਸੀ ਸੋਸ਼ਣ ਦੇ ਦੋਸ਼

ਨਵੀਂ ਦਿੱਲੀ, 4 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਰਾਜਧਾਨੀ ਦਿੱਲੀ ਵਿੱਚ ਸ਼ਨੀਵਾਰ 3 ਅਕਤੂਬਰ, ਨੂੰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਖ਼ਿਲਾਫ਼ ਜੰਤਰ-ਮੰਤਰ 'ਤੇ ਹੋਏ ਵਿਰੋਧ ਪ੍ਰਦਰਸ਼ਨ ਦੌਰਾਨ ਤਿੰਨ ਮਹਿਲਾ ਪੱਤਰਕਾਰਾਂ ਨੇ ਪੁਲਿਸ ਮੁਲਾਜ਼ਮਾਂ 'ਤੇ ਕਥਿਤ ਜਿਨਸੀ ਉਤਪੀੜਨ ਦੇ ਦੋਸ਼ ਲਗਾਏ ਹਨ। ਦਿੱਲੀ ਪੁਲਿਸ ਨੇ ਸ਼ਿਕਾਇਤਾਂ ਨੂੰ ਜਾਂਚ ਲਈ ਕ੍ਰਾਈਮ ਬ੍ਰਾਂਚ ਕੋਲ ਭੇਜ ਦਿੱਤਾ ਹੈ। ਇੱਕ ਮਹਿਲਾ ਪੱਤਰਕਾਰ ਦੇ ਮੁਤਾਬਕ, ਜਦੋਂ ਉਹ ਪੁਲਿਸ ਦੀ ਕਾਰਵਾਈ ਦੀ ਵੀਡੀਓ ਰਿਕਾਰਡ ਕਰ ਰਹੀ ਸੀ ਤਾਂ ਇੱਕ ਸਹਾਇਕ ਪੁਲਿਸ ਕਮਿਸ ਨਰ (ਏਸੀਪੀ) ਨੇ ਉਸ ਨੂੰ ਕਥਿਤ ਤੌਰ 'ਤੇ ਗਲਤ ਤਰੀਕੇ ਨਾਲ ਛੂਹਿਆ ਅਤੇ ਧੱਕਾ ਦੇ ਕੇ ਪਿੱਛੇ ਕਰ ਦਿੱਤਾ। ਉਸ ਨੇ ਦੋਸ਼ ਲਗਾਇਆ ਕਿ ਉਸ ਨੇ ਪੁਲਿਸ ਅਧਿਕਾਰੀ ਤੋਂ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲੈਣ ਦੌਰਾਨ ਮਹਿਲਾ ਪੁਲਿਸ ਕਰਮਚਾਰੀਆਂ ਦੀ ਗੈਰਹਾਜ਼ਰੀ ਬਾਰੇ ਸਵਾਲ ਕੀਤਾ ਸੀ।

ਮਹਿਲਾ ਪੱਤਰਕਾਰ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਉਹ ਅਤੇ ਹੋਰ ਲੋਕ ਸਬੰਧਤ ਪੁਲਿਸ ਥਾਣੇ ਗਏ ਅਤੇ ਸ਼ਿਕਾਇਤ ਦਰਜ ਕਰਵਾਉਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਉਸ ਦਾ ਦੋਸ਼ ਹੈ ਕਿ ਪੁਲਿਸ ਨੇ ਤੁਰੰਤ ਕਾਰਵਾਈ ਨਹੀਂ ਕੀਤੀ। ਕੁਝ ਰਿਪੋਰਟਾਂ ਮੁਤਾਬਕ 4 ਅਕਤੂਬਰ ਤੱਕ ਇਸ ਮਾਮਲੇ ਵਿੱਚ ਐਫਆਈਆਰ ਦਰਜ ਹੋਣ ਦੀ ਪੁਸ਼ਟੀ ਨਹੀਂ ਹੋਈ ਸੀ। ਦਿੱਲੀ ਪੁਲਿਸ ਨੇ 4 ਅਕਤੂਬਰ ਨੂੰ ਆਪਣੇ ਅਧਿਕਾਰਤ ਐਕਸ ਅਕਾਊਂਟ 'ਤੇ ਦੱਸਿਆ ਕਿ 3 ਅਕਤੂਬਰ 2026 ਨੂੰ ਨਵੀਂ ਦਿੱਲੀ ਇਲਾਕੇ ਵਿੱਚ ਪ੍ਰਦਰਸ਼ਨ ਦੌਰਾਨ ਤਿੰਨ ਮਹਿਲਾ ਪੱਤਰਕਾਰਾਂ ਵੱਲੋਂ ਪੁਲਿਸ ਅਧਿਕਾਰੀਆਂ 'ਤੇ ਜਿਨਸੀ ਉਤਪੀੜਨ ਦੇ ਦੋਸ਼ ਲਗਾਏ ਗਏ ਹਨ। ਪੁਲਿਸ ਮੁਤਾਬਕ, ਨਵੀਂ ਦਿੱਲੀ ਜ਼ਿਲ੍ਹਾ ਪੁਲਿਸ ਨੂੰ ਤਿੰਨਾਂ ਦੀਆਂ ਸ਼ਿਕਾਇਤਾਂ ਮਿਲੀਆਂ ਹਨ ਅਤੇ ਨਿਰਪੱਖ ਜਾਂਚ ਲਈ ਇਹ ਮਾਮਲੇ ਕ੍ਰਾਈਮ ਬ੍ਰਾਂਚ ਨੂੰ ਟਰਾਂਸਫਰ ਕਰ ਦਿੱਤੇ ਗਏ ਹਨ। ਕ੍ਰਾਈਮ ਬ੍ਰਾਂਚ ਸ਼ਿਕਾਇਤਕਰਤਾਵਾਂ ਅਤੇ ਹੋਰ ਸਬੰਧਤ ਲੋਕਾਂ ਦੇ ਬਿਆਨ ਦਰਜ ਕਰਕੇ ਮਾਮਲੇ ਦੀ ਜਾਂਚ ਕਰੇਗੀ।

ਕ੍ਰਾਈਮ ਬ੍ਰਾਂਚ ਵਲੋਂ ਜਾਂਚ ਜਾਰੀ

ਪ੍ਰੈਸ ਕੌਂਸਲ ਆਫ ਇੰਡੀਆ ਨੇ ਜਤਾਈ ਨਾਰਾਜ਼ਗੀ

ਇਸ ਮਾਮਲੇ 'ਤੇ ਪ੍ਰੈਸ ਕੌਂਸਲ ਆਫ ਇੰਡੀਆ ਨੇ ਪੱਤਰਕਾਰਾਂ ਨਾਲ ਪੁਲਿਸ ਦੇ ਕਥਿਤ ਵਿਹਾਰ 'ਤੇ "ਹੈਰਾਨੀ ਅਤੇ ਨਿਰਾਸ਼ਾਜਨਕ ਰਵੱਈਆ" ਕਰਾਰ ਦਿੰਦੇ ਹੋਏ ਕਿਹਾ ਕਿ ਪੱਤਰਕਾਰਾਂ ਨੂੰ ਬਿਨਾਂ ਡਰ ਦੇ ਆਪਣਾ ਕੰਮ ਕਰਨ ਅਤੇ ਜਨਤਕ ਪ੍ਰਦਰਸ਼ਨਾਂ ਦੀ ਰਿਪੋਰਟਿੰਗ ਕਰਨ ਦੀ ਆਜ਼ਾਦੀ ਹੋਣੀ ਚਾਹੀਦੀ ਹੈ। ਕੌਂਸਲ ਨੇ ਦਿੱਲੀ ਪੁਲਿਸ ਨੂੰ ਮਹਿਲਾ ਪੱਤਰਕਾਰ ਦੀ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਨ ਅਤੇ ਮੀਡੀਆ ਕਰਮਚਾਰੀਆਂ ਨੂੰ ਆਪਣਾ ਕੰਮ ਕਰਨ ਲਈ ਲੋੜੀਂਦੀ ਜਗ੍ਹਾ ਤੇ ਸੁਰੱਖਿਆ ਯਕੀਨੀ ਬਣਾਉਣ ਦੀ ਅਪੀਲ ਕੀਤੀ ਹੈ।

ਟ੍ਰਾਈਡੈਂਟ ਗਰੁੱਪ ਵੱਲੋਂ ਵੈਲਿਊਜ਼ ਡੇ ਮਨਾਇਆ, 200 ਤੋਂ ਵੱਧ ਮੁਲਾਜ਼ਮ ਸਨਮਾਨਿਤ

ਪੰਜਾਬ/ਚੰਡੀਗੜ੍ਹ, 4 ਅਕਤੂਬਰ (ਸ਼ਸ਼ੀ ਪਾਲ ਜੈਨ/ਅਵਤਾਰ ਸਿੰਘ ਫਰਵਾਹੀ) : ਟ੍ਰਾਈਡੈਂਟ ਗਰੁੱਪ ਵੱਲੋਂ ਸ਼ੁੱਕਰਵਾਰ 2 ਅਕਤੂਬਰ ਨੂੰ ਪੰਜਾਬ ਅਤੇ ਮੱਧ ਪ੍ਰਦੇਸ਼ ਸਥਿਤ ਵੱਖ-ਵੱਖ ਉਤਪਾਦਨ ਇਕਾਈਆਂ ਵਿੱਚ ਸਾਲਾਨਾ ਵੈਲਿਊਜ਼ ਡੇ ਉਤਸ਼ਾਹ ਅਤੇ ਮਾਣ ਨਾਲ ਮਨਾਇਆ ਗਿਆ। ਇਸ ਮੌਕੇ ਸੰਸਥਾ ਦੇ ਮੁੱਖ ਮੁੱਲਾਂ ਇਮਾਨਦਾਰੀ ਤੇ ਨੈਤਿਕਤਾ, ਟੀਮ ਭਾਵਨਾ, ਗਾਹਕ ਸੰਤੁਸ਼ਟੀ ਅਤੇ ਨਿਰੰਤਰ ਵਿਕਾਸ ਨੂੰ ਆਪਣੇ ਕੰਮ ਵਿੱਚ ਅਮਲ ਵਿੱਚ ਲਿਆਉਣ ਵਾਲੇ 200 ਤੋਂ ਵੱਧ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ ਗਿਆ। ਵੈਲਿਊਜ਼ ਡੇ ਟ੍ਰਾਈਡੈਂਟ ਪਰਿਵਾਰ ਲਈ ਵਿਸ਼ੇਸ਼ ਭਾਵਨਾਤਮਕ ਮਹੱਤਵ ਰੱਖਦਾ ਹੈ। ਇਹ ਦਿਨ ਟ੍ਰਾਈਡੈਂਟ ਗਰੁੱਪ ਦੇ ਚੇਅਰਮੈਨ ਐਮੇਰਿਟਸ ਪਦਮ ਸ੍ਰੀ ਰਜਿੰਦਰ ਗੁਪਤਾ ਦੇ ਸਤਿਕਾਰਯੋਗ ਪਿਤਾ ਸ੍ਰੀ ਨੋਹਰ ਚੰਦ ਗੁਪਤਾ ਦੀ ਜਨਮ ਵਰ੍ਹੇਗੰਢ ਨੂੰ ਸਮਰਪਿਤ ਹੈ। ਇਹ ਮੌਕਾ ਉਨ੍ਹਾਂ ਸਿਧਾਂਤਾਂ ਅਤੇ ਮੁੱਲਾਂ ਨੂੰ ਯਾਦ ਕਰਨ ਦਾ ਵੀ ਪ੍ਰਤੀਕ ਹੈ, ਜੋ ਟ੍ਰਾਈਡੈਂਟ ਦੀ ਕਾਰਜ-ਸੱਭਿਆਚਾਰ ਅਤੇ ਵਿਕਾਸ ਯਾਤਰਾ ਦਾ ਅਹਿਮ ਆਧਾਰ ਰਹੇ ਹਨ। ਸਮਾਗਮ ਦੀ ਸ਼ੁਰੂਆਤ ਰਵਾਇਤੀ ਦੀਵਾ ਜਗਾ ਕੇ ਕੀਤੀ ਗਈ, ਜੋ ਵਿਸ਼ਵਾਸ, ਏਕਤਾ ਅਤੇ ਬਿਹਤਰ ਭਵਿੱਖ ਲਈ ਸਾਂਝੀ ਵਚਨਬੱਧਤਾ ਦਾ ਪ੍ਰਤੀਕ ਰਿਹਾ। ਇਸ ਤੋਂ ਬਾਅਦ ਸਨਮਾਨ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵੱਖ-ਵੱਖ ਸ਼੍ਰੇਣੀਆਂ ਵਿੱਚ 200 ਤੋਂ ਵੱਧ ਮੁਲਾਜ਼ਮਾਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਸੰਸਥਾ ਵਿੱਚ ਪਾਏ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਟ੍ਰਾਈਡੈਂਟ ਪਰਿਵਾਰ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਐਮੇਰਿਟਸ ਪਦਮ ਸ੍ਰੀ ਰਜਿੰਦਰ ਗੁਪਤਾ ਨੇ ਮਜ਼ਬੂਤ ਅਤੇ ਟਿਕਾਊ ਸੰਸਥਾ ਦੇ ਨਿਰਮਾਣ ਵਿੱਚ ਵੈਲਿਊਜ਼ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਸਨਮਾਨ ਪ੍ਰਾਪਤ ਕਰਨ ਵਾਲੇ ਸਾਰੇ ਮੁਲਾਜ਼ਮਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਵੱਲੋਂ ਕੀਤੀ ਗਈ ਸਖ਼ਤ ਮਿਹਨਤ ਅਤੇ ਯੋਗਦਾਨ ਲਈ ਧੰਨਵਾਦ ਕੀਤਾ। ਸਮਾਗਮ ਦੌਰਾਨ ਮੁਲਾਜ਼ਮਾਂ ਵੱਲੋਂ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ। ਇਨ੍ਹਾਂ ਪੇਸ਼ਕਾਰੀਆਂ ਰਾਹੀਂ ਮੁਲਾਜ਼ਮਾਂ ਦੀ ਰਚਨਾਤਮਕਤਾ, ਉਤਸ਼ਾਹ ਅਤੇ ਪ੍ਰਤਿਭਾ ਦੀ ਝਲਕ ਦੇਖਣ ਨੂੰ ਮਿਲੀ। ਸਮਾਗਮ ਨੇ ਟ੍ਰਾਈਡੈਂਟ ਪਰਿਵਾਰ ਦੀ ਆਪਸੀ ਏਕਤਾ, ਸਹਿਯੋਗ ਅਤੇ ਸਾਂਝੀ ਭਾਵਨਾ ਨੂੰ ਵੀ ਉਜਾਗਰ ਕੀਤਾ। ਟ੍ਰਾਈਡੈਂਟ ਗਰੁੱਪ ਲਈ ਵੈਲਿਊਜ਼ ਡੇ ਇਸ ਗੱਲ ਦੀ ਯਾਦ ਦਿਵਾਉਂਦਾ ਹੈ ਕਿ ਕਿਸੇ ਵੀ ਸੰਸਥਾ ਦੀ ਲੰਬੇ ਸਮੇਂ ਦੀ ਸਫਲਤਾ ਸਿਰਫ਼ ਕਾਰੋਬਾਰੀ ਪ੍ਰਾਪਤੀਆਂ 'ਤੇ ਨਿਰਭਰ ਨਹੀਂ ਕਰਦੀ, ਸਗੋਂ ਉਸ ਦੀ ਵੈਲਿਊਜ਼ ਅਤੇ ਉਨ੍ਹਾਂ ਲੋਕਾਂ 'ਤੇ ਵੀ ਨਿਰਭਰ ਕਰਦੀ ਹੈ, ਜੋ ਸੰਸਥਾ ਦੀ ਮਜ਼ਬੂਤ ਨੀਂਹ ਤਿਆਰ ਕਰਦੇ ਹਨ।

ਪਰਗਟ ਸਿੰਘ ਦੇ ਪੰਜਾਬ ਕਾਂਗਰਸ ਪ੍ਰਧਾਨ ਬਣਨ 'ਤੇ ਜਗਰਾਉਂ 'ਚ ਕਾਂਗਰਸੀ ਆਗੂਆਂ ਨੇ ਵੰਡੇ ਲੱਡੂ

ਜਗਰਾਉਂ, 4 ਅਕਤੂਬਰ (ਜਗਦੀਪ ਸਿੰਘ) : ਕਾਂਗਰਸ ਪਾਰਟੀ ਵੱਲੋਂ ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਏ ਜਾਣ 'ਤੇ ਜਗਰਾਉਂ ਵਿਖੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਕਾਂਗਰਸ ਪਾਰਟੀ ਜਗਰਾਉਂ ਦੇ ਵੱਖ-ਵੱਖ ਆਗੂਆਂ ਅਤੇ ਵਰਕਰਾਂ ਵੱਲੋਂ ਝਾਂਸੀ ਰਾਣੀ ਚੌਕ ਵਿਖੇ ਵੱਡਾ ਇਕੱਠ ਕੀਤਾ ਗਿਆ ਅਤੇ ਯੂਥ ਕਾਂਗਰਸੀ ਆਗੂ ਸੁਖਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ ਗਈ। ਇਸ ਮੌਕੇ ਕਾਂਗਰਸੀ ਵਰਕਰਾਂ ਨੇ ਪਾਰਟੀ ਦੇ ਹੱਕ ਵਿੱਚ ਨਾਅਰੇਬਾਜ਼ੀ ਕਰਦਿਆਂ ਨਵੇਂ ਪ੍ਰਧਾਨ ਪਰਗਟ ਸਿੰਘ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਆਗੂਆਂ ਨੇ ਕਿਹਾ ਕਿ ਪਰਗਟ ਸਿੰਘ ਦੇ ਤਜਰਬੇ, ਸੂਝ-ਬੂਝ ਅਤੇ ਲੋਕਾਂ ਨਾਲ ਜੁੜੇ ਹੋਣ ਦਾ ਲਾਭ ਪਾਰਟੀ ਨੂੰ ਮਿਲੇਗਾ ਅਤੇ ਕਾਂਗਰਸ ਪਾਰਟੀ ਹੋਰ ਮਜ਼ਬੂਤੀ ਨਾਲ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰੇਗੀ। ਇਸ ਮੌਕੇ ਸੁਖਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦੀ ਕਮਾਨ ਮਿਲਣ ਨਾਲ ਪਾਰਟੀ ਦੇ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ। ਇਸ ਮੌਕੇ ਇੰਜੀ: ਜਗਦੀਪ ਸਿੰਘ, ਕਾਕਾ ਗਰੇਵਾਲ,ਹਰਜਾਪ ਗਿੱਲ ਜਿਲ੍ਹਾ ਪ੍ਰਧਾਨ ਯੂਥ ਕਾਂਗਰਸ, ਮਨੀ ਗਰਗ ਹਲਕਾ ਪ੍ਰਧਾਨ ਯੂਥ ਕਾਂਗਰਸ, ਜਗਦੀਪ ਸੋਖੇ ਬਲਾਕ ਪ੍ਰਧਾਨ ਦਿਹਾਤੀ ਯੂਥ ਕਾਂਗਰਸ, ਸੰਜੀਵ ਗੁੱਜਰ ਬਲਾਕ ਪ੍ਰਧਾਨ ਸ਼ਹਿਰੀ ਯੂਥ ਕਾਂਗਰਸ ,ਰਵਿੰਦਰਪਾਲ ਰਾਣਾ, ਕਵਿਤਾ ਕੱਕੜ, ਵਿਜੇ ਕਲਿਆਨ, ਵਰਿੰਦਰ ਕਲੇਰ, ਫੀਨਾ ਸੱਭਰਵਾਲ, ਹਰਮਨ ਗ਼ਾਲਿਬ, ਗੀਤਾ ਗਸੂਲਪੁਰ ਬਲਾਕ ਸੰਮਤੀ ਮੈਬਰ, ਰਾਮ ਕੁਮਾਰ ਗੁੱਜਰ, ਰਾਹੁਲ ਮਲਹੋਤਰਾ, ਭਜਨ ਸਿੰਘ ਸਵੱਦੀ, ਜਗਜੀਤ ਸਿੰਘ ਕਾਉਂਕੇ , ਰਵਿੰਦਰਪਾਲ ਰਾਜੂ ਕਾਮਰੇਡ, ਸੁਰੇਸ਼ ਗਰਗ, ਰਾਜੂ ਕਾਮਰੇਡ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ, ਯੂਥ ਆਗੂ ਅਤੇ ਵਰਕਰ ਹਾਜ਼ਰ ਸਨ।

ਮੁਬਾਰਿਕਪੁਰ ਕਾਜਵੇ 'ਤੇ 29.44 ਕਰੋੜ ਦੀ ਲਾਗਤ ਨਾਲ ਬਣੇਗਾ ਨਵਾਂ ਹਾਈ ਲੈਵਲ ਪੁਲ

ਡੇਰਾਬੱਸੀ, 4 ਅਕਤੂਬਰ (ਸੁਖਵਿੰਦਰ ਸੈਣੀ) : ਢਕੌਲੀ-ਡੇਰਾਬੱਸੀ ਮਾਰਗ ਅਧੀਨ ਮੁਬਾਰਿਕਪੁਰ ਵਿਖੇ ਘੱਗਰ ਦਰਿਆ 'ਤੇ ਮੌਜੂਦਾ ਕਾਜਵੇਅ ਦੀ ਥਾਂ ਨਵੇਂ ਹਾਈ ਲੈਵਲ ਪੁਲ ਦੇ ਨਿਰਮਾਣ ਦਾ ਕੰਮ ਸੋਮਵਾਰ ਨੂੰ ਸ਼ੁਰੂ ਹੋਵੇਗਾ। ਇਸ ਪ੍ਰਾਜੈਕਟ ਦਾ ਨੀਂਹ ਪੱਥਰ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਰੱਖਿਆ ਜਾਵੇਗਾ। ਕਰੀਬ 29.44 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲਾ ਇਹ ਪੁਲ ਲਗਭਗ 300 ਮੀਟਰ ਲੰਬਾ ਹੋਵੇਗਾ ਅਤੇ ਇਸ ਦਾ ਨਿਰਮਾਣ 18 ਮਹੀਨਿਆਂ ਦੀ ਮਿਆਦ ਵਿੱਚ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਵਿਧਾਇਕ ਰੰਧਾਵਾ ਅਨੁਸਾਰ ਇਸ ਪੁਲ ਦੇ ਨਿਰਮਾਣ ਲਈ ਉਹ ਪਿਛਲੇ ਤਿੰਨ ਸਾਲਾਂ ਤੋਂ ਵਿਧਾਨ ਸਭਾ ਵਿੱਚ ਲਗਾਤਾਰ ਆਵਾਜ਼ ਉਠਾਉਂਦੇ ਆ ਰਹੇ ਸਨ। ਉਨ੍ਹਾਂ ਕਿਹਾ ਕਿ ਮੌਜੂਦਾ ਕਾਜਵੇ ਦੀ ਹਾਲਤ ਕਾਫ਼ੀ ਜਰਜਰ ਹੋ ਚੁੱਕੀ ਹੈ ਅਤੇ ਇਸ ਸਮੇਂ ਇੱਥੋਂ ਸਿਰਫ਼ ਹਲਕੇ ਵਾਹਨਾਂ ਦੀ ਆਵਾਜਾਈ ਹੀ ਹੋ ਰਹੀ ਹੈ। ਨਵੇਂ ਹਾਈ ਲੈਵਲ ਪੁਲ ਦੇ ਬਣਨ ਨਾਲ ਰੋਜ਼ਾਨਾ ਆਉਣ-ਜਾਣ ਵਾਲੇ ਹਜ਼ਾਰਾਂ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ। ਇਸ ਤੋਂ ਇਲਾਵਾ ਇਲਾਕੇ ਵਿੱਚ ਉਦਯੋਗਿਕ ਗਤੀਵਿਧੀਆਂ ਨੂੰ ਵੀ ਹੁਲਾਰਾ ਮਿਲਣ ਅਤੇ ਮਾਲਵਾਹਕ ਵਾਹਨਾਂ ਦੀ ਆਵਾਜਾਈ ਸੁਚਾਰੂ ਹੋਣ ਦੀ ਉਮੀਦ ਹੈ। ਵਿਧਾਇਕ ਨੇ ਦੱਸਿਆ ਕਿ ਇਸ ਪ੍ਰਾਜੈਕਟ ਨਾਲ ਆਸ-ਪਾਸ ਦੇ ਕਰੀਬ ਢਾਈ ਲੱਖ ਲੋਕਾਂ ਨੂੰ ਸੜਕੀ ਆਵਾਜਾਈ ਵਿੱਚ ਲਾਭ ਮਿਲੇਗਾ। ਨੀਂਹ ਪੱਥਰ ਸਮਾਗਮ ਉਪਰੰਤ ਵਿਧਾਇਕ ਰੰਧਾਵਾ ਵੱਲੋਂ ਜਨ ਸਭਾ ਨੂੰ ਵੀ ਸੰਬੋਧਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਵਾਂ ਪੁਲ ਇਲਾਕੇ ਦੀ ਆਵਾਜਾਈ ਵਿਵਸਥਾ ਨੂੰ ਬਿਹਤਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ।

ਸ਼੍ਰੀਮੱਦ ਭਾਗਵਤ ਕਥਾ ਦੇ ਸੰਬੰਧ ਵਿੱਚ ਕੱਢੀ ਗਈ ਕਲਸ਼ ਯਾਤਰਾ

ਸ੍ਰੀ ਮੁਕਤਸਰ ਸਾਹਿਬ, 4 ਅਕਤੂਬਰ (ਆਦੇਸ਼) : ਸ਼੍ਰੀਮਦ ਭਾਗਵਤ ਕਥਾ ਸੁਸਾਇਟੀ ਵੱਲੋਂ ਅਜਮੇਰ ਪੈਲੇਸ ਵਿੱਚ 11 ਅਕਤੂਬਰ ਤੱਕ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ ਹੋਵੇਗਾ। ਇਸ ਸਬੰਧ ਵਿੱਚ ਸੁਸਾਇਟੀ ਵੱਲੋਂ ਰਾਮਬਾੜਾ ਬਾਜ਼ਾਰ ਸਥਿਤ ਸ਼ ?ਗੀ ਦੁਰਗਾ ਮੰਤਰੀ ਗੀਤਾ ਭਵਨ ਤੋਂ ਕਲਸ਼ ਯਾਤਰਾ ਕੱਢੀ ਗਈ। ਜਿਸ ਵਿੱਚ 301 ਔਰਤਾਂ ਨੇ ਸਿਰ 'ਤੇ ਕਲਸ਼ ਧਾਰਨ ਕੀਤੇ। ਜਦਕਿ ਸ਼ਰਧਾਲੂ ਹੱਥਾਂ ਵਿੱਚ ਧਵਜ ਲੈ ਕੇ ਚੱਲ ਰਹੇ ਸਨ। ਇਸ ਦੇ ਨਾਲ ਹੀ ਅਜਮੇਰ ਪੈਲੇਸ ਵਿੱਚ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ ਸ਼ੁਰੂ ਹੋ ਜਾਵੇਗਾ, ਇਹ ਕਥਾ 11 ਅਕਤੂਬਰ ਤੱਕ ਚੱਲੇਗੀ। ਕਲਸ਼ ਯਾਤਰਾ ਸ਼੍ਰੀ ਦੁਰਗਾ ਮੰਤਰੀ ਤੋਂ ਸ਼ੁਰੂ ਹੋ ਕੇ ਬਾਬਾ ਸੰਤ ਸਿੰਘ ਰੋਡ, ਰੇਲਵੇ ਰੋਡ, ਮਲੋਟ ਰੋਡ ਹੁੰਦੇ ਹੋਏ ਕਥਾ ਸਥਲ ਅਜਮੇਰ ਪੈਲੇਸ ਪਹੁੰਚ ਕੇ ਸੰਪੰਨ ਹੋਈ। ਜਿੱਥੇ ਔਰਤਾਂ ਨੇ ਕਲਸ਼ ਸਥਾਪਿਤ ਕੀਤੇ। ਯਾਤਰਾ ਵਿੱਚ ਸਭ ਤੋਂ ਅੱਗੇ ਔਰਤਾਂ ਸਿਰ 'ਤੇ ਕਲਸ਼ ਧਾਰਨ ਕਰਕੇ ਚੱਲ ਰਹੀਆਂ ਸਨ। ਢੋਲ ਦੀ ਥਾਪ 'ਤੇ ਸ਼ਰਧਾਲੂ ਨੱਚਦੇ-ਝੂਮਦੇ ਚੱਲ ਰਹੇ ਸਨ। ਉਨ੍ਹਾਂ ਦੇ ਪਿੱਛੇ ਧਵਜ ਲਈ ਸ਼ਰਧਾਲੂ ਚੱਲ ਰਹੇ ਸਨ। ਉਨ੍ਹਾਂ ਦੇ ਪਿੱਛੇ ਰਥ 'ਤੇ ਕਥਾ ਵਿਆਸ ਸ਼੍ਰੀ ਅਨਿਲ ਦਾਸ ਜੀ ਵਿਰਾਜਮਾਨ ਸਨ। ਇਸ ਮੌਕੇ ਸ਼ਰਧਾਲੂਆਂ ਲਈ ਜਲਪਾਨ ਦਾ ਪ੍ਰਬੰਧ ਵੀ ਕੀਤਾ ਗਿਆ ਸੀ। ਕਲਸ਼ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਿਲ ਹੋਏ। ਪ੍ਰਧਾਨ ਤਰਸੇਮ ਗੋਇਲ ਨੇ ਦੱਸਿਆ ਕਿ ਪਿੱਤਰ ਪੱਖ ਦੇ ਸੰਬੰਧ ਵਿੱਚ ਇਸ ਕਥਾ ਦਾ ਆਯੋਜਨ ਹੋ ਰਿਹਾ ਹੈ। ਪਿੱਤਰ ਪੱਖ ਵਿੱਚ ਸ਼੍ਰੀਮਦ ਭਾਗਵਤ ਕਥਾ ਸੁਣਨ ਦਾ ਬਹੁਤ ਹੀ ਵੱਡਾ ਮਹੱਤਵ ਹੈ। ਇਸ ਲਈ ਸਾਰੇ ਰੋਜ਼ਾਨਾ ਸ਼ਾਮ 6:00 ਤੋਂ 9:00 ਵਜੇ ਤੱਕ ਕਥਾ ਵਿੱਚ ਜ਼ਰੂਰ ਪਹੁੰਚੋ ਅਤੇ ਕਥਾ ਵਾਚਕ ਅਨਿਲ ਦਾਸ ਜੀ ਦੇ ਮੁਖਾਰਬਿੰਦ ਤੋਂ ਸ਼੍ਰੀਮਦ ਭਾਗਵਤ ਕਥਾ ਰਸਪਾਨ ਕਰਕੇ ਪੁੰਨ ਲਾਭ ਕਮਾਓ। ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਸ਼੍ਰੋਮਣੀ ਅਕਾਲੀ ਦਲ ਦੇ ਰਾਸ਼ਟਰੀ ਉਪ ਪ੍ਰਧਾਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ, ਭਾਜਪਾ ਦੇ ਮਹਾ ਮੰਤਰੀ ਰਾਜਕੁਮਾਰ ਭਟੇਜਾ ਮੋਲੂ, ਪੱਪੂ ਸਿੰਗਲਾ, ਸੰਜੀਵ ਜਿੰਦਲ, ਭਾਰਤ ਅਗਰਵਾਲ, ਸੋਨੂੰ ਗੋਇਲ, ਸਵਿੱਕੀ ਗਰਗ, ਈਸ਼ਵਰ, ਹੈਪੀ ਬਾਂਸਲ, ਸੁਨੀਲ ਜੈਨ, ਅਜੈ ਕੁੱਚਲ, ਕੁਲਦੀਪ ਗੋਇਲ, ਰਾਜਨ ਬਾਂਸਲ, ਵਿੱਕੀ, ਸ਼੍ਰੀ ਸ਼ਿਆਮ ਮੰਤਰੀ ਕਮੇਟੀ ਦੇ ਚੇਅਰਮੈਨ ਜੀਵਨ ਸ਼ਰਮਾ, ਬ੍

ਖੇਡਾਂ ਵਤਨ ਪੰਜਾਬ ਸੀਜ਼ਨ-4 'ਚ ਬਲਵਿੰਦਰ ਸਿੰਘ ਲੋਦੀਪੁਰ ਦਾ ਸ਼ਾਨਦਾਰ ਪ੍ਰਦਰਸ਼ਨ

ਸ੍ਰੀ ਆਨੰਦਪੁਰ ਸਾਹਿਬ, 4 ਅਕਤੂਬਰ (ਦਮਨ ਅਰੋੜਾ): ਖੇਡਾਂ ਵਤਨ ਪੰਜਾਬ ਸੀਜ਼ਨ-4 ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਤਾਰਾਪੁਰ ਦੇ ਹੈੱਡ ਟੀਚਰ ਬਲਵਿੰਦਰ ਸਿੰਘ ਲੋਦੀਪੁਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਾ ਸੁੱਟਣ ਅਤੇ ਜੈਵਲਿਨ ਥਰੋ ਦੇ ਮੁਕਾਬਲਿਆਂ ਵਿੱਚ ਕਰਮਵਾਰ ਪਹਿਲਾ ਸਥਾਨ ਹਾਸਲ ਕਰਕੇ ਇਲਾਕੇ ਅਤੇ ਸਿੱਖਿਆ ਵਿਭਾਗ ਦਾ ਨਾਮ ਰੌਸ਼ਨ ਕੀਤਾ ਹੈ। ਬਲਵਿੰਦਰ ਸਿੰਘ ਲੋਦੀਪੁਰ ਨੇ 41 ਤੋਂ 50 ਸਾਲ ਉਮਰ ਵਰਗ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋਵੇਂ ਈਵੈਂਟਾਂ ਵਿੱਚ ਬਾਜ਼ੀ ਮਾਰੀ। ਉਨ੍ਹਾਂ ਦੀ ਇਸ ਪ੍ਰਾਪਤੀ ਨਾਲ ਖੇਡ ਪ੍ਰੇਮੀਆਂ ਅਤੇ ਇਲਾਕਾ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਜ਼ਿਕਰਯੋਗ ਹੈ ਕਿ ਬਲਵਿੰਦਰ ਸਿੰਘ ਲੋਦੀਪੁਰ ਪਿਛਲੇ ਕਈ ਸਾਲਾਂ ਤੋਂ ਖੇਡਾਂ ਨਾਲ ਜੁੜੇ ਹੋਏ ਹਨ ਅਤੇ ਵੈਟਰਨ ਖੇਡਾਂ ਦੇ ਕੌਮੀ ਪੱਧਰ ਦੇ ਮੁਕਾਬਲਿਆਂ ਵਿੱਚ ਵੀ ਗੋਲਾ ਸੁੱਟਣ ਅਤੇ ਜੈਵਲਿਨ ਥਰੋ ਵਿੱਚ ਰਾਸ਼ਟਰੀ ਪੱਧਰ ਤੇ ਕਈ ਮਾਣਮੱਤੀਆਂ ਪ੍ਰਾਪਤੀਆਂ ਹਾਸਲ ਕਰ ਚੁੱਕੇ ਹਨ। ਅਧਿਆਪਕ ਵਜੋਂ ਸੇਵਾ ਨਿਭਾਉਣ ਦੇ ਨਾਲ-ਨਾਲ ਖੇਡਾਂ ਪ੍ਰਤੀ ਉਨ੍ਹਾਂ ਦਾ ਜਜ਼ਬਾ ਨੌਜਵਾਨਾਂ ਲਈ ਵੀ ਪ੍ਰੇਰਣਾ ਦਾ ਸਰੋਤ ਬਣ ਰਿਹਾ ਹੈ। ਉਨ੍ਹਾਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਸ਼ਮਸ਼ੇਰ ਸਿੰਘ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਮਨਜੀਤ ਸਿੰਘ ਮਾਵੀ, ਐਥਲੈਟਿਕ ਕੋਚ ਜਗਬੀਰ ਸਿੰਘ ਜੱਗਾ, ਐਥਲੈਟਿਕ ਕੋਚ ਦਰਪਾਲ ਸਿੰਘ, ਹਰਵਿੰਦਰ ਸਿੰਘ, ਫੁੱਟਬਾਲ ਕੋਚ ਅਮਰਜੀਤ ਸਿੰਘ, ਸਿੰਘਜ ਕਲੱਬ ਦੇ ਪ੍ਰਧਾਨ ਪ੍ਰਦੀਪ ਸਿੰਘ ਮਾਨ, ਐਥਲੈਟਿਕ ਕੋਚ ਅੰਮ੍ਰਿਤ ਕੌਰ, ਖੇਡ ਪ੍ਰਮੋਟਰ ਗੁਰਮਿੰਦਰ ਸਿੰਘ ਭੁੱਲਰ, ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ, ਭਾਈ ਬਚਿੱਤਰ ਸਿੰਘ ਯੂਥ ਕਲੱਬ ਦੇ ਪ੍ਰਧਾਨ ਹਰਦੀਪ ਸਿੰਘ ਬਬਲੀ, ਸਮਾਜ ਸੇਵੀ ਪ੍ਰਿਤਪਾਲ ਸਿੰਘ ਰਾਣਾ, ਓਮ ਪ੍ਰਕਾਸ਼ ਓਮੀ, ਪ੍ਰੇਮ ਸਿੰਘ ਠਾਕੁਰ, ਹਰਭਜਨ ਸਿੰਘ ਬੀਕਾਪੁਰ, ਅੰਤਰਰਾਸ਼ਟਰੀ ਖਿਡਾਰੀ ਹਰਪ੍ਰੀਤ ਸਿੰਘ ਲੱਕੀ, ਸੰਜੇ ਕੁਮਾਰ, ਕੁਲਬੀਰ ਸਿੰਘ ਰਾਣਾ, ਜਰਨੈਲ ਸਿੰਘ, ਗੁਰਦਿਆਲ ਸਿੰਘ ਮਾਨ, ਸੁਖਜੀਤ ਸਿੰਘ ਕੈਂਥ, ਮੁਕੇਸ਼ ਮਹਿਜਪਾਲ ਅਤੇ ਸੰਦੀਪ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀਆਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਬਲਵਿੰਦਰ ਸਿੰਘ ਲੋਦੀਪੁਰ ਨੇ ਕਿਹਾ ਕਿ ਖੇਡਾਂ ਮਨੁੱਖ ਨੂੰ ਸਰੀਰਕ ਤੌਰ 'ਤੇ ਤੰਦਰੁਸਤ ਰੱਖਣ ਦੇ ਨਾਲ-ਨਾਲ ਅਨੁਸ਼ਾਸਨ, ਮਿਹਨਤ ਅਤੇ ਹੌਸਲੇ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।

ਮੌੜ ਹਲਕੇ ਵਿੱਚ ਲੱਖਾ ਸਿਧਾਣਾ ਦੀ ਸਰਗਰਮੀ ਨੇ ਫੜੀ ਰਫ਼ਤਾਰ, 2027 ਲਈ ਵਾਰਿਸ ਪੰਜਾਬ ਦੇ ਵੱਲੋਂ ਮੌੜ ਤੋਂ ਉਮੀਦਵਾਰੀ

ਬਠਿੰਡਾ/ਮੌੜ ਮੰਡੀ, 4 ਅਕਤੂਬਰ (ਰਾਣਾ ਸ਼ਰਮਾ): ਪੰਜਾਬ ਦੀ ਸਿਆਸਤ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਰਗਰਮੀਆਂ ਤੇਜ਼ ਹੋਣ ਦੇ ਨਾਲ ਵਿਧਾਨ ਸਭਾ ਹਲਕਾ ਮੌੜ ਵੀ ਸਿਆਸੀ ਚਰਚਾ ਦਾ ਕੇਂਦਰ ਬਣਦਾ ਜਾ ਰਿਹਾ ਹੈ। ਇਸ ਹਲਕੇ ਤੋਂ ਲੱਖਾ ਸਿਧਾਣਾ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਉਮੀਦਵਾਰ ਐਲਾਨਿਆ ਗਿਆ ਹੈ। ਪਾਰਟੀ ਵੱਲੋਂ ਪਿਛਲੇ ਦਿਨੀ ਉਨ੍ਹਾਂ ਨੂੰ ਮੌੜ ਹਲਕੇ ਦੀ ਜ਼ਿੰਮੇਵਾਰੀ ਸੌਂਪੇ ਜਾਣ ਤੋਂ ਬਾਅਦ ਉਨ੍ਹਾਂ ਵੱਲੋਂ ਹਲਕੇ ਵਿੱਚ ਲੋਕ ਸੰਪਰਕ ਅਤੇ ਮੀਟਿੰਗਾਂ ਦਾ ਸਿਲਸਿਲਾ ਤੇਜ਼ ਕੀਤਾ ਗਿਆ ਹੈ। ਮੌਜੂਦਾ ਸਮੇਂ ਵਿੱਚ ਲੱਖਾ ਸਿਧਾਣਾ ਵੱਲੋਂ ਮੌੜ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਲੋਕਾਂ ਨਾਲ ਮੀਟਿੰਗਾਂ ਅਤੇ ਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਵੱਲੋਂ ਨੌਜਵਾਨਾਂ, ਕਿਸਾਨਾਂ ਅਤੇ ਆਮ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਆਪਣੀਆਂ ਮੀਟਿੰਗਾਂ ਵਿੱਚ ਉਠਾਇਆ ਜਾ ਰਿਹਾ ਹੈ। ਅਗਸਤ 2026 ਵਿੱਚ ਮੰਡੀ ਕਲਾਂ ਵਿਖੇ ਹੋਏ ਇਕੱਠ ਦੌਰਾਨ ਵੀ ਉਨ੍ਹਾਂ ਨੇ ਸਥਾਨਕ ਮਸਲਿਆਂ, ਮੰਡੀਆਂ ਦੀ ਟਰੈਫਿਕ ਸਮੱਸਿਆ ਅਤੇ ਪੰਜਾਬ ਨਾਲ ਸਬੰਧਤ ਮੁੱਦਿਆਂ ਨੂੰ ਉਭਾਰਿਆ ਸੀ। ਮੌੜ ਹਲਕੇ ਵਿੱਚ ਲੱਖਾ ਸਿਧਾਣਾ ਦੀਆਂ ਲਗਾਤਾਰ ਸਰਗਰਮੀਆਂ ਨੂੰ ਲੈ ਕੇ ਸਿਆਸੀ ਹਲਕਿਆਂ ਵਿੱਚ ਵੀ ਚਰਚਾ ਹੈ। ਸਥਾਨਕ ਸਮਰਥਕਾਂ ਦਾ ਕਹਿਣਾ ਹੈ ਕਿ ਖ਼ਾਸ ਕਰਕੇ ਨੌਜਵਾਨ ਵਰਗ ਵਿੱਚ ਲੱਖਾ ਸਿਧਾਣਾ ਪ੍ਰਤੀ ਦਿਲਚਸਪੀ ਅਤੇ ਸਮਰਥਨ ਨਜ਼ਰ ਆ ਰਿਹਾ ਹੈ। ਹਾਲਾਂਕਿ ਅਸਲ ਚੋਣੀ ਸਮਰਥਨ ਦਾ ਅੰਦਾਜ਼ਾ ਚੋਣ ਨਤੀਜਿਆਂ ਨਾਲ ਹੀ ਲੱਗੇਗਾ। ਆਉਣ ਵਾਲੇ ਸਮੇਂ ਵਿੱਚ ਮੌੜ ਹਲਕੇ ਅੰਦਰ ਵੱਖ-ਵੱਖ ਸਿਆਸੀ ਧਿਰਾਂ ਦੀਆਂ ਸਰਗਰਮੀਆਂ ਹੋਰ ਤੇਜ਼ ਹੋਣ ਦੀ ਸੰਭਾਵਨਾ ਹੈ। ਲੱਖਾ ਸਿਧਾਣਾ ਵੱਲੋਂ ਪਿੰਡ-ਪਿੰਡ ਮੀਟਿੰਗਾਂ, ਨੌਜਵਾਨਾਂ ਨਾਲ ਸੰਪਰਕ ਅਤੇ ਸਥਾਨਕ ਮੁੱਦਿਆਂ ਨੂੰ ਉਠਾਉਣ ਦੀ ਮੁਹਿੰਮ 2027 ਦੀ ਚੋਣੀ ਸਿਆਸਤ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਲੈ ਕੇ ਚਰਚਾ ਦਾ ਵਿਸ਼ਾ ਬਣੀ ਹੋਈ ਹੈ।

ਕਰਾਟੇ ਚੈਂਪੀਅਨਸ਼ਿਪ ਦੇ ਗੋਲਡ ਮੈਡਲਿਸਟ ਵੰਸ਼ ਕੁਮਾਰ ਦਾ ਪਰਿਵਾਰ ਪ੍ਰਬੋਧਨ ਪੰਜਾਬ ਵੱਲੋਂ ਵਿਸ਼ੇਸ਼ ਸਨਮਾਨ

ਬਟਾਲਾ, 4 ਅਕਤੂਬਰ (ਸੰਜੀਵ ਨਈਅਰ): ਅੰਮ੍ਰਿਤਸਰ ਵਿਖੇ ਕਰਵਾਈ ਗਈ 13ਵੀਂ ਕਿਊ ਰਿਨ ਆਲ ਇੰਡੀਆ ਕਰਾਟੇ ਚੈਂਪੀਅਨਸ਼ਿਪ-2026 ਵਿੱਚ ਸੋਨ ਤਗਮਾ ਜਿੱਤ ਕੇ ਬਟਾਲਾ ਦਾ ਨਾਮ ਰੌਸ਼ਨ ਕਰਨ ਵਾਲੇ ਹੋਣਹਾਰ ਖਿਡਾਰੀ ਵੰਸ਼ ਕੁਮਾਰ ਨੂੰ ਹੁਣ ਪਰਿਵਾਰ ਪ੍ਰਬੋਧਨ ਪੰਜਾਬ ਵੱਲੋਂ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਹੈ। ਇਸ ਮੌਕੇ ਸੰਸਥਾ ਵੱਲੋਂ ਉਸ ਦੀ ਖੇਡ ਪ੍ਰਤਿਭਾ, ਮਿਹਨਤ, ਲਗਨ ਅਤੇ ਸ਼ਾਨਦਾਰ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਉਸ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਡੀ.ਏ.ਵੀ. ਸੀਨੀਅਰ ਸੈਕੰਡਰੀ ਸਕੂਲ (ਲੜਕੇ), ਚੰਦਨ ਨਗਰ, ਬਟਾਲਾ ਦੀ ਦਸਵੀਂ ਜਮਾਤ ਦੇ ਵਿਦਿਆਰਥੀ ਵੰਸ਼ ਕੁਮਾਰ ਨੇ ਅੰਮ੍ਰਿਤਸਰ ਵਿਖੇ ਹੋਈ ਇਸ ਵੱਕਾਰੀ ਕਰਾਟੇ ਚੈਂਪੀਅਨਸ਼ਿਪ ਵਿੱਚ ਅੰਡਰ-17 ਵਰਗ ਦੇ ਮੁਕਾਬਲਿਆਂ ਦੌਰਾਨ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ ਸੀ ਅਤੇ ਗੋਲਡ ਮੈਡਲ ਆਪਣੇ ਨਾਮ ਕੀਤਾ ਸੀ। ਉਸ ਦੀ ਇਸ ਪ੍ਰਾਪਤੀ ਲਈ ਉਸ ਨੂੰ 5,000 ਰੁਪਏ ਦਾ ਨਕਦ ਇਨਾਮ ਵੀ ਦਿੱਤਾ ਗਿਆ ਸੀ। ਹੁਣ ਪਰਿਵਾਰ ਪ੍ਰਬੋਧਨ ਪੰਜਾਬ ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਉਸ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ ਹੈ। ਪਰਿਵਾਰ ਪ੍ਰਬੋਧਨ ਪੰਜਾਬ ਵੱਲੋਂ ਵੰਸ਼ ਕੁਮਾਰ ਨੂੰ ਦਿੱਤਾ ਗਿਆ ਇਹ ਸਨਮਾਨ ਉਸ ਦੀ ਖੇਡ ਪ੍ਰਾਪਤੀ ਦੀ ਕਦਰ ਕਰਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੀ ਇੱਕ ਸ਼ਲਾਘਾਯੋਗ ਪਹਿਲ ਹੈ। ਵੰਸ਼ ਕੁਮਾਰ ਵਰਗੇ ਮਿਹਨਤੀ ਖਿਡਾਰੀ ਆਪਣੀ ਲਗਨ ਅਤੇ ਪ੍ਰਾਪਤੀਆਂ ਨਾਲ ਹੋਰਨਾਂ ਵਿਦਿਆਰਥੀਆਂ ਲਈ ਪ੍ਰੇਰਨਾਸਰੋਤ ਬਣਦੇ ਹਨ।

ਮਾਨ ਸਰਕਾਰ ਦੇ ਲੋਕ ਹਿਤੈਸ਼ੀ ਫੈਸਲਿਆਂ ਨਾਲ ਪੰਜਾਬ ਚੋਣਾਂ 'ਚ 'ਆਪ' ਦੀ ਵਾਪਸੀ ਲਗਭਗ ਤੈਅਜ ਪ੍ਰਦੀਪ ਸਿੰਘਲਸਾ

ਸਾਹਨੇਵਾਲ, 4 ਅਕਤੂਬਰ (ਸਰਬਜੀਤ ਸੂਫ਼ੀ): ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਇਨਫੋਟੈਕ ਦੇ ਵਾਈਸ ਚੇਅਰਮੈਨ ਅਤੇ ਸੀਨੀਅਰ ਆਪ ਆਗੂ ਪਰਦੀਪ ਸਿੰਘ ਖਾਲਸਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨਾਲ ਕੀਤੇ ਆਪਣੇ ਹਰ ਵੱਡੇ ਵਾਅਦੇ ਨੂੰ ਇੰਨ-ਬਿੰਨ ਪੂਰਾ ਕਰ ਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ ਯੋਜਨਾ ਤਹਿਤ ਅੱਜ ਸੂਬੇ ਦੇ 90 ਪ੍ਰਤੀਸ਼ਤ ਤੋਂ ਵੱਧ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ, ਜਿਸ ਨਾਲ ਆਮ ਲੋਕਾਂ ਨੂੰ ਆਰਥਿਕ ਤੌਰ 'ਤੇ ਵੱਡੀ ਰਾਹਤ ਮਿਲੀ ਹੈ। ਇਸ ਦੇ ਨਾਲ ਹੀ ਪੰਜਾਬ ਦੀਆਂ ਔਰਤਾਂ ਦੇ ਵੈਲਫੇਅਰ ਲਈ ਹਰ ਮਹੀਨੇ 1,000 ਰੁਪਏ ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1,500 ਰੁਪਏ ਦੀ ਵਿੱਤੀ ਸਹਾਇਤਾ ਦੇ ਕੇ ਪਾਰਟੀ ਨੇ ਆਪਣੇ ਚੋਣ ਮਨੋਰਥ ਪੱਤਰ ਦੀਆਂ ਮੁੱਖ ਗਾਰੰਟੀਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਹੈ। ਪ੍ਰਦੀਪ ਸਿੰਘ ਖ਼ਾਲਸਾ ਨੇ ਅੱਗੇ ਕਿਹਾ ਕਿ ਇੱਕ ਪਾਸੇ ਜਿੱਥੇ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਦੇਸ਼ ਭਰ ਵਿੱਚ ਮਹਿੰਗਾਈ ਲਗਾਤਾਰ ਵਧ ਰਹੀ ਹੈ, ਉੱਥੇ ਹੀ ਪੰਜਾਬ ਸਰਕਾਰ ਨੇ ਆਪਣੇ ਜਨ-ਹਿੱਤੈਸ਼ੀ ਫ਼ੈਸਲਿਆਂ ਨਾਲ ਇਸ ਦਾ ਅਸਰ ਸੂਬੇ ਦੇ ਲੋਕਾਂ ਉੱਤੇ ਨਹੀਂ ਪੈਣ ਦਿੱਤਾ। ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਨੇ ਆਮ ਪਰਿਵਾਰਾਂ ਦਾ ਮਹੀਨਾਵਾਰ ਬਜਟ ਸੰਭਾਲਣ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਦੀਆਂ ਇਨ੍ਹਾਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਦੇਖਦੇ ਹੋਏ ਪੰਜਾਬ ਦੇ ਲੋਕ ਇੱਕ ਵਾਰ ਫਿਰ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਹੀ ਫ਼ਤਵਾ ਦੇਣਗੇ। ਇਸ ਮੌਕੇ ਰਮਨਪ੍ਰੀਤ ਸਿੰਘ ਬੰਡੇ ਅਮਨ ਚੈਨ ਸਿੰਘ ਗੁਰਵੀਰ ਗੋਬਿੰਦਗੜ੍ਹ ਆਦਿ ਪ੍ਰਮੁੱਖ ਤੌਰ ਤੇ ਹਾਜ਼ਿਰ ਸਨ।

3100 ਖੇਡ ਮੈਦਾਨ, ਨਸ਼ਿਆਂ ਖ਼ਿਲਾਫ਼ ਵੱਡਾ ਹਥਿਆਰ: ਚੇਅਰਮੈਨ ਤੇਜਿੰਦਰ ਮਹਿਤਾ

ਪਟਿਆਲਾ, 4 ਅਕਤੂਬਰ (ਰਾਜਿੰਦਰ ਸਿੰਘ ਥਿੰਦ): ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਰਾਜ ਦੇ ਪਿੰਡਾਂ ਵਿੱਚ 3100 ਖੇਡ ਮੈਦਾਨਾਂ ਦਾ ਪ੍ਰੋਜੈਕਟ ਨਸ਼ਿਆਂ ਖ਼ਿਲਾਫ਼ ਵੱਡਾ ਹਥਿਆਰ ਹੈ। ਉਹ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਕਰਵਾਏ ਜ਼ਿਲ੍ਹਾ ਪੱਧਰੀ ਤਲਵਾਰਬਾਜ਼ੀ ਟੂਰਨਾਮੈਂਟ ਦੇ ਪੁਰਸਕਾਰ ਵੰਡ ਸਮਾਰੋਹ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਪੀਐਸਪੀਸੀਐਲ ਦੇ ਖੇਡ ਅਫ਼ਸਰ ਅਮਰਿੰਦਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਚੇਅਰਮੈਨ ਮਹਿਤਾ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਉਨ੍ਹਾਂ ਨੂੰ ਖੇਡਾਂ ਨਾਲ ਜੋੜਨਾ ਹੈ। ਪਿੰਡਾਂ ਵਿੱਚ ਖੇਡ ਮੈਦਾਨ ਬਣਨ ਨਾਲ ਨੌਜਵਾਨਾਂ ਨੂੰ ਆਪਣੇ ਨੇੜੇ ਹੀ ਖੇਡਣ ਅਤੇ ਆਪਣੀ ਪ੍ਰਤਿਭਾ ਨਿਖਾਰਨ ਲਈ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ, ਲੋੜ ਉਸ ਨੂੰ ਮੌਕੇ ਅਤੇ ਸਹੀ ਮੰਚ ਦੇਣ ਦੀ ਹੈ। ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ ਅਤੇ ਮਿਹਨਤ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦਾ ਆਤਮ-ਵਿਸ਼ਵਾਸ ਵਧਾਉਂਦੀਆਂ ਹਨ ਅਤੇ ਜ਼ਿੰਦਗੀ ਵਿੱਚ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਤਿਆਰ ਕਰਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਵਰਗੇ ਮੁਕਾਬਲਿਆਂ ਰਾਹੀਂ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੰਚ ਮਿਲ ਰਿਹਾ ਹੈ।ਇਸ ਮੌਕੇ ਫੈਂਸਿੰਗ ਕੋਚ ਅਰਜੁਨ, ਉਦੈਵੀਰ ਸਿੰਘ, ਅਮਿਤ ਸ਼ਰਮਾ, ਕੀਰਤੀ, ਵੈਰਾਗੀ ਵੈਲਫੇਅਰ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਜਗਦੀਸ਼ ਸਿੰਘ ਬਾਵਾ, ਧਰਮਿੰਦਰ ਸਰਾਓ, ਗੌਰਵ ਛਾਬੜਾ ਸਮੇਤ ਹੋਰ ਪਤਵੰਤੇ ਅਤੇ ਖੇਡ ਪ੍ਰੇਮੀ ਹਾਜ਼ਰ ਸਨ

ਸਰਸਵਤੀ ਪਬਲਿਕ ਸਕੂਲ ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ; ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਜਿੱਤੇ ਕਈ ਤਗਮੇ

ਬਲਾਚੌਰ, 4 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ): ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਸਰਸਵਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਬਹਿਤਰੀਨ ਖੇਡ ਪ੍ਰਦਰਸ਼ਨ ਕਰਦਿਆਂ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਖਿਡਾਰੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਪੂਰੇ ਜੋਸ਼, ਮਿਹਨਤ, ਲਗਨ ਅਤੇ ਖੇਡ ਭਾਵਨਾ ਨਾਲ ਭਾਗ ਲੈਂਦੇ ਹੋਏ ਵੱਡੀ ਗਿਣਤੀ ਵਿੱਚ ਸੋਨੇ, ਚਾਂਦੀ ਅਤੇ ਕਾਂਸੀ ਦੇ ਤਗਮੇ ਆਪਣੇ ਨਾਮ ਕੀਤੇ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼ਤਰੰਜ, ਪ੍ਰਿਯੰਕਾ - ਜੈਵਲਿਨ ਥਰੋ,ਹੇਮਿਕਾ - 100 ਮੀਟਰ ਹਡਲ ਦੌੜ, ਏਕਗੀਤ ਕੌਰ - ਬਾਕਸਿੰਗ, ਹਡਲ ਦੌੜ ਅਤੇ ਲੰਬੀ ਛਾਲ, ਦਿਲਪ੍ਰੀਤ - ਬੈਡਮਿੰਟਨ ,ਪਰਮਵੀਰ - ਟ੍ਰਿਪਲ ਛਾਲ ਅਤੇ ਲੰਬੀ ਛਾਲ,ਟੀਮ ਈਵੈਂਟਸ ਕ੍ਰਿਕਟ ਟੀਮ - ਦੂਜਾ ਸਥਾਨ (

ਫਿਰੋਜ਼ਪੁਰ ਪੁਲਿਸ ਵੱਲੋਂ ਜ਼ਿਲ੍ਹੇ ਭਰ ਵਿੱਚ ਵੱਡੇ ਪੱਧਰ 'ਤੇ ਕੋਰਡਨ ਐਂਡ ਸਰਚ ਆਪ੍ਰੇਸ਼ਨ

ਫਿਰੋਜ਼ਪੁਰ, 4 ਅਕਤੂਬਰ (ਪਰੇਸ਼ ਕੁਮਾਰ ਡਿੰਪੀ): ਪੰਜਾਬ ਦੇ ਸਪੈਸ਼ਲ ਡੀਜੀਪੀ (ਲਾਅ ਐਂਡ ਆਰਡਰ) ਦੇ ਨਿਰਦੇਸ਼ਾਂ ਤਹਿਤ ਅੱਜ ਫਿਰੋਜ਼ਪੁਰ ਪੁਲਿਸ ਵੱਲੋਂ ਨਸ਼ਿਆਂ ਅਤੇ ਅਪਰਾਧਿਕ ਗਤੀਵਿਧੀਆਂ 'ਤੇ ਨਕੇਲ ਕੱਸਣ ਲਈ ਜ਼ਿਲ੍ਹੇ ਦੇ ਵੱਖ-ਵੱਖ ਚਿੰਨ੍ਹਤ ਹੌਟਸਪੌਟ ਇਲਾਕਿਆਂ ਵਿੱਚ ਵੱਡੇ ਪੱਧਰ 'ਤੇ ਕੋਰਡਨ ਐਂਡ ਸਰਚ ਆਪ੍ਰੇਸ਼ਨ ਚਲਾਇਆ ਗਿਆ। ਆਪ੍ਰੇਸ਼ਨ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਿਲ੍ਹੇ ਵਿੱਚ ਉਪਲਬਧ ਵੱਧ ਤੋਂ ਵੱਧ ਪੁਲਿਸ ਬਲ ਨੂੰ ਤਾਇਨਾਤ ਕੀਤਾ ਗਿਆ। ਇਸ ਮੁਹਿੰਮ ਦੌਰਾਨ 9 ਗਜ਼ਟਿਡ ਅਫਸਰਾਂ ਦੀ ਅਗਵਾਈ ਹੇਠ ਕੁੱਲ 440 ਪੁਲਿਸ ਮੁਲਾਜ਼ਮਾਂ ਨੇ ਮੈਦਾਨ ਵਿੱਚ ਮੋਰਚਾ ਸੰਭਾਲਿਆ। ਫਿਰੋਜ਼ਪੁਰ ਸ਼ਹਿਰ ਵਿੱਚ ਆਪ੍ਰੇਸ਼ਨ ਦੀ ਅਗਵਾਈ ਐਸ.ਐਸ.ਪੀ. ਫਿਰੋਜ਼ਪੁਰ ਸ. ਭੁਪਿੰਦਰ ਸਿੰਘ ਸਿੱਧੂ ਨੇ ਖੁਦ ਮੌਕੇ 'ਤੇ ਰਹਿ ਕੇ ਕੀਤੀ। ਇਸ ਦੇ ਨਾਲ ਹੀ ਜ਼ਿਲ੍ਹੇ ਦੇ ਹੋਰ ਹਿੱਸਿਆਂ ਵਿੱਚ ਵੀ ਸਬੰਧਤ ਸਬ-ਡਵੀਜ਼ਨਲ ਪੁਲਿਸ ਅਫਸਰਾਂ ਦੀ ਸਿੱਧੀ ਨਿਗਰਾਨੀ ਹੇਠ CASO ਚਲਾਇਆ ਗਿਆ। ਇਸ ਮੁਹਿੰਮ ਤਹਿਤ ਸਬ-ਡਵੀਜ਼ਨ ਸਿਟੀ ਫਿਰੋਜ਼ਪੁਰ, ਗੁਰੂਹਰਸਹਾਏ (GHS), ਰੂਰਲ ਫਿਰੋਜ਼ਪੁਰ ਅਤੇ ਜ਼ੀਰਾ ਦੇ ਇਲਾਕਿਆਂ ਨੂੰ ਕਵਰ ਕੀਤਾ ਗਿਆ। ਆਪ੍ਰੇਸ਼ਨ ਦੌਰਾਨ ਨਸ਼ਾ ਤਸਕਰੀ ਨਾਲ ਜੁੜੇ ਸੂਚੀਬੱਧ ਨਸ਼ਾ ਤਸਕਰਾਂ ਅਤੇ ਸਪਲਾਇਰਾਂ ਖ਼ਿ?ਲਾਫ਼ ਵਿਸ਼ੇਸ਼ ਤੌਰ 'ਤੇ ਕਾਰਵਾਈ ਕੀਤੀ ਗਈ, ਤਾਂ ਜੋ ਸਥਾਨਕ ਪੱਧਰ 'ਤੇ ਨਸ਼ਿਆਂ ਦੀ ਸਪਲਾਈ ਦੇ ਨੈੱਟਵਰਕ ਨੂੰ ਤੋੜਿਆ ਜਾ ਸਕੇ। ਜ਼ਿਲ੍ਹੇ ਭਰ ਵਿੱਚ ਕੁੱਲ 42 ਹੌਟਸਪੌਟ ਇਲਾਕਿਆਂ ਨੂੰ ਕੋਰਡਨ ਕਰਕੇ ਚੈਕਿੰਗ ਕੀਤੀ ਗਈ। ਇਸ ਤੋਂ ਇਲਾਵਾ ਵਾਂਟੇਡ ਮੁਲਜ਼ਮਾਂ, ਭਗੌੜੇ ਐਲਾਨੇ ਗਏ ਮੁਲਜ਼ਮਾਂ (POs), ਜ਼ਮਾਨਤ ਤੋਂ ਬਾਅਦ ਫਰਾਰ ਹੋਏ ਮੁਲਜ਼ਮਾਂ ਅਤੇ ਹੋਰ ਸਮਾਜ ਵਿਰੋਧੀ ਤੱਤਾਂ ਦੀ ਵੀ ਭਾਲ ਕਰਕੇ ਉਨ੍ਹਾਂ ਨੂੰ ਕਾਬੂ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਫਿਰੋਜ਼ਪੁਰ ਪੁਲਿਸ ਨੇ ਦੁਹਰਾਇਆ ਕਿ ਨਸ਼ਿਆਂ ਅਤੇ ਅਪਰਾਧਿਕ ਗਤੀਵਿਧੀਆਂ ਖ਼ਲਾਫ਼ ਜ਼ੀਰੋ ਟੌਲਰੈਂਸ ਦੀ ਨੀਤੀ ਜਾਰੀ ਰਹੇਗੀ। ਇਸ ਦੇ ਨਾਲ ਹੀ ਨਸ਼ਿਆਂ ਤੋਂ ਮੁਕਤੀ ਅਤੇ ਪੁਨਰਵਾਸ ਦੀ ਕੋਸ਼ਿਸ਼ ਕਰਨ ਵਾਲੇ ਲੋਕਾਂ ਨੂੰ ਹਰ ਸੰਭਵ ਸਹਿਯੋਗ ਦੇਣ ਦੀ ਗੱਲ ਵੀ ਪੁਲਿਸ ਵੱਲੋਂ ਕਹੀ ਗਈ।

ਦੁਨੀਆਂ 'ਤੇ ਆਪਣੀ ਵੱਖਰੀ ਪਹਿਚਾਣ ਬਣਾਉਣ ਵਾਲਾ ਲਿਖਾਰੀ ਤੇ ਉੱਭਰਦਾ ਸਟਾਰ ਬੱਬੀ ਮਧੇਕੇ

ਮੋਗਾ, 4 ਅਕਤੂਬਰ (ਜਗਰਾਜ ਸਿੰਘ ਸੰਘਾ): ਪੰਜਾਬੀ ਸਾਹਿਤ ਅਤੇ ਕਲਾਤਮਕ ਖੇਤਰ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾਉਣ ਲਈ ਨੌਜਵਾਨ ਲਿਖਾਰੀ ਬੱਬੀ ਮਧੇਕੇ ਲਗਾਤਾਰ ਮਿਹਨਤ ਕਰ ਰਹੇ ਹਨ। ਆਪਣੀ ਕਲਮ ਰਾਹੀਂ ਸਮਾਜਿਕ ਸਰੋਕਾਰਾਂ, ਪੰਜਾਬੀ ਸੱਭਿਆਚਾਰ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਸ਼ਬਦਾਂ ਵਿੱਚ ਪੇਸ਼ ਕਰਨ ਵਾਲੇ ਬੱਬੀ ਮਧੇਕੇ ਨੇ ਥੋੜ੍ਹੇ ਸਮੇਂ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਵੱਲ ਕਦਮ ਵਧਾਏ ਹਨ। ਬੱਬੀ ਮਧੇਕੇ ਦੀ ਲਿਖਤ ਵਿੱਚ ਪੰਜਾਬੀ ਮਿੱਟੀ ਨਾਲ ਜੁੜੇ ਵਿਸ਼ਿਆਂ ਦੀ ਝਲਕ ਦੇਖਣ ਨੂੰ ਮਿਲਦੀ ਹੈ। ਉਨ੍ਹਾਂ ਦੀ ਕੋਸ਼ਿਸ਼ ਹੈ ਕਿ ਆਪਣੀ ਕਲਾ ਅਤੇ ਲਿਖਤ ਰਾਹੀਂ ਪੰਜਾਬੀ ਬੋਲੀ, ਸੱਭਿਆਚਾਰ ਅਤੇ ਵਿਰਸੇ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇ। ਆਪਣੀ ਮਿਹਨਤ ਅਤੇ ਸਿਰਜਣਾਤਮਕ ਸੋਚ ਸਦਕਾ ਉਹ ਨੌਜਵਾਨਾਂ ਵਿੱਚ ਵੀ ਆਪਣੀ ਪਛਾਣ ਬਣਾਉਣ ਵੱਲ ਅੱਗੇ ਵੱਧ ਰਹੇ ਹਨ। ਬੱਬੀ ਮਧੇਕੇ ਦਾ ਕਹਿਣਾ ਹੈ ਕਿ ਕਲਾ ਦੇ ਖੇਤਰ ਵਿੱਚ ਕਾਮਯਾਬੀ ਲਈ ਲਗਾਤਾਰ ਮਿਹਨਤ, ਨਵਾਂ ਸਿੱਖਣ ਦੀ ਲਗਨ ਅਤੇ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣਾ ਬਹੁਤ ਜ਼ਰੂਰੀ ਹੈ। ਉਹ ਭਵਿੱਖ ਵਿੱਚ ਵੀ ਪੰਜਾਬੀ ਮਾਂ ਬੋਲੀ ਅਤੇ ਸੱਭਿਆਚਾਰ ਦੀ ਸੇਵਾ ਲਈ ਆਪਣੀਆਂ ਰਚਨਾਵਾਂ ਰਾਹੀਂ ਯੋਗਦਾਨ ਪਾਉਣ ਲਈ ਯਤਨਸ਼ੀਲ ਹਨ।

ਜ਼ਿਲ੍ਹਾ ਪੁਲਿਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਜਾਰੀ - ਡਾ. ਰਵਜੋਤ ਗਰੇਵਾਲ

ਸੰਗਰੂਰ, 4 ਅਕਤੂਬਰ (ਜਸਪਾਲ ਸਰਾਓ): ਡਾ. ਰਵਜੋਤ ਗਰੇਵਾਲ, ਆਈ.ਪੀ.ਐੱਸ., ਐੱਸ.ਐੱਸ.ਪੀ. ਸੰਗਰੂਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਸਬ ਡਿਵੀਜ਼ਨ ਮੂਨਕ ਪੁਲਿਸ ਵੱਲੋਂ ਮਿਤੀ 28 ਸਤੰਬਰ 2026 ਤੋਂ 04 ਅਕਤੂਬਰ 2026 ਤੱਕ ਵਿਸ਼ੇਸ਼ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੌਰਾਨ ਐੱਨ.ਡੀ.ਪੀ.ਐੱਸ. ਐਕਟ ਤਹਿਤ 03 ਮੁਕੱਦਮੇ ਦਰਜ ਕਰਕੇ 03 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਕੋਲੋਂ 20 ਨਸ਼ੀਲੀਆਂ ਗੋਲੀਆਂ, 8 ਕਿੱਲੋ ਭੁੱਕੀ ਚੂਰਾ ਪੋਸਤ ਅਤੇ 10 ਗ੍ਰਾਮ ਚਿੱਟਾ ਬਰਾਮਦ ਕੀਤਾ ਗਿਆ ਹੈ। ਇਸ ਤੋਂ ਇਲਾਵਾ ਧਾਰਾ 27 ਐੱਨ ਡੀ ਪੀ ਐੱਸ ਤਹਿਤ 02 ਮੁਕੱਦਮੇ ਦਰਜ ਕਰਕੇ 02 ਵਿਅਕਤੀਆਂ ਨੂੰ ਇਲਾਜ ਲਈ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸੁਰੱਖਿਆ ਅਤੇ ਟਰੈਫ਼?ਕ ਵਿਵਸਥਾ ਨੂੰ ਮੁੱਖ ਰੱਖਦੇ ਹੋਏ ਟਰੈਫ਼ਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਦੇ 72 ਚਲਾਨ ਕੀਤੇ ਗਏ ਹਨ। ਇਲਾਕੇ ਵਿੱਚ ਅਮਨ-ਕਾਨੂੰਨ ਬਣਾਏ ਰੱਖਣ ਲਈ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਦੇ ਹੋਏ 52 ਵਿਅਕਤੀਆਂ ਵਿਰੁੱਧ 172 ਬੀ ਐਨ ਐੱਸ ਐੱਸ ਅਧੀਨ ਕਾਨੂੰਨੀ ਕਾਰਵਾਈ ਕੀਤੀ ਗਈ ਹੈ। ਜ਼ਿਲ੍ਹਾ ਪੁਲਿਸ ਮੁਖੀ ਸੰਗਰੂਰ ਨੇ ਆਮ ਜਨਤਾ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਪੁਲਿਸ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਨੌਜਵਾਨਾਂ ਨੂੰ ਬਚਾਉਣ ਲਈ ਪਿੰਡਾਂ ਦੀਆਂ ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਮੋਹਤਬਰ ਵਿਅਕਤੀਆਂ ਨਾਲ ਮੀਟਿੰਗਾਂ ਕਰਕੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਨਸ਼ੇ ਦਾ ਧੰਦਾ ਕਰਨ ਵਾਲਿਆਂ ਅਤੇ ਸਮਾਜ ਵਿਰੋਧੀ ਅੰਸਰਾਂ ਖ਼ਲਾਫ਼ ਪੁਲਿਸ ਦੀ ਜੰਗ ਨਿਰੰਤਰ ਜਾਰੀ ਰਹੇਗੀ।

ਐਮ.ਐਲ.ਜੀ. ਕਾਨਵੈਂਟ ਸਕੂਲ ਵਿਖੇ ਗਾਂਧੀ ਜਯੰਤੀ ਉਤਸ਼ਾਹ ਤੇ ਸ਼ਰਧਾ ਨਾਲ ਮਨਾਈ

ਲੌਂਗੋਵਾਲ/ ਚੀਮਾ, 4 ਅਕਤੂਬਰ (ਰਵੀ ਗਰਗ): ਐਮ.ਐਲ.ਜੀ. ਕਾਨਵੈਂਟ ਸਕੂਲ ਵਿਖੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੀ ਜਯੰਤੀ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਈ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ ਗਿਆ। ਕਈ ਵਿਦਿਆਰਥੀ ਮਹਾਤਮਾ ਗਾਂਧੀ ਜੀ ਦੇ ਪਹਿਰਾਵੇ ਵਿੱਚ ਸਜ ਕੇ ਸਕੂਲ ਪਹੁੰਚੇ ਅਤੇ ਉਨ੍ਹਾਂ ਦੇ ਜੀਵਨ, ਸਾਦਗੀ, ਸੱਚਾਈ ਅਤੇ ਅਹਿੰਸਾ ਦੇ ਸਿਧਾਂਤਾਂ ਨੂੰ ਦਰਸਾਇਆ। ਸਮਾਗਮ ਦੌਰਾਨ ਭਾਸ਼ਣ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਮਹਾਤਮਾ ਗਾਂਧੀ ਜੀ ਦੇ ਜੀਵਨ, ਉਨ੍ਹਾਂ ਦੇ ਆਦਰਸ਼ਾਂ ਅਤੇ ਦੇਸ਼ ਦੀ ਆਜ਼ਾਦੀ ਵਿੱਚ ਪਾਏ ਯੋਗਦਾਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਆਪਣੇ ਵਿਚਾਰ ਪੇਸ਼ ਕਰਦਿਆਂ ਸੱਚਾਈ, ਅਹਿੰਸਾ ਅਤੇ ਦੇਸ਼ ਭਗਤੀ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਕੂਲ ਦੀ ਮੈਨੇਜਮੈਂਟ, ਪ੍ਰਿੰਸੀਪਲ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਵੀ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਸਕੂਲ ਦੀ ਮੈਨੇਜਮੈਂਟ ਅਤੇ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਮਹਾਤਮਾ ਗਾਂਧੀ ਜੀ ਦੇ ਦਰਸਾਏ ਸੱਚ, ਅਹਿੰਸਾ, ਸਾਦਗੀ ਅਤੇ ਸਵੈ-ਨਿਰਭਰਤਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਮਹਾਤਮਾ ਗਾਂਧੀ ਜੀ ਦੇ ਜੀਵਨ, ਵਿਚਾਰਾਂ ਅਤੇ ਨੈਤਿਕ ਕਦਰਾਂ-ਕੀਮਤਾਂ ਤੋਂ ਜਾਣੂ ਕਰਵਾਉਣਾ ਸੀ।

ਪੰਜਾਬ ਅੰਦਰ ਐੱਸ.ਆਈ.ਆਰ. ਪ੍ਰਕਿਰਿਆ ਦੀ ਅਕਾਲੀ ਦਲ ਨੇ ਕੀਤੀ ਪ੍ਰਸ਼ੰਸਾ

ਸ੍ਰੀ ਆਨੰਦਪੁਰ ਸਾਹਿਬ, 4 ਅਕਤੂਬਰ (ਦਮਨ ਅਰੋੜਾ): ਬੇਸ਼ੱਕ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਐੱਸ.ਆਈ.ਆਰ. ਦੀ ਪ੍ਰਕਿਰਿਆ ਨੂੰ ਲੈ ਕੇ ਸਿਆਸੀ ਪਾਰਟੀਆਂ ਵੱਲੋਂ ਚੋਣ ਕਮਿਸ਼ਨ 'ਤੇ ਸਵਾਲ ਚੁੱਕੇ ਜਾ ਰਹੇ ਹਨ ਪਰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਪੰਜਾਬ ਵਿੱਚ ਐੱਸ.ਆਈ.ਆਰ. ਦੀ ਪ੍ਰਕਿਰਿਆ ਨੂੰ ਸਾਰੀਆਂ ਸਿਆਸੀ ਪਾਰਟੀਆਂ ਨੂੰ ਭਰੋਸੇ ਵਿੱਚ ਲੈ ਕੇ ਨੇਪਰੇ ਚਾੜ੍ਹਨ ਲਈ ਮੁੱਖ ਚੋਣ ਅਧਿਕਾਰੀ ਆਨੰਦਿਤਾ ਮਿੱਤਰਾ ਦੀ ਪ੍ਰਸ਼ੰਸਾ ਕੀਤੀ ਹੈ। ਸ੍ਰੀ ਆਨੰਦਪੁਰ ਸਾਹਿਬ ਹਲਕੇ ਦੇ ਪਾਰਟੀ ਆਗੂਆਂ ਨਾਲ ਮੀਟਿੰਗ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਅਕਾਲੀ ਦਲ ਵੱਲੋਂ 6 ਅਕਤੂਬਰ ਤੋਂ ਗਿੱਦੜਬਾਹਾ ਤੋਂ ਘਰ-ਘਰ ਫੀਡਬੈਕ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। 'ਆਪ' ਸਰਕਾਰ ਦੀ ਸਿੱਖਿਆ ਨੀਤੀ 'ਤੇ ਹਮਲਾ ਕਰਦਿਆਂ ਡਾ. ਚੀਮਾ ਨੇ ਰੂਪਨਗਰ ਥਰਮਲ ਪਲਾਂਟ ਦੀ ਪਾਵਰ ਕਲੋਨੀ ਵਿੱਚ ਸਥਿਤ ਮਾਡਲ ਸਕੂਲ ਦੇ ਸਾਢੇ ਚਾਰ ਸਾਲ ਤੋਂ ਬੰਦ ਹੋਣ ਦਾ ਦਾਅਵਾ ਕੀਤਾ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਰੋਪੜ ਬਾਈਪਾਸ 'ਤੇ ਸਥਿਤ ਸਕੂਲ ਦੀ ਕੀਮਤੀ ਜ਼ਮੀਨ ਵੇਚਣ ਦੀ ਤਿਆਰੀ ਵਿੱਚ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਦਰਬਾਰਾ ਸਿੰਘ ਬਾਲਾ, ਜਥੇਦਾਰ ਮੋਹਨ ਸਿੰਘ ਢਾਹੇ, ਨਿਰਮਲ ਸਿੰਘ ਹਰੀਵਾਲ, ਜਰਨੈਲ ਸਿੰਘ ਭਾਰਤਗੜ੍ਹ, ਤਾਰਾ ਸਿੰਘ ਬੁਰਜ, ਗੁਰਬਚਨ ਸਿੰਘ ਲੋਦੀਪੁਰ, ਮਲਕੀਤ ਸਿੰਘ ਢਾਹੇ, ਸੁਰਿੰਦਰ ਸਿੰਘ ਮਟੋਰ, ਪਰਮਜੀਤ ਸਿੰਘ ਬੱਢਲ, ਜਸਬੀਰ ਸਿੰਘ ਢੇਰ, ਗੁਰਮੀਤ ਸਿੰਘ ਬੱਢਲ ਅਤੇ ਫੋਰਮੈਨ ਗੁਰਨਾਮ ਸਿੰਘ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

ਸ੍ਰੀ ਗੁਰੂ ਰਵੀਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਗਈ

ਫ਼ਤਹਿਗੜ੍ਹ ਸਾਹਿਬ, 4 ਅਕਤੂਬਰ (ਅਭਿਸ਼ੇਕ ਮਲਹੋਤਰਾ): ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਫਿਲਮ ਪਿੰਡ-ਪਿੰਡ ਦਿਖਾਉਣ ਦੀ ਲੜੀ ਤਹਿਤ ਸਰਹਿੰਦ ਬਲਾਕ ਦੇ ਪਿੰਡ ਪੰਜੋਲੀ ਖੁਰਦ, ਰਿਉਣਾ ਨੀਵਾਂ, ਰਿਉਣਾ ਭੋਲਾ ਅਤੇ ਬਲਾਕ ਅਮਲੋਹ ਦੇ ਪਿੰਡ ਖੁੰਮਣਾ, ਖਨਿਆਨ ਅਤੇ ਰਾਮਗੜ ਵਿਖੇ 30 ਮਿੰਟ ਦੀ ਡਾਕੂਮੈਂਟਰੀ ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਗਈ। ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਨੂੰ ਦਿੱਤੇ ਮਹਾਨ ਸੰਦੇਸ਼ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਗਈ ਇਸ ਡਾਕੂਮੈਂਟਰੀ ਨੂੰ ਪਿੰਡ ਵਾਸੀਆਂ ਵੱਲੋਂ ਰੁਚੀ ਨਾਲ ਦੇਖਿਆ ਗਿਆ। ਇਸ ਦੌਰਾਨ ਲੋਕਾਂ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਹੋਈ।

ਮੋਗਾ ਚ ਵੱਖ ਵੱਖ ਪਾਰਟੀਆਂ ਨੇ ਚੋਚ ਕਮਿਸ਼ਨ ਦੇ ਮੁੱਦੇ ਤੇ ਕੀਤੀ ਅਹਿਮ ਮੀਟਿੰਗ

ਮੋਗਾ, 4 ਅਕਤੂਬਰ (ਜਗਰਾਜ ਸਿੰਘ ਸੰਘਾ): ਅੱਜ ਇੱਥੇ ਇੰਡੀਆ ਗੱਠਜੋੜ ਦੇ ਸੱਦੇ ਤੇ ਚੋਣ ਕਮਿਸ਼ਨ ਦੇ ਮੁੱਦੇ ਤੇ ਮੀਟਿੰਗ ਕੀਤੀ ਗਈ ।ਇਸ ਮੀਟਿੰਗ ਵਿੱਚ ਕਾਂਗਰਸ, ਭਾਰਤੀ ਕਮਿਊਨਿਸਟ ਪਾਰਟੀ ਅਤੇ ਸਿਵਲ ਸੁਸਾਇਟੀ ਮੋਗਾ ਦੇ ਅਹੁਦੇਦਾਰਾਂ ਨੇ ਹਿੱਸਾ ਲਿਆ। ਮੀਟਿੰਗ ਦੀ ਪ੍ਰਧਾਨਗੀ ਸੀ .ਪੀ .ਆਈ. ਦੇ ਜਿਲਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਕੀਤੀ। ਇਸ ਮੌਕੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ, ਕਾਮਰੇਡ ਕੁਲਦੀਪ ਸਿੰਘ ਭੋਲਾ ਅਤੇ ਅਜੇ (ਗੋਰਾ)ਸੂਦ ਨੇ ਕਿਹਾ ਕਿ ਦੇਸ਼ ਵਿੱਚ ਅੱਖੰਤੀ ਐਸ .ਆਈ .ਆਰ. ਦਾ ਸਹਾਰਾ ਲੈ ਕੇ ਬੀਜੇਪੀ ਸਰਕਾਰ ਨੇ 13 ਕਰੋੜ ਲੋਕਾਂ ਕੋਲੋਂ ਵੋਟ ਦਾ ਹੱਕ ਖੋ ਲਿਆ ਹੈ। ਦੇਸ਼ ਵਿੱਚ ਈਵੀਐਮ ਦੀ ਦੁਰਵਰਤੋਂ ਨਾਲ ਲਗਾਤਾਰ ਸੁਬਾਈ ਸਰਕਾਰਾਂ ਤੇ ਕਬਜ਼ਾ ਕੀਤਾ ਜਾ ਰਿਹਾ ਅਤੇ ਭਾਜਪਾ ਹਰ ਹਰਬਾ ਵਰਤ ਕੇ ਹਮੇਸ਼ਾ ਲਈ ਸੱਤਾ ਵਿੱਚ ਰਹਿਣ ਦੀ ਨੀਤੀ ਤੇ ਚੱਲ ਰਹੀ ਹੈ। ਇੰਡੀਅਨ ਐਕਸਪ੍ਰੈਸ ਦੀ ਪੱਤਰਕਾਰ ਦੇ ਕੀਤੇ ਖੁਲਾਸਿਆਂ

ਬੇਬੇ ਗੁਰਮੇਲ ਕੌਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮਿਲਾ ਕੇ ਬੇਹੱਦ ਖੁਸ਼ੀ ਮਿਲੀ : ਚੇਅਰਮੈਨ ਇੰਦਰਜੀਤ ਮਾਨ

ਰਾਮਪੁਰਾ ਫੂਲ, 4 ਅਕਤੂਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ): ਚੇਅਰਮੈਨ ਮਾਰਕਫੈੱਡ ਪੰਜਾਬ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਸਕੱਤਰ ਇੰਦਰਜੀਤ ਸਿੰਘ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਆਪਣੇ ਹਲਕਾ ਰਾਮਪੁਰਾ ਫੂਲ ਦੇ ਪਿੰਡ ਆਦਮਪੁਰਾ ਦੀ ਵਸਨੀਕ ਬੇਬੇ ਗੁਰਮੇਲ ਕੌਰ 'ਮੇਲੋ' ਨੂੰ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਮਿਲਾਉਣ ਦਾ ਮੌਕਾ ਮਿਲਿਆ, ਜਿਸ ਨਾਲ ਉਨ੍ਹਾਂ ਦੇ ਮਨ ਨੂੰ ਬੇਹੱਦ ਖੁਸ਼ੀ ਅਤੇ ਸੰਤੁਸ਼ਟੀ ਮਿਲੀ ਹੈ। ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਬੇਬੇ ਗੁਰਮੇਲ ਕੌਰ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਵਾਉਣਾ ਉਨ੍ਹਾਂ ਲਈ ਸਿਰਫ਼ ਇੱਕ ਮੁਲਾਕਾਤ ਨਹੀਂ, ਸਗੋਂ ਆਪਣੇ ਹਲਕੇ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਸਰਕਾਰ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਜਦੋਂ ਆਪਣੇ ਹਲਕੇ ਦੀ ਇੱਕ ਬਜ਼ੁਰਗ ਮਾਤਾ ਦੀ ਦਿਲੀ ਇੱਛਾ ਪੂਰੀ ਹੁੰਦੀ ਹੈ ਤਾਂ ਇਸ ਤੋਂ ਵੱਡੀ ਖੁਸ਼ੀ ਇੱਕ ਲੋਕ ਸੇਵਕ ਲਈ ਹੋਰ ਕੀ ਹੋ ਸਕਦੀ ਹੈ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੇ ਛੋਟੇ ਭਰਾ ਦੀ ਬੇਨਤੀ ਨੂੰ ਕਬੂਲ ਕਰਦਿਆਂ ਬੇਬੇ ਗੁਰਮੇਲ ਕੌਰ 'ਮੇਲੋ' ਨੂੰ ਮਿਲਣ ਲਈ ਸਮਾਂ ਦਿੱਤਾ। ਚੇਅਰਮੈਨ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਜੀ ਵੱਲੋਂ ਆਮ ਲੋਕਾਂ, ਖਾਸ ਕਰਕੇ ਬਜ਼ੁਰਗਾਂ ਪ੍ਰਤੀ ਦਿਖਾਇਆ ਜਾ ਰਿਹਾ ਸਤਿਕਾਰ ਅਤੇ ਆਪਣਾਪਣ ਹੀ ਉਨ੍ਹਾਂ ਦੀ ਲੋਕਪ੍ਰਿਯਤਾ ਦਾ ਸਭ ਤੋਂ ਵੱਡਾ ਕਾਰਨ ਹੈ। ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਆਮ ਲੋਕਾਂ ਦੀ ਗੱਲ ਸਿੱਧੀ ਮੁੱਖ ਮੰਤਰੀ ਤੱਕ ਪਹੁੰਚ ਰਹੀ ਹੈ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਪੂਰਾ ਸਤਿਕਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਚਕਾਰ ਬਣਿਆ ਇਹ ਪਿਆਰ ਅਤੇ ਭਰੋਸੇ ਦਾ ਰਿਸ਼ਤਾ ਬਹੁਤ ਮਜ਼ਬੂਤ ਹੈ। ਉਨ੍ਹਾਂ ਕਿਹਾ ਕਿ ਬੇਬੇ ਗੁਰਮੇਲ ਕੌਰ ਦੀ ਮੁੱਖ ਮੰਤਰੀ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਦੇ ਚਿਹਰੇ 'ਤੇ ਦਿਖਾਈ ਦਿੱਤੀ ਖੁਸ਼ੀ ਨੇ ਉਨ੍ਹਾਂ ਨੂੰ ਵੀ ਭਾਵੁਕ ਕਰ ਦਿੱਤਾ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੀ ਖੁਸ਼ੀ ਅਤੇ ਉਨ੍ਹਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਵਾਉਣ ਲਈ ਹਰ ਸੰਭਵ ਯਤਨ ਕਰਨਾ ਹੀ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਉਹ ਅੱਗੇ ਵੀ ਹਲਕਾ ਰਾਮਪੁਰਾ ਫੂਲ ਦੇ ਲੋਕਾਂ ਦੀ ਆਵਾਜ਼ ਬਣ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਭਾਵਨਾਵਾਂ ਨੂੰ ਪੰਜਾਬ ਸਰਕਾਰ ਤੱਕ ਪਹੁੰਚਾਉਂਦੇ ਰਹਿਣਗੇ ਅਤੇ ਲੋਕਾਂ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿਣਗੇ।

ਬਲੌਸਮਜ਼ ਕਾਨਵੈਂਟ ਵਿਖੇ ਪਲੇਅ ਵੇਅ ਦੇ ਵਿਦਿਆਰਥੀਆਂ ਵੱਲੋਂ ਰੈੱਡ ਡੇਅ ਗਤੀਵਿਧੀ ਕੀਤੀ ਗਈ

ਜਗਰਾਉਂ, 4 ਅਕਤੂਬਰ (ਜਗਦੀਪ ਸਿੰਘ) ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਅੱਜ ਪਲੇਅ ਵੇਅ ਦੇ ਨਿੱਕੇ-ਨਿੱਕੇ ਵਿਦਿਆਰਥੀਆਂ ਨੂੰ 'ਰੈੱਡ ਡੇਅ' ਗਤੀਵਿਧੀ ਕਰਵਾਈ ਗਈ। ਜਿਸ ਵਿੱਚ ਸਾਰੇ ਵਿਦਿਆਰਥੀ ਲਾਲ ਰੰਗ ਨੂੰ ਮਹੱਤਤਾ ਦੇਣ ਸੰਬੰਧੀ ਲਾਲ ਰੰਗ ਦੇ ਕੱਪੜੇ ਪਾ ਕੇ ਆਏ, ਉਹਨਾਂ ਵੱਲੋਂ ਇਸੇ ਰੰਗ ਦੇ ਫੁੱਲ ਬਣਾਏ,ਉਹਨਾਂ ਵੱਲੋਂ ਲਾਲ ਰੰਗ ਦੇ ਖਿਡਾਉਣਿਆਂ ਨਾਲ ਖੇਡਿਆ ਗਿਆ ਤੇ ਨਾਲ ਹੀ ਬਹੁਤ ਸਾਰੇ ਗੁਬਾਰਿਆਂ ਵਿਚ ਹਵਾ ਭਰ ਕੇ ਉਹਨਾਂ ਵਿੱਚੋਂ ਲਾਲ ਰੰਗ ਦੇ ਗੁਬਾਰੇ ਅਲੱਗ ਕੀਤੇ ਗਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ.ਨਵਨੀਤ ਕੌਰ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਰਾਹੀਂ ਇਹ ਵਿਦਿਆਰਥੀ ਆਪਣੀ ਪੜਾਈ ਸ਼ੁਰੂ ਕਰ ਲੈਂਦੇ ਹਨ ਤੇ ਬਹੁਤ ਸਾਰੀ ਜਾਣਕਾਰੀ ਹਾਸਲ ਕਰ ਲੈਂਦੇ ਹਨ। ਅੱਜ ਦੀ ਇਸ ਗਤੀਵਿਧੀ ਨਾਲ ਉਹਨਾਂ ਵਿੱਚ ਲਾਲ ਰੰਗ ਦੀ ਜਾਣਕਾਰੀ ਪੱਕੀ ਹੋ ਗਈ ਹੈ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸ. ਮਨਪ੍ਰੀਤ ਸਿੰਘ ਬਰਾੜ ਨੇ ਵੀ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਤੇ ਕਿਹਾ ਕਿ ਇਸ ਤਰ੍ਹਾਂ ਇਹ ਆਪਣੀਆਂ ਨਿੱਕੀਆਂ ਪੈੜਾਂ ਨਾਲ ਅਗਲੇ ਸਫ਼ਰਾਂ ਲਈ ਤਿਆਰ ਹੋ ਜਾਂਦੇ ਹਨ

ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਵੱਲੋਂ ਮਹਿਲਾਂ ਪੱਤਰਕਾਰ ਨਾਲ ਹੋਈ ਕਥਿਤ ਛੇੜਛਾੜ ਦੀ ਨਖੇਦੀ, ਕਰਵਾਈ ਦੀ ਮੰਗ

ਅਮਰਗੜ੍ਹ 4 ਅਕਤੂਬਰ (ਵਰਿੰਦਰ ਗਿੱਲ /ਕੁਲਦੀਪ ਜੱਸੀ) ਇੰਡੀਅਨ ਜਰਨਲਿਸਟਸ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ, ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾਈ ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸਕੱਤਰ ਜਨਰਲ ਸੰਤੋਖ ਗਿੱਲ ਨੇ ਜੰਤਰ-ਮੰਤਰ ਅੰਦੋਲਨ ਸਮੇਂ ਸ਼ਨੀਵਾਰ ਨੂੰ ਮਹਿਲਾ ਪੱਤਰਕਾਰ ਨਾਲ ਏ.ਸੀ.ਪੀ ਵਿਵੇਕ ਭਗਤ ਵੱਲੋਂ ਕੀਤੀ ਗਈ ਕਥਿਤ ਜਿਨਸੀ ਛੇੜਛਾੜ ਦੀ ਘਟਨਾ ਦੀ ਜ਼ੋਰਦਾਰ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਡਿਊਟੀ ਨਿਭਾ ਰਹੀ ਮਹਿਲਾ ਪੱਤਰਕਾਰ ਨਾਲ ਅਜਿਹਾ ਵਿਵਹਾਰ ਬੇਹੱਦ ਗੰਭੀਰ ਮਾਮਲਾ ਹੈ ਅਤੇ ਇਸ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਮੰਗ ਕੀਤੀ ਕਿ ਮਹਿਲਾ ਪੱਤਰਕਾਰ ਦੀ ਸ਼ਿਕਾਇਤ 'ਤੇ ਏਸੀਪੀ ਵਿਵੇਕ ਭਗਤ ਖ਼ਿਲਾਫ਼ ਤੁਰੰਤ ਕੇਸ ਦਰਜ ਕਰਕੇ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕੀਤੀ ਜਾਵੇ ਅਤੇ ਜਾਂਚ ਨੂੰ ਪ੍ਰਭਾਵਿਤ ਹੋਣ ਤੋਂ ਰੋਕਣ ਲਈ ਪੁਲੀਸ ਅਧਿਕਾਰੀ ਨੂੰ ਫ਼ੌਰੀ ਮੁਅੱਤਲ ਕੀਤਾ ਜਾਵੇ। ਆਗੂਆਂ ਨੇ ਕੁਝ ਹੋਰ ਪੱਤਰਕਾਰਾਂ ਵੱਲੋਂ ਵੀ ਕੀਤੀਆਂ ਅਜਿਹੀਆਂ ਸ਼ਿਕਾਇਤਾਂ ਦੀ ਵੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੱਤਰਕਾਰ ਆਪਣੀ ਪੇਸ਼ੇਵਰ ਜ਼ਿੰਮੇਵਾਰੀ ਨਿਭਾਉਂਦੇ ਹੋਏ ਜਨਤਕ ਅੰਦੋਲਨਾਂ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਦੀ ਰਿਪੋਰਟਿੰਗ ਕਰਦੇ ਹਨ, ਇਸ ਲਈ ਉਨ੍ਹਾਂ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਮਾਹੌਲ ਦੇਣਾ ਪੁਲੀਸ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਆਗੂਆਂ ਨੇ ਕਿਹਾ ਕਿ ਪੱਤਰਕਾਰਾਂ ਦੀ ਸੁਰੱਖਿਆ, ਸਨਮਾਨ ਅਤੇ ਆਜ਼ਾਦਾਨਾ ਰਿਪੋਰਟਿੰਗ ਦੇ ਹੱਕ ਨਾਲ ਕਿਸੇ ਵੀ ਕੀਮਤ 'ਤੇ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਦਿੱਲੀ ਪੁਲੀਸ ਤੋਂ ਮੰਗ ਕੀਤੀ ਕਿ ਘਟਨਾ ਨਾਲ ਸਬੰਧਿਤ ਸਾਰੇ ਸਬੂਤ ਸੁਰੱਖਿਅਤ ਰੱਖਦਿਆਂ ਮਾਮਲੇ ਦੀ ਸਮਾਂਬੱਧ ਜਾਂਚ ਕੀਤੀ ਜਾਵੇ ਅਤੇ ਦੋਸ਼ ਸਾਬਤ ਹੋਣ 'ਤੇ ਸਬੰਧਿਤ ਅਧਿਕਾਰੀ ਖ਼ਿਲਾਫ਼ ਸਖ਼ਤ ਕਾਨੂੰਨੀ ਤੇ ਵਿਭਾਗੀ ਕਾਰਵਾਈ ਕੀਤੀ ਜਾਵੇ।

ਦਸਮੇਸ਼ ਕਿਸਾਨ ਕਲੱਬ ਵੱਲੋਂ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 3000 ਰੁਪਏ ਕੁਇੰਟਲ ਕਰਨ ਦੀ ਮੰਗ

ਮਾਲੇਰਕੋਟਲਾ, 02 ਅਕਤੂਬਰ: (ਮੁਨਸ਼ੀ ਫ਼ਾਰੂਕ) ਕੇਂਦਰ ਸਰਕਾਰ ਵੱਲੋਂ ਕਣਕ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਕੀਤੇ ਕੇਵਲ 25 ਰੁਪਏ ਦੇ ਮਾਮੂਲੀ ਵਾਧੇ ਨੂੰ ਦਸਮੇਸ਼ ਕਿਸਾਨ ਕਲੱਬ ਮਾਲੇਰਕੋਟਲਾ ਨੇ ਕਿਸਾਨਾਂ ਨਾਲ ਧੋਖਾ ਕਰਾਰ ਦਿੱਤਾ ਹੈ। ਅੱਜ ਕਲੱਬ ਦੇ ਪ੍ਰਧਾਨ ਜਗਦੀਸ਼ ਸਿੰਘ ਘੁੰਮਣ ਦੀ ਪ੍ਰਧਾਨਗੀ ਹੇਠ ਸਥਾਨਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ 'ਚ ਹੋਈ ਮੀਟਿੰਗ ਦੌਰਾਨ ਕਲੱਬ ਆਗੂਆਂ ਨੇ ਕਿਹਾ ਕਿ ਇਹ ਵਾਧਾ ਖੇਤੀ ਲਾਗਤਾਂ @ਚ ਹੋਏ ਭਾਰੀ ਵਾਧੇ ਦੇ ਮੁਕਾਬਲੇ ਕਿਤੇ ਵੀ ਨਹੀਂ ਖੜ੍ਹਦਾ।ਉਨ੍ਹਾਂ ਦੱਸਿਆ ਕਿ ਪਿਛਲੇ ਇੱਕ ਸਾਲ ਦੌਰਾਨ ਡੀਜ਼ਲ 15 ਪ੍ਰਤੀਸਤ, ਖਾਦਾਂ 18 ਪ੍ਰਤੀਸ਼ਤ, ਬੀਜ ਪ੍ਰਤੀਸਤ ਅਤੇ ਖੇਤ ਮਜ਼ਦੂਰੀ 11 ਪ੍ਰਤੀਸਤ ਤੋਂ ਵੱਧ ਮਹਿੰਗੀ ਹੋਈ ਹੈ। ਉਨ੍ਹਾਂ ਦਾਅਵਾ ਕੀਤਾ ਗਿਆ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਖੇਤੀ ਲਾਗਤ ਲਗਭਗ 40 ਪ੍ਰਤੀਸਤ ਵਧੀ ਹੈ, ਜਦਕਿ ਜਿਣਸਾਂ ਦੀ ਐਮਐਸਪੀ @ਚ ਸਿਰਫ਼ 11 ਪ੍ਰਤੀਸਤ ਵਾਧਾ ਹੋਇਆ ਹੈ। ਕਲੱਬ ਮੁਤਾਬਕ ਖੇਤੀ ਲਾਗਤ ਤੇ ਮੁੱਲ ਕਮਿਸ਼ਨ ਦੇ ਫਾਰਮੂਲੇ ਨਾਲ ਵੀ ਕਣਕ ਦੀ ਲਾਗਤ 2850 ਰੁਪਏ ਪ੍ਰਤੀ ਕੁਇੰਟਲ ਬਣਦੀ ਹੈ।ਕਿਸਾਨ ਕਲੱਬ ਨੇ ਮੰਗ ਕੀਤੀ ਕਿ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਿਸ਼ਾਂ ਮੁਤਾਬਕ ਕਣਕ ਦਾ ਸਮੱਰਥਨ ਮੁੱਲ 3000 ਰੁਪਏ ਕੀਤਾ ਜਾਵੇ ਅਤੇ ਡੀਜ਼ਲ, ਖਾਦ ਤੇ ਬੀਜ ਤੋਂ ਜੀਐਸਟੀ ਹਟਾ ਕੇ ਸਬਸਿਡੀ ਵਧਾਈ ਜਾਵੇ।ਸਾਰੀਆਂ 23 ਫ਼ਸਲਾਂ ਦੀ ਐਮਐਸਪੀ @ਤੇ ਖਰੀਦ ਦੀ ਕਾਨੂੰਨੀ ਗਾਰੰਟੀ ਦਿੱਤੀ ਜਾਵੇ।ਕਿਸਾਨ ਕਲੱਬ ਨੇ ਇਕ ਮਤੇ ਰਾਹੀਂ ਪਿਛਲੇ ਸੱਤਰ ਸਾਲਾਂ ਤੋਂ ਪਿਛਲੀਆਂ ਸਰਕਾਰਾਂ ਵੱਲੋਂ ਨਹਿਰੀ ਪਾਣੀ ਤੋਂ ਵਾਂਝੇ ਰੱਖੇ ਜ਼ਿਲ੍ਹਾ ਮਾਲੇਰਕੋਟਲਾ ਦੇ ਖੇਤਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਰ ਖੇਤ ਤੱਕ ਨਹਿਰੀ ਪਾਣੀ ਆਉਣ ਨਾਲ ਮਾਲੇਰਕੋਟਲਾ ਇਲਾਕੇ 'ਚ ਧਰਤੀ ਹੇਠਲੇ ਪਾਣੀ ਦਾ ਕਈ ਕਈ ਫੁੱਟ ਪੱਧਰ ਉਪਰ ਆ ਗਿਆ ਹੈ। ਮੀਟਿੰਗ ਵਿਚ ਪ੍ਰਧਾਨ ਜਗਦੀਸ਼ ਸਿੰਘ ਘੁੰਮਣ ਦੇ ਨਾਲ ਪ੍ਰਿੰਸੀਪਲ ਗੁਰਪਰੀਤ ਸਿੰਘ ਜਵੰਧਾ, ਸਰਪੰਚ ਯੂਨੀਅਨ ਦੇ ਪ੍ਰਧਾਨ ਨਰੇਸ਼ ਕੁਮਾਰ ਨਾਰੀਕੇ, ਪ੍ਰਿੰਸੀਪਲ ਬਲਜੀਤ ਸਿੰਘ ਟਿਵਾਣਾ, ਲਖਵੀਰ ਸਿੰਘ ਸਰਵਰਪੁਰ, ਅਮਰਜੀਤ ਸਿੰਘ ਭੈਣੀ, ਬਹਾਦਰ ਸਿੰਘ ਭੂਦਨ, ਸਾਬਕਾ ਚੇਅਰਮੈਨ ਕਰਨੈਲ ਸਿੰਘ ਠੁੱਲੀਵਾਲ, ਮਨਧੀਰ ਸਿੰਘ ਝੱਲ, ਗਿਆਨੀ ਅਵਤਾਰ ਸਿੰਘ ਬਧੇਸਾ ਅਤੇ ਸਾਹਿਬ ਸਿੰਘ ਬੁੰਗਾ ਆਦਿ ਆਗੂ ਵੀ ਮੌਜੂਦ ਸਨ।

ਵਿਦੇਸ਼ ਭੇਜਣ ਦੇ ਨਾਅ ਠੱਗੀ ਮਾਰਨ ਦੇ ਦੋਸ਼ ਹੇਠ ਇੱਕ ਮਹਿਲਾ ਸਮੇਤ ਚਾਰ ਜਣਿਆਂ ਤੇ ਕੇਸ ਦਰਜ

ਢਿੱਲਵਾਂ4 ਅਕਤੂਬਰ (ਹਰਜਿੰਦਰ ਸਿੰਘ ਢਿੱਲਵਾਂ) ਵਿਦੇਸ਼ ਭੇਜਣ ਦੇ ਨਾਂ ਤੇ ਠੱਗੀ ਮਾਰਨ ਦੇ ਦੋਸ਼ ਹੇਠ ਥਾਣਾ ਢਿੱਲਵਾਂ ਦੀ ਪੁਲਿਸ ਨੇ ਇੱਕ ਮਹਿਲਾ ਸਮੇਤ ਚਾਰ ਜਣਿਆਂ ਦੇ ਵਿਰੁੱਧ ਮਾਮਲਾ ਦਰਜ ਕੀਤਾ ਹੈ, ਥਾਣਾ ਮੁਖੀ ਢਿੱਲਵਾਂ ਜਸਦੀਪ ਸਿੰਘ , ਸਬ ਇੰਸਪੈਕਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਇਹ ਮੁਕੱਦਮਾ ਬਰ-ਦਰਖਾਸਤ ਨੰਬਰੀ 916-ਐਸ ਪੀ ਸੀ 23-12-2025 ਵੱਲੋਂ ਮੰਜੂ ਪਤਨੀ ਬੂਟਾ ਰਾਮ ਵਾਸੀ ਰਾਏਪੁਰ ਅਰਾਈਆਂ ਥਾਣਾ ਢਿਲਵਾਂ ਬਾਬਤ ਸਾਲ 2024 ਵਿੱਚ ਉਸਦੇ ਬੇਟੇ ਅਤੇ ਨੂੰਹ ਨੂੰ ਵਿਦੇਸ਼ ਇੰਗਲੈਂਡ ਭੇਜਣ ਬਦਲੇ 37 ਲੱਖ 60 ਹਜਾਰ ਦੀ ਗੱਲਬਾਤ ਸਬੰਧੀ ਠੱਗੀ ਮਾਰਨ ਸਬੰਧੀ ਬਾਅਦ ਇੰਨਕੁਆਰੀ ਉਪ ਕਪਤਾਨ ਕਪੂਰਥਲਾ ਵੱਲੋ ਅਮਨਦੀਪ ਸੱਭਰਵਾਲ ਪੁੱਤਰ ਸੋਹਣ ਲਾਲ, ਗੀਨਾ ਪਤਨੀ ਅਮਨਦੀਪ ਸੱਭਰਵਾਲ ਰੂਬੀ ਪੁੱਤਰ ਸੋਹਣ ਲਾਲ ਵਾਸੀਆਨ ਚੂਹੇ ਥਾਣਾ ਨੂਰਮਹਿਲ ਜਿਲਾ ਜਲੰਧਰ, ਮਨੀ ਗਿੱਲ ਪੁੱਤਰ ਡੇਵਿਡ ਮਸੀਹ ਵਾਸੀ ਨਕੋਦਰ ਵਿਰੁੱਧ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ , ਇਸ ਮਾਮਲੇ ਦੀ ਇਨਕੁਆ ਇਰੀ ਸਬ ਇੰਸਪੈਕਟਰ ਕੁਲਦੀਪ ਸਿੰਘ ਵੱਲੋਂ ਕੀਤੀ ਜਾ ਰਹੀ ਹੈ

ਧੰਨ ਮਾਈ ਦੇਸਾਂ ਜੀ ਦੇ ਪਵਿੱਤਰ ਅਸਥਾਨ 'ਤੇ ਨਤਮਸਤਕ ਹੋਏ ਐਡਵੋਕੇਟ ਲੇਖਪ੍ਰੀਤ ਸਿੰਘ ਵਿੱਕੀ

• ਲੋਕਾਂ ਵੱਲੋਂ ਮਿਲ ਰਹੇ ਪਿਆਰ ਤੇ ਸਤਿਕਾਰ ਲਈ ਐਡਵੋਕੇਟ ਵਿੱਕੀ ਨੇ ਕੀਤਾ ਧੰਨਵਾਦ

ਭੁੱਚੋ ਮੰਡੀ, 4 ਅਕਤੂਬਰ (ਚਰਨਜੀਤ ਖੁਰਮੀ)- ਵਿਧਾਨ ਸਭਾ ਹਲਕਾ ਭੁੱਚੋ ਮੰਡੀ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸੰਭਾਵੀ ਉਮੀਦਵਾਰ ਐਡਵੋਕੇਟ ਲੇਖਪ੍ਰੀਤ ਸਿੰਘ ਵਿੱਕੀ ਨੇ ਅੱਜ ਪਿੰਡ ਚੱਕ ਫਤਿਹ ਸਿੰਘ ਵਾਲਾ ਵਿਖੇ ਸਥਿਤ ਧੰਨ ਮਾਈ ਦੇਸਾਂ ਜੀ ਦੇ ਪਵਿੱਤਰ ਅਸਥਾਨ 'ਤੇ ਆਪਣੇ ਪਰਿਵਾਰ ਸਮੇਤ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਐਡਵੋਕੇਟ ਲੇਖਪ੍ਰੀਤ ਸਿੰਘ ਵਿੱਕੀ ਵੱਲੋਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਵੱਲੋਂ ਉਨ੍ਹਾਂ ਨੂੰ ਲਗਾਤਾਰ ਪਿਆਰ ਅਤੇ ਸਤਿਕਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਉਮੀਦਾਂ ਨੂੰ ਜਾਣਨ ਲਈ ਉਹ ਲਗਾਤਾਰ ਪਿੰਡਾਂ ਦਾ ਦੌਰਾ ਕਰ ਰਹੇ ਹਨ। ਐਡਵੋਕੇਟ ਵਿੱਕੀ ਨੇ ਕਿਹਾ ਕਿ ਲੋਕਾਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਪ੍ਰਤੀ ਭਰੋਸਾ ਪ੍ਰਗਟਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਸਬੰਧੀ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਮਿਲ ਰਹੇ ਪਿਆਰ, ਸਤਿਕਾਰ ਅਤੇ ਸਹਿਯੋਗ ਲਈ ਉਹ ਸਮੂਹ ਪਿੰਡ ਵਾਸੀਆਂ ਦੇ ਦਿਲੋਂ ਧੰਨਵਾਦੀ ਹਨ। ਐਡਵੋਕੇਟ ਲੇਖਪ੍ਰੀਤ ਸਿੰਘ ਵਿੱਕੀ ਨੇ ਕਿਹਾ ਕਿ ਉਹ ਆਉਣ ਵਾਲੇ ਸਮੇਂ ਦੌਰਾਨ ਵੀ ਪਾਰਟੀ ਵਰ

ਵਿਗਿਆਨ ਕਿਵੇਂ ਬਣਾ ਸਕਦਾ ਹੈ ਭਾਰਤ ਦੇ ਜੈਵਲਿਨ ਚੈਂਪੀਅਨਾਂ ਨੂੰ ਤਾਕਤਵਰ: ਪੰਜਾਬੀ ਯੂਨੀਵਰਸਿਟੀ ਦੀ ਖੋਜ

ਪਟਿਆਲਾ, 4 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਪੰਜਾਬੀ ਯੂਨੀਵਰਸਿਟੀ ਦੇ ਇੱਕ ਖੋਜ ਅਧਿਐਨ ਨੇ ਭਾਰਤ ਦੇ ਚੋਟੀ ਦੇ ਜੈਵਲਿਨ ਖਿਡਾਰੀਆਂ ਦੀ ਸਰੀਰਕ ਹਿਲਜੁਲ (ਮੂਵਮੈਂਟਸ) ਦੇ ਭੇਤ ਨੂੰ ਸੁਲਝਾਇਆ ਹੈ, ਜਿਸ ਤੋਂ ਪਤਾ ਲੱਗਦਾ ਹੈ ਕਿ ਕਿਵੇਂ ਵਿਗਿਆਨਕ ਸਿਖਲਾਈ ਚੈਂਪੀਅਨਸ਼ਿਪ ਜਿੱਤਣ ਵਾਲੇ ਥ੍ਰੋਅਰ ਤਿਆਰ ਕਰ ਸਕਦੀ ਹੈ। ਯੂਨੀਵਰਸਿਟੀ ਦੇ ਸਰੀਰਕ ਸਿੱਖਿਆ ਵਿਭਾਗ ਵਿੱਚ ਇਹ ਅਧਿਐਨ ਖੋਜਾਰਥੀ ਡਾ. ਸੀਮਾ ਰਾਣੀ ਵੱਲੋਂ ਪ੍ਰੋ. ਨਿਸ਼ਾਨ ਸਿੰਘ ਦਿਓਲ ਦੀ ਅਗਵਾਈ ਹੇਠ ਕੀਤਾ ਗਿਆ ਹੈ।

ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਖੋਜਾਰਥੀ ਅਤੇ ਨਿਗਰਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਖੋਜ ਕਾਰਜ ਦਰਸਾਉਂਦਾ ਹੈ ਕਿ ਯੂਨੀਵਰਸਿਟੀ ਦੀ ਖੋਜ ਕਿਵੇਂ ਕਲਾਸਰੂਮ ਤੋਂ ਬਾਹਰ ਨਿਕਲ ਕੇ ਖੇਡ ਦੇ ਮੈਦਾਨ ਤੱਕ ਪਹੁੰਚ ਸਕਦੀ ਹੈ। ਉਨ੍ਹਾਂ ਕਿਹਾ ਕਿ ਵਿਗਿਆਨਕ ਸਿਖਲਾਈ ਰਾਹੀਂ ਖਿਡਾਰੀਆਂ ਦੀ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ ਅਤੇ ਪੰਜਾਬੀ ਯੂਨੀਵਰਸਿਟੀ ਖੇਡਾਂ ਸਮੇਤ ਹਰੇਕ ਖੇਤਰ ਵਿੱਚ ਉੱਚ-ਪੱਧਰੀ ਖੋਜ ਕਾਰਜਾਂ ਨੂੰ ਉਤਸ਼ਾਹਿਤ ਕਰਨ ਲਈ ਹਮੇਸ਼ਾ ਵਚਨਬੱਧ ਹੈ।ਖੋਜਾਰਥੀ ਡਾ. ਸੀਮਾ ਰਾਣੀ ਨੇ ਦੱਸਿਆ ਕਿ ਜਦੋਂ ਖੇਡ ਪ੍ਰੇਮੀ ਕਿਸੇ ਅਥਲੀਟ ਨੂੰ ਰਨਵੇਅ @ਤੇ ਦੌੜਦੇ ਹੋਏ ਅਤੇ ਆਸਮਾਨ ਵਿੱਚ ਨੇਜ਼ਾ (ਜੈਵਲਿਨ) ਲਹਿਰਾਉਂਦੇ ਦੇਖਦੇ ਹਨ, ਤਾਂ ਇਹ ਥ੍ਰੋਅ ਪੂਰੀ ਤਰ੍ਹਾਂ ਕੁਦਰਤੀ ਹੁਨਰ ਜਾਪਦਾ ਹੈ ਪਰ ਰਿਕਾਰਡ ਤੋੜਨ ਵਾਲੀਆਂ ਇਨ੍ਹਾਂ ਦੂਰੀਆਂ ਦੇ ਪਿੱਛੇ ਸਟੀਕ ਵਿਗਿਆਨ ਛੁਪਿਆ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਖੋਜ ਦੌਰਾਨ ਅਭਿਆਸ ਦੇ ਮੈਦਾਨ @ਤੇ ਹਾਈ-ਟੈਕ ਵੀਡੀਓ ਟੂਲ ਲਗਾ ਕੇ ਉਨ੍ਹਾਂ ਪਲਾਂ ਦੀ ਪੜਚੋਲ ਕੀਤੀ ਗਈ ਜਿਨ੍ਹਾਂ ਨੂੰ ਮਨੁੱਖੀ ਅੱਖ ਇੱਕ ਸਕਿੰਟ ਦੇ ਛੋਟੇ ਹਿੱਸੇ ਵਿੱਚ ਨਹੀਂ ਦੇਖ ਸਕਦੀ। ਉਨ੍ਹਾਂ ਦੱਸਿਆ ਕਿ ਜੈਵਲਿਨ ਸੁੱਟਣਾ ਅੱਖ ਝਪਕਣ ਜਿੰਨੇ ਸਮੇਂ ਵਿੱਚ ਪੂਰਾ ਹੋ ਜਾਂਦਾ ਹੈ। ਥ੍ਰੋਅ ਛੱਡਣ ਦੇ ਦੌਰਾਨ ਕੀ ਹੁੰਦਾ ਹੈ, ਇਹ ਦੇਖਣ ਲਈ ਵਿਸ਼ੇਸ਼ ਕੈਮਰਿਆਂ ਅਤੇ ਵੀਡੀਓ ਸਾਫ਼ਟਵੇਅਰ ਦੀ ਵਰਤੋਂ ਕੀਤੀ ਗਈ। ਸਿਰਫ਼ ਅੰਦਾਜ਼ਾ ਲਗਾਉਣ ਦੀ ਬਜਾਏ, ਤਕਨਾਲੋਜੀ ਨੇ ਥ੍ਰੋਅਰਾਂ ਨੂੰ ਸਿਰ ਤੋਂ ਲੈ ਕੇ ਪੈਰਾਂ ਤੱਕ ਟਰੈਕ ਕੀਤਾ, ਜਿਸ ਨਾਲ਼ ਇਹ ਜਾਂਚਿਆ ਗਿਆ ਕਿ ਹਰ ਜੋੜ ਕਿਵੇਂ ਮੁੜਦਾ ਹੈ। ਹੱਥੋਂ ਛੁੱਟਣ ਵੇਲੇ ਨੇਜ਼ੇ ਦੇ ਰਸਤੇ ਨੂੰ ਮਾਪਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਨਾਲ ਗਿੱਟੇ, ਗੋਡੇ, ਕੁੱਲ੍ਹੇ, ਮੋਢੇ ਅਤੇ ਕੂਹਣੀ ਦੇ ਸਟੀਕ ਕੋਣਾਂ ਦੇ ਨਾਲ-ਨਾਲ ਬਾਂਹ ਦੀ ਗਤੀ (ਸਪੀਡ) ਨੂੰ ਵੀ ਦੇਖਣ ਵਿੱਚ ਮਦਦ ਮਿਲੀ।ਪ੍ਰੋ. ਨਿਸ਼ਾਨ ਸਿੰਘ ਦਿਓਲ ਨੇ ਦੱਸਿਆ ਕਿ ਇਸ ਅਧਿਐਨ ਵਿੱਚ ਭਾਰਤ ਦੇ ਪੰਜ ਸਰਵੋਤਮ ਅੰਤਰਰਾਸ਼ਟਰੀ ਥ੍ਰੋਅਰਜ਼ ਨੂੰ ਸ਼ਾਮਲ ਕੀਤਾ ਗਿਆ, ਜਿਸ ਵਿੱਚ ਓਲੰਪਿਕ ਚੈਂਪੀਅਨ ਨੀਰਜ ਚੋਪੜਾ ਮੁੱਖ ਕੇਂਦਰ ਬਿੰਦੂ ਰਹੇ। ਚੋਪੜਾ ਦੀ ਤਕਨੀਕ ਦੀ ਜਾਂਚ ਕਰਦੇ ਸਮੇਂ, ਖੋਜ ਨੇ ਉਨ੍ਹਾਂ ਦੀ ਵਿਸ਼ਵ ਪੱਧਰੀ ਸਫਲਤਾ ਦੇ ਪਿੱਛੇ ਕਾਰਜਸ਼ੀਲ ਅਹਿਮ ਤੱਤ ਲੱਭੇ। ਉਨ੍ਹਾਂ ਦੱਸਿਆ ਕਿ ਜਦੋਂ ਕੋਈ ਥ੍ਰੋਅਰ ਪੂਰੀ ਗਤੀ ਨਾਲ ਦੌੜ ਕੇ ਆਉਂਦਾ ਹੈ, ਤਾਂ ਉਨ੍ਹਾਂ ਨੂੰ ਅਚਾਨਕ ਆਪਣੇ ਮੋਹਰੀ ਪੈਰ ਨੂੰ ਜ਼ਮੀਨ @ਤੇ ਜਮਾਉਣਾ ਪੈਂਦਾ ਹੈ, ਜੋ ਕਿ ਇੱਕ ਅਚਾਨਕ ਲੱਗੀ ਬ੍ਰੇਕ ਵਾਂਗ ਕੰਮ ਕਰਦਾ ਹੈ। ਅਧਿਐਨ ਦੌਰਾਨ ਸਾਹਮਣੇ ਆਇਆ ਕਿ ਇਸ ਪ੍ਰਕਿਰਿਆ ਦੌਰਾਨ ਚੋਪੜਾ ਦਾ ਮਜ਼ਬੂਤ ਅਤੇ ਸਥਿਰ ਗੋਡਾ ਉਨ੍ਹਾਂ ਦੀ ਅਗਲੀ ਗਤੀ ਨੂੰ ਰੋਕਦਾ ਹੈ ਅਤੇ ਉਸ ਪੂਰੀ ਊਰਜਾ ਦੀ ਲਹਿਰ ਨੂੰ ਸਰੀਰ ਰਾਹੀਂ ਸਿੱਧਾ ਨੇਜ਼ੇ ਵੱਲ ਭੇਜ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਇਹ ਸਾਹਮਣੇ ਆਇਆ ਕਿ ਜਿੱਥੇ ਕਈ ਥ੍ਰੋਅਰ ਆਪਣੀ ਬਾਂਹ ਜਾਂ ਗੁੱਟ ਨੂੰ ਬਹੁਤ ਜਲਦੀ ਹਿਲਾ ਕੇ ਤਾਕਤ ਗੁਆ ਦਿੰਦੇ ਹਨ, ਉੱਥੇ ਹੀ ਚੋਪੜਾ ਆਪਣੇ ਪੂਰੇ ਸਰੀਰ ਨੂੰ ਇੱਕ ਨਿਰਵਿਘਨ ਅਤੇ ਜੁੜੀ ਹੋਈ ਲੜੀ ਵਜੋਂ ਤਾਲਮੇਲ ਵਿੱਚ ਰੱਖਦੇ ਹਨ। ਉਨ੍ਹਾਂ ਦੱਸਿਆ ਕਿ ਇਸ ਖੋਜ ਵਿੱਚ ਸਾਥੀ ਅੰਤਰਰਾਸ਼ਟਰੀ ਸਿਤਾਰਿਆਂ ਰੋਹਿਤ ਯਾਦਵ, ਦਵਿੰਦਰ ਸਿੰਘ ਕੰਗ, ਰਵਿੰਦਰ ਸਿੰਘ ਖਹਿਰਾ ਅਤੇ ਅਰਸ਼ਦੀਪ ਸਿੰਘ ਦਾ ਵੀ ਮੁਲਾਂਕਣ ਕੀਤਾ ਗਿਆ। ਨਤੀਜਿਆਂ ਨੇ ਦਿਖਾਇਆ ਕਿ ਜਦੋਂ ਕਿ ਬਾਂਹ ਦੀ ਮੂਲ ਗਤੀ ਮਹੱਤਵਪੂਰਨ ਹੁੰਦੀ ਹੈ, ਉੱਥੇ ਹੀ ਉਹ ਕੋਣ ਵੀ ਵਿਸ਼ੇਸ਼ ਅਹਿਮੀਅਤ ਰਖਦਾ ਜਿਸ @ਤੇ ਜੈਵਲਿਨ ਹੱਥੋਂ ਛੁੱਟਦਾ ਹੈ ਅਤੇ ਥ੍ਰੋਅ ਦੌਰਾਨ ਲੱਤਾਂ ਦੀ ਸਥਿਰਤਾ ਸਭ ਤੋਂ ਵੱਡਾ ਫ਼ਰਕ ਪੈਦਾ ਕਰਦੀ ਹੈ।

ਫਰੈਂਡਜ ਹੈਂਡੀਕੈਪਡ ਵੈਲਫੇਅਰ ਸੁਸਾਇਟੀ ਵਲੋਂ ਦਿਵਿਆਂਗਾਂ ਅਤੇ ਬਜ਼ੁਰਗਾਂ ਨੂੰ ਮੁਫ਼ਤ ਸਾਮਾਨ ਵੰਡਣ ਲਈ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ

ਮਾਲੇਰਕੋਟਲਾ 4 ਅਕਤੂਬਰ (ਮੁਨਸ਼ੀ ਫ਼ਾਰੂਕ) ਸ਼ਹਿਰ ਦੀ ਪ੍ਰਸਿਧ ਫਰੈਂਡਜ ਹੈਂਡੀਕੈਪਡ ਵੈਲਫੇਅਰ ਸੁਸਾਇਟੀ (ਰਜਿ) ਵਲੋਂ ਦਿਵਿਅੰਗ ਅਤੇ ਬਜ਼ੁਰਗਾ ਤੇ ਦਿਵਿਅੰਗ ਵਿਅਕਤੀਆਂ ਨੂੰ ਮੁਫ਼ਤ ਵਹੀਲ ਚੇਅਰ, ਮੁਫ਼ਤ ਕਮੋਡ ਵਾਲ਼ੀ ਕੁਰਸੀ, ਮੁਫ਼ਤ ਕੰਨਾਂ ਦੀ ਮਸ਼ੀਨ,ਛੜੀ, ਬਜ਼ੁਰਗਾਂ ਲਈ ਸਰਵਾਇਕਲ ਕਾਲਰ,ਬੈਕ ਬੈਲਟ,ਸੁਪੋਰਟ ਬੈਲਟ,ਗੋਡੀਆਂ ਕੈਪ, ਮੁਫ਼ਤ ਦੇਣ ਲਈ ਸਥਾਨਕ ਕਾਲੀ ਮਾਤਾ ਮੰਦਰ ਵਿਖੇ ਇੱਕ ਕੈਂਪ ਲਗਾਕੇ ਲੋੜ ਬੰਦ ਬਜ਼ੁਰਗਾਂ ਤੇ ਦਿਵਿਅੰਗ ਵਿਅਕਤੀਆਂ ਦੀ ਰਜਿਸਟ੍ਰੇਸ਼ਨ ਕੀਤੀ ਗਈ। ਸੰਸਥਾਂ ਦੀ ਪ੍ਰਧਾਨ ਪ੍ਰਵੀਨ ਨੇ ਦੱਸਿਆ ਕਿ ਅੱਜ ਦੇ ਕੈਂਪ ਵਿੱਚ 250 ਤੋਂ ਵੱਧ ਲੋੜ ਬੰਦ ਬਜ਼ੁਰਗਾਂ,ਦਿਵਿਅੰਗ ਵਿਅਕਤੀਆਂ ਨੇ ਆਪਣੇ ਕਾਗਜਾਤ ਨਾਲ ਰਜਿਸਟ੍ਰੇਸ਼ਨ ਕਰਵਾਈ ਹੈ। ਹੁਣ ਛੇਤੀ ਇਹਨਾਂ ਉਹਨਾਂ ਦੀ ਰਜਿਸਟ੍ਰੇਸ਼ਨ ਅਨੁਸਾਰ ਸਾਮਾਨ ਦਿਤਾ ਜਾਵੇਗਾ।ਇਸ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਸੀਡੀਪੀਓ ਪਵਨ ਕੁਮਾਰ,ਡਾਕਟਰ ਰਾਸ਼ਿਦ,ਸਮਾਜ ਸੇਵੀ ਕਫੀਲ ਪ੍ਰਧਾਨ, ਨੇ ਦੱਸਿਆ ਕਿ ਆਪਣੇ ਲਈ ਤਾਂ ਹਰ ਵਿਅਕਤੀ ਜਿਉਂਦਾ ਹੈ,ਪਰ ਅਜਿਹੇ ਵਿਅਕਤੀ ਜਿਹੜੇ ਕੁਦਰਤ ਵਲੋਂ ਵੀ ਕਿਤੇ ਨਾ ਕਿਤੇ ਲਾਚਾਰ ਹੁੰਦੇ ਹਨ, ਉਹਨਾਂ ਲਈ ਕੁੱਝ ਕਰਨਾ ਜ਼ਿਦੰਗੀ ਦਾ ਸਭ ਤੋਂ ਵੱਡਾ ਕੰਮ ਹੈ। ਫਰੈਂਡਜ ਹੈਡੀਕੈਪਡ ਵੈਲਫੇਅਰ ਸੁਸਾਇਟੀ ਦੀ ਪ੍ਰਧਾਨ ਪ੍ਰਵੀਨ ਵਲੋਂ ਅਪਣੇ ਸਾਥੀਆਂ ਨਾਲ ਇਹਨਾਂ ਵਿਅਕਤੀਆਂ ਲਈ ਕੁਝ ਕਰਨਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਬਦੁਲ ਰਾਉਫ ਸੀ ਏ, ਮਿਉਂਸਪਲ ਕੌਂਸਲਰ ਮੁਨਸ਼ੀ ਫਾਰੂਕ ਅਹਿਮਦ,ਹਰਵਿੰਦਰ ਸਿੰਘ,ਮਿੰਟੂ ਬਾਂਸਲ,ਤਲਹਾ ਫਾਰੂਕੀ, ਮੁਹੰਮਦ ਅਦਰੀਸ, ਮੁਹੰਮਦ ਇਮਰਾਨ,ਆਸਾ ਵਰਕਰਾਂ ਭੋਲੀ ਪ੍ਰਧਾਨ ਨੇ ਸ਼ਿਰਕਤ ਕੀਤੀ।

ਰਣਜੋਧ ਸਿੰਘ ਹਡਾਣਾ ਨੇ ਸਨੌਰ ਹਲਕੇ ਦੀਆਂ ਮੰਡੀਆਂ ਚ ਝੋਨੇ ਦੀ ਸਰਕਾਰੀ ਖ਼ਰੀਦ ਦੇ ਕੀਤੇ ਉਦਘਾਟਨ

ਸਨੌਰ, 4 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਣ ਦੀ ਵਚਨਬੱਧਤਾ ਤਹਿਤ ਅੱਜ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਅਨਾਜ ਮੰਡੀ ਬਲਬੇੜਾ, ਮਰਦਾਹੇੜੀ ਅਤੇ ਪੰਜੋਲਾ ਵਿਖੇ ਝੋਨੇ ਦੀ ਸਰਕਾਰੀ ਖ਼ਰੀਦ ਰਸਮੀ ਤੌਰ 'ਤੇ ਸ਼ੁਰੂ ਕਰਵਾਈ। ਇਸ ਦੌਰਾਨ ਸ. ਹਡਾਣਾ ਨੇ ਮੰਡੀਆਂ ਦਾ ਦੌਰਾ ਕਰਦਿਆਂ ਕਿਸਾਨਾਂ, ਆੜ੍ਹਤੀਆਂ ਅਤੇ ਪੱਲੇਦਾਰਾਂ ਨਾਲ ਗੱਲਬਾਤ ਕੀਤੀ ਅਤੇ ਖ਼ਰੀਦ ਪ੍ਰਬੰਧਾਂ ਸਮੇਤ ਫ਼ਸਲ ਦੀ ਲਿਫ਼ਟਿੰਗ ਦਾ ਜਾਇਜ਼ਾ ਲਿਆ। ਉਨ੍ਹਾਂ ਮੌਕੇ 'ਤੇ ਮੌਜੂਦ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਆਪਣੀ ਜਿਣਸ ਲੈ ਕੇ ਪੁੱਜੇ ਕਿਸਾਨਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ ਅਤੇ ਬਾਰਦਾਨੇ, ਬਿਜਲੀ ਤੇ ਪੀਣ ਵਾਲੇ ਸਾਫ਼ ਪਾਣੀ ਦੇ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਹੈਪੀ ਪਹਾੜੀਪੁਰ ਅਤੇ ਚੇਅਰਮੈਨ ਹਨੀ ਮਾਹਲਾ ਵਿਸ਼ੇਸ਼ ਤੌਰ ਤੇ ਮੌਜੂਦ ਰਹੇ. ਸ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਸੁਚਾਰੂ ਖ਼ਰੀਦ ਅਤੇ ਖ਼ਾਤਿਆਂ ਵਿੱਚ ਸਮੇਂ ਸਿਰ ਅਦਾਇਗੀ ਕਰਨ ਲਈ ਵਚਨਬੱਧ ਹੈ। ਇਸ ਮੌਕੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਤੋਂ ਇਲਾਵਾ ਪ੍ਰਧਾਨ ਕਰਮ ਸਿੰਘ ਬਲਬੇੜਾ, ਪ੍ਰਧਾਨ ਸੁਨੀਲ ਕੁਮਾਰ ਮਰਦਾਹੇੜੀ, ਪ੍ਰਧਾਨ ਕ੍ਰਿਪਾਲ ਸਿੰਘ ਪੰਜੋਲਾ, ਚੇਅਰਮੈਨ ਮਦਨ ਵਰਮਾ, ਗੁਰਮੀਤ ਸਿੰਘ ਪੰਜੋਲਾ ਕੋਆਰਡੀਨੇਟਰ, ਬਲਾਕ ਪ੍ਰਧਾਨ ਗੁਰਪ੍ਰੀਤ ਬਲਬੇੜਾ, ਬਲਾਕ ਪ੍ਰਧਾਨ ਲਵਪ੍ਰੀਤ ਧਾਲੀਵਾਲ, ਮੈਂਬਰ ਬਲਾਕ ਸੰਮਤੀ ਅਮਨਿੰਦਰ, ਸਰਪੰਚ ਸੇਵਾ ਦਾਸ ਸਲੇਮਪੁਰ ਬ੍ਰਾਹਮਣਾ, ਆੜ੍ਹਤੀ ਗੁਰਧਿਆਨ ਪੰਜੋਲਾ, ਆੜ੍ਹਤੀ ਗੁਰਚਰਨ ਸਿੰਘ, ਆੜ੍ਹਤੀ ਹਰੀ ਸ਼ਰਮਾ, ਰਾਮ ਕੁਮਾਰ, ਸਰਪੰਚ ਮਲਕੀਤ ਡੰਡੋਆ, ਸੁਸਾਇਟੀ ਪ੍ਰਧਾਨ ਦੀਪਾ ਡੰਡੋਆ, ਗੁਰਵਿੰਦਰ ਡੰਡੋਆ, ਹਰਮਨ ਚਰਾਸੋਂ, ਸਰਪੰਚ ਰਿੰਕੂ ਚਰਾਸੋਂ, ਗੁਰਮੇਲ ਸਿੰਘ, ਬੰਤ ਸਿੰਘ ਅਤੇ ਗੁਰਪ੍ਰੀਤ ਸ਼ਿੰਘ ਹਾਜ਼ਰ ਸਨ।

ਵਾਤਾਵਰਨ ਨੂੰ ਸੁੰਦਰ ਅਤੇ ਸਾਫ ਸੁਥਰਾ ਰੱਖਣ ਲਈ ਵੱਧ ਤੋਂ ਵੱਧ ਬੂਟੇ ਲਗਾਉਣਾ ਸਮੇਂ ਦੀ ਮੁੱਖ ਲੋੜ :ਸੰਧੂ

ਸਨੌਰ, 4 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਵਾਤਾਵਰਣ ਦੀ ਸੰਭਾਲ ਅਤੇ ਹਰਿਆਵਲ ਲਹਿਰ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਜੇ.ਐੱਨ.ਵੀ. ਪਟਿਆਲਾ ਐਲੂਮਨੀ ਐਸੋਸੀਏਸ਼ਨ ਵੱਲੋਂ ਜਵਾਹਰ ਨਵੋਦਿਆ ਵਿਦਿਆਲਿਆ ਫਤਿਹਪੁਰ ਰਾਜਪੂਤਾਂ ਵਿਖੇ 'ਐਲੂਮਨੀ ਵੁੱਡਸ ਟ੍ਰੇਲ' ਮੁਹਿੰਮ ਤਹਿਤ 500 ਤੋਂ ਵੱਧ ਬੂਟੇ ਲਗਾਏ ਗਏ। ਇਸ ਮੁਹਿੰਮ ਵਿੱਚ ਸਕੂਲ ਦੇ ਪ੍ਰਿੰਸੀਪਲ ਗੁਰਜਿੰਦਰ ਸਿੰਘ, ਸਕੂਲ ਸਟਾਫ਼, ਸਾਬਕਾ ਵਿਦਿਆਰਥੀਆਂ, ਮੌਜੂਦਾ ਵਿਦਿਆਰਥੀਆਂ ਅਤੇ ਐੱਨ.ਸੀ.ਸੀ. ਕੈਡਿਟਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸਕੂਲ ਦੇ ਸਾਬਕਾ ਵਿਦਿਆਰਥੀ ਅਤੇ ਪੰਜਾਬ ਸਰਕਾਰ ਦੇ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਵਾਤਾਵਰਣ ਦੀ ਸੰਭਾਲ ਲਈ ਅਜਿਹੀਆਂ ਮੁਹਿੰਮਾਂ ਨੂੰ ਸਮੇਂ ਦੀ ਲੋੜ ਦੱਸਿਆ। ਐਸੋਸੀਏਸ਼ਨ ਦੇ ਪ੍ਰਧਾਨ ਗੁਰਧਿਆਨ ਸਿੰਘ ਆਲੋਵਾਲ ਨੇ ਕਿਹਾ ਕਿ ਬੂਟੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸਾਂਭ-ਸੰਭਾਲ ਕਰਨਾ ਵੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਮੁਹਿੰਮ ਦੌਰਾਨ ਐਡਵੋਕੇਟ ਆਤਮਜੀਤ ਸਿੰਘ ਕਾਹਲੋਂ, ਅਮਨਦੀਪ ਕੁਮਾਰ ਨੰਦਪੁਰ ਕੇਸ਼ੋ, ਅਮਰਿੰਦਰ ਸਿੰਘ ਧਾਰੀਵਾਲ, ਮਨਦੀਪ ਕੌਰ ਮਾਹਲ, ਮਨਦੀਪ ਕੌਰ ਜੰਜੂਆ, ਰੁਪਿੰਦਰ ਕੌਰ ਨਾਗਰਾ, ਗੁਰਪ੍ਰੀਤ ਸਿੰਘ ਖਹਿਰਾ, ਵਰਿੰਦਰ ਟਾਂਡਾ, ਹਰਵਿੰਦਰ ਸਿੰਘ ਖੁੱਡਾ ਅਤੇ ਨਰਿੰਦਰ ਸਿੰਘ ਰਾਜਪੁਰਾ ਸਮੇਤ ਵੱਡੀ ਗਿਣਤੀ ਵਿੱਚ ਸਾਬਕਾ ਵਿਦਿਆਰਥੀ ਹਾਜ਼ਰ ਸਨ।

ਵਿਧਾਇਕ ਸਿੱਧੂ ਨੇ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਸ਼ਮੂਲੀਅਤ, ਅਗਰਵਾਲ ਧਰਮਸ਼ਾਲਾ ਦੇ ਵਿਕਾਸ ਲਈ 1.21 ਲੱਖ ਰੁਪਏ ਦੇਣ ਦਾ ਐਲਾਨ

ਭਗਤਾ ਭਾਈ, 3 ਅਕਤੂਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ)- ਸ਼ਹਿਰ ਦੀ ਅਗਰਵਾਲ ਧਰਮਸ਼ਾਲਾ ਚੱਲ ਰਹੇ ਸੰਗੀਤਮਈ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੇ ਅੰਤਲੇ ਦਿਨ ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਸ਼ਮ੍ਹਾਂ ਰੌਸ਼ਨ ਕੀਤੀ ਅਤੇ ਸਮਾਗਮ ਦੀਆਂ ਧਾਰਮਿਕ ਗਤੀਵਿਧੀਆਂ ਵਿੱਚ ਹਾਜ਼ਰੀ ਲਵਾਈ। ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਅਗਰਵਾਲ ਧਰਮਸ਼ਾਲਾ ਦੇ ਵਿਕਾਸ ਲਈ 1.21 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਧਰਮਸ਼ਾਲਾ ਨੂੰ ਬਾਜਾਖਾਨਾ-ਬਰਨਾਲਾ ਮੁੱਖ ਸੜਕ ਨਾਲ ਜੋੜਨ ਲਈ ਲੋੜੀਂਦਾ ਕੰਮ ਜਲਦ ਸ਼ੁਰੂ ਕਰਵਾਉਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਧਾਰਮਿਕ ਅਤੇ ਸਮਾਜਿਕ ਸਮਾਗਮ ਲੋਕਾਂ ਨੂੰ ਆਪਸੀ ਭਾਈਚਾਰੇ, ਸਾਂਝ ਅਤੇ ਸੇਵਾ ਦੀ ਭਾਵਨਾ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਅਗਰਵਾਲ ਧਰਮਸ਼ਾਲਾ ਇਲਾਕੇ ਦੀਆਂ ਧਾਰਮਿਕ ਤੇ ਸਮਾਜਿਕ ਗਤੀਵਿਧੀਆਂ ਦਾ ਅਹਿਮ ਕੇਂਦਰ ਹੈ। ਇਸ ਦੇ ਵਿਕਾਸ ਨਾਲ ਇੱਥੇ ਆਉਣ ਵਾਲੀ ਸੰਗਤ ਅਤੇ ਇਲਾਕਾ ਵਾਸੀਆਂ ਨੂੰ ਹੋਰ ਸਹੂਲਤ ਮਿਲੇਗੀ। ਧਰਮਸ਼ਾਲਾ ਨੂੰ ਮੁੱਖ ਸੜਕ ਨਾਲ ਜੋੜਨ ਵਾਲੇ ਕੰਮ ਨੂੰ ਵੀ ਤਰਜੀਹ ਦੇ ਆਧਾਰ 'ਤੇ ਅੱਗੇ ਵਧਾਇਆ ਜਾਵੇਗਾ। ਜ਼ਿਕਰਯੋਗ ਹੈ ਕਿ ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਅਤੇ ਲੋਕਾਂ ਦੀਆਂ ਸਥਾਨਕ ਸਮੱਸਿਆਵਾਂ ਦੇ ਹੱਲ ਲਈ ਅਧਿਕਾਰੀਆਂ ਨਾਲ ਤਾਲਮੇ